ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

## Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

You Tube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਐਤਵਾਰ, 13 ਸਤੰਬਰ 2026 (ਨਾਨਕਸ਼ਾਹੀ ਸੰਮਤ : ੫੫੮, ੨੮ ਭਾਦੋਂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਅਤੇ
ਧੰਨ-ਧੰਨ ਮਾਤਾ ਸਹਿਬ ਕੌਰ ਜੀ ਦੇ ਜਨਮ ਦਿਵਸ ਨੂੰ ਸਮਰਪਿਤ

# 30ਵਾਂ
# ਸਲਾਨਾ ਗੁਰਮਤਿ ਸਮਾਗਮ



ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

## ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ)

(ਬੱਕਰਾਂ ਦੇ ਹਾਈ ਕੋਰਟ)

## ਮਿਤੀ 1 ਨਵੰਬਰ 2026 ਦਿਨ ਐਤਵਾਰ

ਨੂੰ ਸ਼੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ।

ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਮੈਂਬਰ ਸ਼੍ਰੋਮਣੀ ਕਮੇਟੀ, ਨਿਰਮਲੇ, ਉਦਾਸੀ, ਧਾਰਮਿਕ, ਸੰਯੁਕਤ ਕਿਸਾਨ ਮੋਰਚੇ ਦੇ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਪੰਥਕ ਅਕਾਲੀ ਦਲ ਭਾਰਤ ਅਤੇ ਯੂ.ਕੇ. ਦੇ ਸਮੂਹ ਅਹੁਦੇਦਾਰ, ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

ਸਭ ਨੂੰ ਬੇਨਤੀ ਹੈ ਕਿ ਪਰਿਵਾਰਾਂ ਸਮੇਤ ਵੱਧ ਤੋਂ ਵੱਧ ਸੰਗਤਾਂ ਲੈ ਕੇ ਸਮਾਗਮਾਂ ਵਿੱਚ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

ਆਵਾਜ਼ਿ ਕੌਮ AWAZE QAUM International Newspaper & WEB TV

**ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।**



## 30 ਅਕਤੂਬਰ 2026 ਦਿਨ ਸ਼ੁੱਕਰਵਾਰ

ਅਰੰਭ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

## 1 ਨਵੰਬਰ 2026 ਦਿਨ ਐਤਵਾਰ ਨੂੰ

ਭੋਗ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ
ਸ਼ਾਮ 3-00 ਵਜੇ ਤੱਕ ਦੀਵਾਨ ਸਜਣਗੇ।

ਨੋਟ :- 20 ਅਕਤੂਬਰ ਤੋਂ 1 ਨਵੰਬਰ ਤੱਕ 13 ਦਿਨ ਸਮਾਗਮ ਚੱਲੇਗਾ।

## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ



ਮੁੱਖ ਬੁਲਾਰਾ ਅੰਤਰਰਾਸ਼ਟਰੀ ਪੰਥਕ ਅਕਾਲੀ ਦਲ
ਮੈਂਬਰ ਐਸ.ਜੀ.ਪੀ.ਸੀ.
ਮੋ: 98141-27470, 73408-35137


ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ
ਅੰਮ੍ਰਿਤਸਰ
6.6.1984
Shaheedi
Sri Darbar Sahib
Amritsar



www.damdamitaksal.net

Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

ਪੜੀਐ ਸਬਦੁ ਸਚੀ ਟਕਸਾਲ ॥
ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net

ਨਾਮ ਜਪੋ
ਕਿਰਤ ਕਰੋ
ਵੰਡ ਛਕੋ

Naam Japo
Kirat Karo
Vand Shako

ਵਾਹਿਗੁਰੂ ਜੀ ਕਾ ਖਾਲਸਾ॥
ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA
WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka
www.damdamitaksal.net

ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਬੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

ਦੇਗ ਤੇਗ ਫ਼ਤਿਹ – ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

## ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ
ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

**1 ਨਵੰਬਰ 2026, ਦਿਨ ਐਤਵਾਰ ਨੂੰ**

ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ
ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ

**ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470**

ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137

ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ

ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ

ਸੰਪਰਕ ਨੰਬਰ
84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7I

awazeqaumtvpunjab@gmail.com

ਐਤਵਾਰ, 13 ਸਤੰਬਰ 2026 (ਨਾਨਕਸ਼ਾਹੀ ਸੰਮਤ : ੫੫੮, ੨੮ ਭਾਦੋਂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਪੰਜਾਬ 'ਚ ਸਵਾਈਨ ਫਲੂ ਦਾ ਖ਼ਤਰਾ ਵਧਿਆ !

**ਲੁਧਿਆਣਾ, 12 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ 'ਚ ਸਵਾਈਨ ਫਲੂ (ਐੱਚ1ਐੱਨ1) ਦੇ ਵੱਧ ਰਹੇ ਮਾਮਲਿਆਂ ਦਰਮਿਆਨ ਹੁਣ ਪਾਇਲ ਇਲਾਕੇ 'ਚ ਵੀ ਇਸ ਨੇ ਦਸਤਕ ਦੇ ਦਿੱਤੀ ਹੈ। ਪਾਇਲ ਇਲਾਕੇ ਨਾਲ ਸਬੰਧਿਤ ਇੱਕ ਮਰੀਜ਼ 'ਚ ਸਵਾਈਨ ਫਲੂ ਦੀ ਪੁਸ਼ਟੀ ਹੋਣ ਦੀ ਜਾਣਕਾਰੀ ਸਾਹਮਣੇ ਆਈ ਹੈ, ਜੋ ਇਸ ਸਮੇਂ ਲੁਧਿਆਣਾ ਦੇ ਡੀ.ਐੱਮ.ਸੀ. ਹਸਪਤਾਲ ਵਿਖੇ ਜੇਰੇ ਇਲਾਜ ਹੈ। ਸਿਹਤ ਵਿਭਾਗ ਅਨੁਸਾਰ ਮਰੀਜ਼ ਦੀ ਹਾਲਤ ਹੁਣ ਠੀਕ ਦੱਸੀ ਜਾ ਰਹੀ ਹੈ ਅਤੇ ਉਸ ਦੀ ਉਮਰ ਲਗਭਗ 40 ਤੋਂ 50 ਸਾਲ ਦੇ ਵਿਚਕਾਰ ਹੈ। ਖਾਸ ਗੱਲ ਇਹ ਹੈ ਕਿ ਮਰੀਜ਼ ਦੇ ਆਲੇ-ਦੁਆਲੇ ਕਿਸੇ ਹੋਰ ਬੁਖਾਰ ਪੀੜਤ ਵਿਅਕਤੀ ਦਾ ਮਾਮਲਾ ਸਾਹਮਣੇ ਨਹੀਂ ਆਇਆ। ਪਾਇਲ ਦੇ ਸੀਨੀਅਰ ਮੈਡੀਕਲ ਅਫ਼ਸਰ ਡਾ. ਹਰਵਿੰਦਰ ਸਿੰਘ ਨੇ ਦੱਸਿਆ ਕਿ ਮਰੀਜ਼ ਦੀ ਸਿਹਤ ਹੁਣ ਸਥਿਰ ਹੈ। ਉਨ੍ਹਾਂ ਦੱਸਿਆ ਕਿ ਇਸ ਤੋਂ ਪਹਿਲਾਂ ਵੀ ਪਿੰਡ ਮੰਡਿਆਲਾ ਕਲਾਂ ਨਾਲ ਸਬੰਧਿਤ ਇੱਕ ਮਾਮਲਾ ਸਾਹਮਣੇ ਆਇਆ ਸੀ, ਪਰ ਉਹ ਵਿਅਕਤੀ ਮਾਈਗ੍ਰੇਟ ਸੀ ਅਤੇ ਕੁੱਝ ਦਿਨ ਪਹਿਲਾਂ ਹੀ ਇਲਾਕੇ 'ਚ ਆ ਕੇ ਰਹਿਣ ਲੱਗਾ ਸੀ। ਸਿਹਤ ਤੇ ਪਰਿਵਾਰ ਭਲਾਈ ਵਿਭਾਗ ਵੱਲੋਂ ਜਾਰੀ ਅੰਕੜਿਆਂ ਅਨੁਸਾਰ ਪੰਜਾਬ 'ਚ ਸਵਾਈਨ ਫਲੂ (ਐੱਚ1ਐੱਨ1) ਦੇ ਮਾਮਲਿਆਂ 'ਚ ਵਾਧਾ ਦਰਜ ਕੀਤਾ ਜਾ ਰਿਹਾ ਹੈ। ਹੁਣ ਤੱਕ ਸੂਬੇ 'ਚ 1723 ਸ਼ੱਕੀ ਮਰੀਜ਼ਾਂ ਦੀ ਪਛਾਣ ਕੀਤੀ ਗਈ ਹੈ, ਜਿਨ੍ਹਾਂ ਵਿੱਚੋਂ 281 ਦੀ ਰਿਪੋਰਟ ਪਾਜ਼ੇਟਿਵ ਆਈ ਹੈ। ਫਿਲਹਾਲ ਸਵਾਈਨ ਫਲੂ ਕਾਰਨ ਕਿਸੇ ਮੌਤ ਦੀ ਸੂਚਨਾ ਨਹੀਂ ਹੈ ਪਰ ਲਗਾਤਾਰ ਵੱਧ ਰਹੇ ਮਾਮਲਿਆਂ ਨੇ ਸਿਹਤ ਵਿਭਾਗ ਲਈ ਚਿੰਤਾ ਵਧਾ ਦਿੱਤੀ ਹੈ।

## ਲੁਧਿਆਣਾ ਕੋਰਟ ਨੂੰ ਮਿਲੀ ਬੰਬ ਨਾਲ ਉਡਾਉਣ ਦੀ ਧਮਕੀ !

# ਮੋਹਾਲੀ ਤੇ ਹਲਵਾਰਾ ਹਵਾਈ ਅੱਡੇ ਵੀ ਨਿਸ਼ਾਨੇ 'ਤੇ

**ਲੁਧਿਆਣਾ, 12 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਲੁਧਿਆਣਾ ਜ਼ਿਲ੍ਹਾ ਅਦਾਲਤ 'ਚ ਸ਼ਨੀਵਾਰ ਨੂੰ ਉਸ ਸਮੇਂ ਹਫ਼ੜਾ-ਦਫ਼ੜੀ ਦਾ ਮਾਹੌਲ ਬਣ ਗਿਆ ਜਦੋਂ ਮਾਨਯੋਗ ਜ਼ਿਲ੍ਹਾ ਅਤੇ ਸੈਸ਼ਨ ਜੱਜ ਨੂੰ ਈ-ਮੇਲ ਰਾਹੀਂ ਬੰਬ ਨਾਲ ਉਡਾਉਣ ਦੀ ਧਮਕੀ ਭੇਜੀ ਗਈ। ਇਹ ਸਨਸਨੀਖੇਜ਼ ਧਮਕੀ ਉਸੇ ਸਮੇਂ ਮਿਲੀ ਜਦੋਂ ਕੋਰਟ ਕੰਪਲੈਕਸ 'ਚ ਰਾਸ਼ਟਰੀ ਲੋਕ ਅਦਾਲਤ ਦੀ ਕਾਰਵਾਈ ਚੱਲ ਰਹੀ ਸੀ, ਜਿਸ 'ਚ ਸੈਂਕੜੇ ਮੁਕੱਦਮੇਬਾਜ਼, ਵਕੀਲ ਅਤੇ ਜੱਜ ਮੌਜੂਦ ਸਨ। ਈ-ਮੇਲ ਬਾਰੇ ਜਾਣਕਾਰੀ ਮਿਲਣ 'ਤੇ ਪੁਲਸ ਕਮਿਸ਼ਨਰੇਟ ਹਿੱਲ ਗਿਆ ਅਤੇ ਭਾਰੀ ਪੁਲਸ ਫੋਰਸ, ਡੌਗ ਸਕੁਐਡ ਅਤੇ ਬੰਬ ਨਿਰੋਧਕ ਦਸਤੇ ਨੇ ਤੁਰੰਤ ਪੂਰੇ ਅਦਾਲਤ ਨੂੰ ਘੇਰ ਲਿਆ ਅਤੇ ਪੂਰੀ ਤਰ੍ਹਾਂ ਜਾਂਚ ਮੁਹਿੰਮ ਸ਼ੁਰੂ ਕਰ ਦਿੱਤੀ। ਜਾਣਕਾਰੀ ਮੁਤਾਬਕ 12 ਸਤੰਬਰ ਨੂੰ ਜ਼ਿਲ੍ਹਾ ਅਤੇ ਸੈਸ਼ਨ ਜੱਜ ਦੀ ਅਧਿਕਾਰਤ ਈ-ਮੇਲ ਆਈ.ਡੀ. 'ਤੇ ਇਕ ਬਹੁਤ ਹੀ ਇਤਰਾਜ਼ਯੋਗ ਅਤੇ ਧਮਕੀ ਭਰੀ ਈ-ਮੇਲ ਪ੍ਰਾਪਤ ਹੋਈ। ਈ-ਮੇਲ ਭੇਜਣ ਵਾਲੇ ਨੇ ਆਪਣੀ ਪਛਾਣ ਅੱਤਵਾਦੀ ਸੰਗਠਨ "ਖਾਲਿਸਤਾਨ ਨੈਸ਼ਨਲ ਆਰਮੀ" ਅਤੇ "ਬੱਬਰ ਖਾਲਸਾ (ਪਰਮਾਰ ਧੜਾ-ਕੈਨੇਡਾ)" ਨਾਲ ਜੁੜੇ ਹੋਣ ਵਜੋਂ ਕੀਤੀ। ਈ-ਮੇਲ 'ਚ ਸਪੱਸ਼ਟ ਤੌਰ 'ਤੇ ਕਿਹਾ ਗਿਆ ਸੀ ਕਿ ਦੁਪਹਿਰ 1:11 ਵਜੇ ਕੋਰਟ ਕੰਪਲੈਕਸ 'ਚ ਇਕ ਵੱਡਾ ਬੰਬ ਧਮਾਕਾ ਕੀਤਾ ਜਾਵੇਗਾ। ਈ-ਮੇਲ 'ਚ ਨਾ ਸਿਰਫ਼ ਲੁਧਿਆਣਾ ਕੋਰਟ ਕੰਪਲੈਕਸ ਅਤੇ ਚੱਲ ਰਹੀ ਰਾਸ਼ਟਰੀ ਲੋਕ ਅਦਾਲਤ ਨੂੰ ਹੀ ਨਿਸ਼ਾਨਾ ਬਣਾਉਣ ਦੀ ਗੱਲ ਨਹੀਂ ਕੀਤੀ ਗਈ, ਸਗੋਂ ਪੰਜਾਬ ਦੇ ਮੁੱਖ ਅਦਾਰਿਆਂ 'ਤੇ ਵੱਡੇ ਹਿੰਸਕ ਹਮਲੇ ਦੀ ਚਿਤਾਵਨੀ ਵੀ ਦਿੱਤੀ ਗਈ। ਧਮਕੀ ਭਰੇ ਪੱਤਰ 'ਚ ਦਾਅਵਾ ਕੀਤਾ ਗਿਆ ਸੀ ਕਿ ਮੋਹਾਲੀ ਅੰਤਰਰਾਸ਼ਟਰੀ ਹਵਾਈ ਅੱਡੇ ਅਤੇ ਹਲਵਾਰਾ ਹਵਾਈ ਅੱਡੇ 'ਤੇ



ਹਿੰਸਕ ਹਮਲੇ ਕੀਤੇ ਜਾਣਗੇ। ਪੰਜਾਬ ਦੇ ਕਈ ਪ੍ਰਮੁੱਖ ਰਾਜਨੀਤਿਕ ਨੇਤਾਵਾਂ ਨੂੰ ਵੀ ਜਾਨਲੇਵਾ ਹਮਲਿਆਂ 'ਚ ਨਿਸ਼ਾਨਾ ਬਣਾਇਆ ਜਾਵੇਗਾ। ਧਮਕੀ ਭਰੀ ਈ-ਮੇਲ ਮਿਲਣ 'ਤੇ ਕੋਰਟ ਕੰਪਲੈਕਸ ਵਿਚ ਸੁਰੱਖਿਆ ਵਧਾ ਦਿੱਤੀ ਗਈ ਹੈ। ਸੀਨੀਅਰ ਪੁਲਸ ਅਧਿਕਾਰੀ ਤੁਰੰਤ ਮੌਕੇ 'ਤੇ ਪਹੁੰਚੇ, ਅਤੇ ਸਾਰੇ ਐਂਟਰੀ ਅਤੇ ਐਗਜ਼ਿਟ ਗੇਟਾਂ 'ਤੇ ਸੁਰੱਖਿਆ ਕਰਮਚਾਰੀ ਤਾਇਨਾਤ ਕੀਤੇ ਗਏ। ਬੰਬ ਸਕੁਐਡ ਅਤੇ ਡੌਗ ਸਕੁਐਡ ਟੀਮਾਂ ਨੇ ਮੈਟਲ ਡਿਟੈਕਟਰਾਂ ਦੀ ਵਰਤੋਂ ਕਰਕੇ ਕੋਰਟ ਦੇ ਕਮਰੇ, ਪਾਰਕਿੰਗ ਏਰੀਆ, ਬਾਰ ਰੂਮ, ਵਕੀਲਾਂ ਦੇ ਚੈਂਬਰ, ਜਨਤਕ ਪਖਾਨੇ ਅਤੇ ਕੰਟੀਨ ਦੀ ਪੂਰੀ ਤਰ੍ਹਾਂ ਤਲਾਸ਼ੀ ਲਈ। ਹਰ ਸ਼ੱਕੀ ਵਿਅਕਤੀ ਦੇ ਅੰਦਰ ਜਾਣ ਦੇ ਨਾਲ-ਨਾਲ ਅਣਪਛਾਤੇ ਵਾਹਨਾਂ ਅਤੇ ਬੈਗਾਂ ਦੀ ਪੂਰੀ ਤਰ੍ਹਾਂ ਜਾਂਚ ਕੀਤੀ ਜਾ ਰਹੀ ਹੈ।

**ਸੈਸ਼ਨ ਜੱਜ ਨੇ ਪੁਲਸ ਕਮਿਸ਼ਨਰ ਨੂੰ ਲਿਖਿਆ ਪੱਤਰ** -ਉਥੇ ਹੀ ਇਸ ਮਸਲੇ 'ਤੇ ਜ਼ਿਲ੍ਹਾ ਅਤੇ ਸੈਸ਼ਨ ਜੱਜ ਨੇ ਤੁਰੰਤ ਲੁਧਿਆਣਾ ਪੁਲਸ ਕਮਿਸ਼ਨਰ ਨੂੰ ਇਕ ਅਧਿਕਾਰਤ ਪੱਤਰ ਲਿਖਿਆ, ਜਿਸ 'ਚ ਉਨ੍ਹਾਂ ਨੂੰ ਪੂਰੀ ਘਟਨਾ ਦੀ ਜਾਣਕਾਰੀ ਦਿੱਤੀ ਗਈ। ਉਨ੍ਹਾਂ ਨੇ ਪੁਲਸ ਪ੍ਰਸ਼ਾਸਨ ਨੂੰ ਕੰਪਲੈਕਸ 'ਚ ਮੌਜੂਦ ਸਾਰੇ ਮਾਣਯੋਗ ਜੱਜਾਂ, ਨਿਆਂਇਕ ਸਟਾਫ਼, ਵਕੀਲਾਂ ਅਤੇ ਨਾਗਰਿਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਸਖ਼ਤ ਨਿਰਦੇਸ਼ ਦਿੱਤੇ ਹਨ। ਉਨ੍ਹਾਂ ਨੇ ਅਦਾਲਤ ਦੀ ਇਮਾਰਤ ਅਤੇ ਸੰਵੇਦਨਸ਼ੀਲ ਪ੍ਰਸ਼ਾਸਕੀ ਢਾਂਚੇ ਦੀ ਸੁਰੱਖਿਆ ਲਈ ਵਾਧੂ ਪੁਲਸ ਬਲ ਤਾਇਨਾਤ ਕਰਨ ਦੇ ਵੀ ਹੁਕਮ ਦਿੱਤੇ ਹਨ। ਸਾਈਬਰ ਕ੍ਰਾਈਮ ਸੈੱਲ ਦੀਆਂ ਤਕਨੀਕੀ ਟੀਮਾਂ ਨੇ ਉਕਤ ਜੀ-ਮੇਲ ਆਈ.ਡੀ. ਦੇ ਆਈ.ਪੀ. ਐਡਰੈੱਸ ਅਤੇ ਅਸਲ ਸਰੋਤ ਦਾ ਪਤਾ ਲਗਾਉਣਾ ਸ਼ੁਰੂ ਕਰ ਦਿੱਤਾ ਹੈ।

## ਮੁਲਾਜ਼ਮਾਂ ਦਾ ਵੱਡਾ ਐਕਸ਼ਨ, ਪਟਿਆਲਾ ਤੇ ਫ਼ਰੀਦਕੋਟ 'ਚ ਬੈਰੀਕੇਡ ਤੋੜ ਕੇ ਘੇਰੇ ਸਪੀਕਰ ਸੰਧਵਾਂ ਤੇ ਮੰਤਰੀ ਬਲਬੀਰ ਸਿੰਘ ਦੇ ਘਰ !

**ਚੰਡੀਗੜ੍ਹ, 12 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਸਾਂਝੇ ਮੁਲਾਜ਼ਮ ਫੋਰਮ ਨੇ ਅੱਜ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ, ਡਿਪਟੀ ਸਪੀਕਰ ਜੈ ਕ੍ਰਿਸ਼ਨ ਰੌੜੀ ਅਤੇ ਸਿਹਤ ਮੰਤਰੀ ਬਲਬੀਰ ਸਿੰਘ ਦੀਆਂ ਰਿਹਾਇਸ਼ਾਂ ਦਾ ਘਿਰਾਓ ਕਰਕੇ ਰੋਸ ਪ੍ਰਦਰਸ਼ਨ ਕੀਤਾ। ਪਟਿਆਲਾ ਅਤੇ ਫਰੀਦਕੋਟ ਵਿੱਚ, ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੇ ਪੁਲਿਸ ਬੈਰੀਕੇਡ ਤੋੜ ਕੇ ਮੰਤਰੀ ਬਲਬੀਰ ਸਿੰਘ ਅਤੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਦੇ ਘਰਾਂ ਤੱਕ ਪਹੁੰਚ ਕੀਤੀ। ਪੁਲਿਸ ਨੇ ਮੁਲਾਜ਼ਮਾਂ ਨੂੰ ਰੋਕਣ ਲਈ ਵੱਖ-ਵੱਖ ਥਾਵਾਂ 'ਤੇ ਬੈਰੀਕੇਡ ਲਗਾਏ ਸਨ। ਪਟਿਆਲਾ ਵਿੱਚ, ਮੁਲਾਜ਼ਮਾਂ ਨੇ ਪੁਲਿਸ ਘੇਰੇ ਦੀਆਂ ਕਈ ਪਰਤਾਂ ਨੂੰ ਤੋੜਿਆ, ਨਾਅਰੇਬਾਜ਼ੀ ਕਰਦੇ ਹੋਏ ਸਿਹਤ ਮੰਤਰੀ ਦੀ ਰਿਹਾਇਸ਼ ਤੱਕ ਪਹੁੰਚੇ ਅਤੇ ਉੱਥੇ ਜ਼ੋਰਦਾਰ ਪ੍ਰਦਰਸ਼ਨ ਜਾਰੀ ਰੱਖਿਆ। ਇਸੇ ਤਰ੍ਹਾਂ, ਫਰੀਦਕੋਟ ਵਿੱਚ ਮੁਲਾਜ਼ਮਾਂ ਨੇ ਸੁਰੱਖਿਆ ਪ੍ਰਬੰਧਾਂ ਨੂੰ ਤੋੜ ਕੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਦੇ ਘਰ ਤੱਕ ਪਹੁੰਚ ਕੀਤੀ, ਜਿੱਥੇ ਉਨ੍ਹਾਂ ਨੇ ਜ਼ੋਰਦਾਰ ਨਾਅਰੇਬਾਜ਼ੀ ਕੀਤੀ। ਇਸ ਦੌਰਾਨ, ਹੁਸ਼ਿਆਰਪੁਰ ਵਿੱਚ ਮੁਲਾਜ਼ਮ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਦੀ ਰਿਹਾਇਸ਼ ਦੇ ਬਾਹਰ ਇਕੱਠੇ ਹੋਏ; ਰੌੜੀ ਉਨ੍ਹਾਂ ਨੂੰ ਮਿਲਣ ਲਈ ਬਾਹਰ ਆਏ ਅਤੇ ਉਨ੍ਹਾਂ ਦਾ ਮੰਗ-ਪੱਤਰ ਸਵੀਕਾਰ ਕੀਤਾ। ਜਦੋਂ ਮੁਲਾਜ਼ਮ ਹੁਸ਼ਿਆਰਪੁਰ ਵਿੱਚ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਦੇ ਘਰ ਪਹੁੰਚੇ, ਤਾਂ ਉਨ੍ਹਾਂ ਨੇ ਪ੍ਰਦਰਸ਼ਨਕਾਰੀਆਂ ਨੂੰ ਮਿਲਣ ਲਈ ਬਾਹਰ ਆਉਣ ਤੋਂ ਪਹਿਲਾਂ ਪਾਣੀ ਪੇਸ਼ ਕੀਤਾ। ਉਨ੍ਹਾਂ ਕਿਹਾ ਕਿ ਸਪੀਕਰ ਅਤੇ ਡਿਪਟੀ ਸਪੀਕਰ ਦੇ ਅਹੁਦੇ ਸੰਵਿਧਾਨਕ ਅਹੁਦੇ ਹਨ; ਇਸ ਲਈ, ਉਹ ਸਰਕਾਰ ਦੇ ਹੱਕ ਜਾਂ ਵਿਰੋਧ ਵਿੱਚ ਨਹੀਂ ਬੋਲ ਸਕਦੇ। ਉਨ੍ਹਾਂ ਭਰੋਸਾ ਦਿਵਾਇਆ ਕਿ ਉਹ ਮੁਲਾਜ਼ਮਾਂ ਵੱਲੋਂ ਸੌਂਪਿਆ ਗਿਆ ਮੰਗ-ਪੱਤਰ ਪੜ੍ਹਨਗੇ, ਇਸਨੂੰ ਸਰਕਾਰ ਤੱਕ ਪਹੁੰਚਾਉਣਗੇ ਅਤੇ ਆਪਣੀ ਸਿਫ਼ਾਰਸ਼ ਵੀ ਸ਼ਾਮਲ ਕਰਨਗੇ। ਉਨ੍ਹਾਂ ਅੱਗੇ ਕਿਹਾ, "ਮੈਨੂੰ ਨਹੀਂ ਪਤਾ ਸੀ ਕਿ ਤੁਸੀਂ ਇੰਨੀ ਵੱਡੀ ਗਿਣਤੀ ਵਿੱਚ ਆਓਗੇ। ਇਸ ਗਰਮੀ ਵਿੱਚ ਤੁਹਾਡੇ ਲਈ ਢੁਕਵੇਂ ਪ੍ਰਬੰਧ ਨਾ ਕਰ ਸਕਣ ਲਈ ਮੈਂ ਮੁਆਫੀ ਮੰਗਦਾ ਹਾਂ।" 13 ਸਤੰਬਰ ਨੂੰ, ਮੁਲਾਜ਼ਮ ਹਰਭਜਨ ਸਿੰਘ ਈ.ਟੀ.ਓ., ਲਾਲ ਚੰਦ ਕਟਾਰੂਚੱਕ, ਅਮਨ ਅਰੋੜਾ ਅਤੇ ਹਰਜੋਤ ਬੈਂਸ ਦੀਆਂ ਰਿਹਾਇਸ਼ਾਂ ਦਾ ਘਿਰਾਓ ਕਰਨ ਦੀ ਯੋਜਨਾ ਬਣਾ ਰਹੇ ਹਨ। ਮੁਲਾਜ਼ਮਾਂ ਨੇ ਸਪੱਸ਼ਟ ਕੀਤਾ ਕਿ ਦੋ ਦਿਨ ਪਹਿਲਾਂ ਵਾਪਸ ਲਈ ਗਈ ਹੜਤਾਲ ਨੂੰ ਸਿਰਫ਼ ਸਰਕਾਰੀ ਹੁਕਮਾਂ ਨੂੰ ਵਾਪਸ ਕਰਵਾਉਣ ਅਤੇ ਮੁੱਖ ਮੰਤਰੀ ਨਾਲ ਮੀਟਿੰਗ ਤੈਅ ਕਰਵਾਉਣ ਲਈ ਮੁਅੱਤਲ ਕੀਤਾ ਗਿਆ ਸੀ। ਹਾਲਾਂਕਿ ਸਰਕਾਰ ਨੇ ਦੋਵੇਂ ਹੁਕਮ ਵਾਪਸ ਲੈ ਲਏ ਹਨ, ਪਰ ਮੁੱਖ ਮੰਤਰੀ ਨਾਲ ਮੀਟਿੰਗ ਅਜੇ ਤੱਕ ਤੈਅ ਨਹੀਂ ਹੋਈ ਹੈ। ਉਨ੍ਹਾਂ ਕਿਹਾ ਕਿ ਲੁਧਿਆਣਾ ਵਿੱਚ ਸਾਂਝੇ ਮੁਲਾਜ਼ਮ ਫੋਰਮ ਵੱਲੋਂ ਐਲਾਨੇ ਗਏ ਪ੍ਰੋਗਰਾਮ ਅਨੁਸਾਰ ਰੋਸ ਪ੍ਰਦਰਸ਼ਨ  ਜਰਮਨਜੀਤ ਸਿੰਘ ਨੇ ਦੱਸਿਆ ਕਿ ਮੰਤਰੀਆਂ ਦੀਆਂ ਰਿਹਾਇਸ਼ਾਂ ਦਾ ਘਿਰਾਓ ਕਰਨ ਦੀ ਮੁਹਿੰਮ ਫਰੀਦਕੋਟ ਵਿੱਚ ਸਪੀਕਰ ਕੁਲਤਾਰ ਸਿੰਘ ਸੰਧਵਾਂ ਦੇ ਘਰ ਤੋਂ ਸ਼ੁਰੂ ਹੋਵੇਗੀ। ਉਨ੍ਹਾਂ ਦੱਸਿਆ ਕਿ ਫਰੀਦਕੋਟ ਵਿੱਚ ਰੋਸ ਪ੍ਰਦਰਸ਼ਨ ਕਰਨ ਦੀ ਜ਼ਿੰਮੇਵਾਰੀ ਨੇੜਲੇ ਜ਼ਿਲ੍ਹਿਆਂ ਦੇ ਮੁਲਾਜ਼ਮਾਂ ਨੂੰ ਸੌਂਪੀ ਗਈ ਹੈ।

**ਹੁਸ਼ਿਆਰਪੁਰ ਵਿੱਚ ਰੋਡੀ ਦੀ ਰਿਹਾਇਸ਼ ਦਾ ਘਿਰਾਓ:** ਜਰਮਨਜੀਤ ਸਿੰਘ ਨੇ ਕਿਹਾ ਕਿ ਹੁਸ਼ਿਆਰਪੁਰ ਵਿੱਚ ਜੈ ਕ੍ਰਿਸ਼ਨ ਸਿੰਘ ਰੋਡੀ ਦੀ ਰਿਹਾਇਸ਼ ਦਾ ਘਿਰਾਓ ਕੀਤਾ ਜਾਵੇਗਾ। ਹੁਸ਼ਿਆਰਪੁਰ ਵਿੱਚ ਪ੍ਰਦਰਸ਼ਨ ਲਈ ਨਵਾਂਸ਼ਹਿਰ ਅਤੇ ਹੁਸ਼ਿਆਰਪੁਰ ਦੇ ਮੁਲਾਜ਼ਮ ਇਕੱਠੇ ਹੋਣਗੇ, ਅਤੇ ਨਾਲ ਹੀ ਨੇੜਲੇ ਹੋਰ ਜ਼ਿਲ੍ਹਿਆਂ ਦੇ ਮੁਲਾਜ਼ਮ ਤੇ ਪੈਨਸ਼ਨਰ ਵੀ ਇਸ ਪ੍ਰਦਰਸ਼ਨ ਵਿੱਚ ਸ਼ਾਮਲ ਹੋਣਗੇ।

## ਪਾਕਿਸਤਾਨ ਦੀਆਂ ਧਾਰਮਿਕ ਯਾਤਰਾਵਾਂ ਦੇ ਨਿਯਮਾਂ 'ਚ ਬਦਲਾਅ, ਨਿੱਜੀ ਸਪਾਂਸਰ ਕੀਤੇ ਗਏ ਟੂਰ 'ਤੇ ਪਾਬੰਦੀ



**ਨਵੀਂ ਦਿੱਲੀ, 12 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਭਾਰਤ ਸਰਕਾਰ ਨੇ ਪਾਕਿਸਤਾਨ ਦੀਆਂ ਧਾਰਮਿਕ ਯਾਤਰਾਵਾਂ ਸੰਬੰਧੀ ਨਿਯਮਾਂ ਵਿੱਚ ਸੋਧ ਕੀਤੀ ਹੈ। ਪਾਕਿਸਤਾਨ ਵੱਲੋਂ ਆਯੋਜਿਤ ਨਿੱਜੀ ਤੌਰ 'ਤੇ ਸਪਾਂਸਰ ਕੀਤੇ ਗਏ ਟੂਰ ਹੁਣ ਪਾਬੰਦੀ ਲਗਾ ਦਿੱਤੀ ਗਈ ਹੈ। ਇਸ ਤੋਂ ਇਲਾਵਾ, ਪਾਕਿਸਤਾਨ ਜਾਣ ਵਾਲੇ ਯਾਤਰੀਆਂ ਲਈ ਵੀਜ਼ਾ ਅਤੇ ਯਾਤਰਾ ਪ੍ਰਕਿਰਿਆਵਾਂ ਵਿੱਚ ਬਦਲਾਅ ਕੀਤੇ ਗਏ ਹਨ। ਪਹਿਲਾਂ, ਧਾਰਮਿਕ ਯਾਤਰਾਵਾਂ 'ਤੇ ਜਾਣ ਵਾਲੇ ਸ਼ਰਧਾਲੂ ਆਪਣੇ ਟੂਰ ਪ੍ਰੋਗਰਾਮ ਤਿਆਰ ਕਰਨ ਲਈ ਪਾਕਿਸਤਾਨੀ ਟੂਰ ਆਪਰੇਟਰਾਂ ਨਾਲ ਸੰਪਰਕ ਕਰਦੇ ਸਨ। ਹੁਣ, ਇਹ ਪ੍ਰਣਾਲੀ ਬਦਲ ਦਿੱਤੀ ਗਈ ਹੈ ਅਤੇ ਯਾਤਰੀਆਂ ਨੂੰ ਇੱਕ ਨਵੀਂ ਪ੍ਰਕਿਰਿਆ ਦੇ ਤਹਿਤ ਯਾਤਰਾ ਕਰਨੀ ਪਵੇਗੀ। HSGMC ਟੂਰਿਜ਼ਮ ਇੰਚਾਰਜ ਹਰਕੀਰਤ ਸਿੰਘ ਨੇ ਕਿਹਾ ਕਿ ਨਿੱਜੀ ਤੌਰ 'ਤੇ ਸਪਾਂਸਰ ਕੀਤੇ ਗਏ ਟੂਰ ਬੰਦ ਕਰ ਦਿੱਤੇ ਗਏ ਹਨ। ਉਨ੍ਹਾਂ ਦੱਸਿਆ ਕਿ ਪਹਿਲਾਂ, ਸ਼ਰਧਾਲੂ ਪਾਕਿਸਤਾਨ ਵਿੱਚ ਟੂਰ ਆਪਰੇਟਰਾਂ ਰਾਹੀਂ ਆਪਣੀਆਂ ਧਾਰਮਿਕ ਯਾਤਰਾਵਾਂ ਦਾ ਪ੍ਰਬੰਧ ਕਰਦੇ ਸਨ, ਪਰ ਹੁਣ ਸਰਕਾਰ ਨੇ ਨਿਯਮਾਂ ਨੂੰ ਬਦਲ ਦਿੱਤਾ ਹੈ। ਉਨ੍ਹਾਂ ਅੱਗੇ ਕਿਹਾ ਕਿ ਪਾਕਿਸਤਾਨ ਜਾਣ ਵਾਲੇ ਧਾਰਮਿਕ ਯਾਤਰਾਵਾਂ 'ਤੇ ਜਾਣ ਵਾਲੇ ਸ਼ਰਧਾਲੂਆਂ ਨੂੰ ਹੁਣ ਨਵੀਂ ਪ੍ਰਣਾਲੀ ਅਤੇ ਸਥਾਪਿਤ ਨਿਯਮਾਂ ਅਨੁਸਾਰ ਯਾਤਰਾ ਕਰਨੀ ਪਵੇਗੀ। ਉਨ੍ਹਾਂ ਕਿਹਾ ਕਿ ਸਰਕਾਰ ਨੇ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਸਥਾਨਕ ਪੁਲਿਸ ਅਤੇ ਸਥਾਨਕ CID ਟੀਮ ਵੱਲੋਂ ਸਾਰੇ ਸ਼ਰਧਾਲੂਆਂ ਦੀ ਪਿਛੋਕੜ ਦੀ ਜਾਂਚ ਕਰਨ ਦੇ ਨਿਰਦੇਸ਼ ਵੀ ਦਿੱਤੇ ਹਨ। ਕਲੀਅਰੈਂਸ ਮਿਲਣ ਤੋਂ ਬਾਅਦ ਹੀ ਫਾਈਲ ਨੂੰ ਵੀਜ਼ਾ ਲਈ ਅੱਗੇ ਭੇਜਿਆ ਜਾਵੇਗਾ।

## ਅਮਰੀਕਾ-ਇਰਾਨ ਦੀ ਜੰਗ ਖ਼ਤਮ ਕਰਵਾਏਗਾ BRICS ! ਜਿਨਪਿੰਗ ਨੇ ਮੈਂਬਰ ਦੇਸ਼ਾਂ ਨੂੰ ਦਿੱਤਾ 'ਸ਼ਾਂਤੀਦੂਤ' ਬਣਨ ਦਾ ਪੈਗਾਮ



**ਨਵੀਂ ਦਿੱਲੀ, 12 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਭਾਰਤ ਮੰਡਪਮ ਵਿਖੇ ਆਯੋਜਿਤ 18ਵੇਂ 'ਬ੍ਰਿਕਸ ਸਿਖਰ ਸੰਮੇਲਨ' ਨੂੰ ਸੰਬੋਧਨ ਕਰਦਿਆਂ ਚੀਨ ਦੇ ਰਾਸ਼ਟਰਪਤੀ ਸ਼ੀ ਜਿਨਪਿੰਗ ਨੇ ਮਿਡਲ ਈਸਟ 'ਚ ਜਾਰੀ ਤਣਾਅ ਵਿਚਾਲੇ ਬ੍ਰਿਕਸ ਦੇਸ਼ਾਂ ਨੂੰ ਇੱਕ 'ਸ਼ਾਂਤੀ ਦੂਤ' ਦੀ ਭੂਮਿਕਾ ਨਿਭਾਉਣ ਦਾ ਸੱਦਾ ਦਿੱਤਾ ਹੈ। ਜਿਨਪਿੰਗ ਨੇ ਕਿਹਾ ਕਿ ਮਿਡਲ ਈਸਟ ਦੀ ਜੰਗ ਅੰਤਰਰਾਸ਼ਟਰੀ ਭਾਈਚਾਰੇ ਦੇ ਸਾਂਝੇ ਹਿੱਤਾਂ ਦੇ ਖ਼ਿਲਾਫ਼ ਹੈ ਤੇ ਇਸ ਦਾ ਖ਼ਾਮਿਆਜ਼ਾ ਪੂਰੀ ਦੁਨੀਆ ਨੂੰ ਭੁਗਤਣਾ ਪੈ ਰਿਹਾ ਹੈ। ਚੀਨੀ ਰਾਸ਼ਟਰਪਤੀ ਨੇ ਬ੍ਰਿਕਸ ਦੇਸ਼ਾਂ ਨੂੰ 'ਗਲੋਬਲ ਸਾਊਥ' ਦੀ ਅਗਵਾਈ ਕਰਨ ਵਾਲਾ ਮੋਹਰੀ ਸਮੂਹ ਅਤੇ ਉੱਭਰਦੀਆਂ ਅਰਥਵਿਵਸਥਾਵਾਂ ਦੀ ਆਤਮ-ਨਿਰਭਰਤਾ ਦੀ ਵੱਡੀ ਮਿਸਾਲ ਕਰਾਰ ਦਿੱਤਾ। ਉਨ੍ਹਾਂ ਕਿਹਾ ਕਿ 2027 'ਚ ਚੀਨ ਬ੍ਰਿਕਸ ਦੀ ਰੋਟੇਟਿੰਗ ਪ੍ਰਧਾਨਗੀ ਸੰਭਾਲੇਗਾ ਅਤੇ ਡਿਜੀਟਲ ਅਰਥਵਿਵਸਥਾ, ਗ੍ਰੀਨ ਡਿਵੈਲਪਮੈਂਟ, ਏ.ਆਈ. ਅਤੇ ਗਰੀਬੀ ਹਟਾਉਣ ਵਰਗੇ ਅਭਿਆਨਾਂ 'ਤੇ ਵਿਸ਼ੇਸ਼ ਧਿਆਨ ਦੇਵੇਗਾ। ਇਸੇ ਦੌਰਾਨ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸੰਮੇਲਨ ਦੌਰਾਨ 'ਨਵੀਂ ਦਿੱਲੀ ਘੋਸ਼ਣਾ ਪੱਤਰ 2026' ਨੂੰ ਸਾਰੇ ਮੈਂਬਰ ਦੇਸ਼ਾਂ ਦੀ ਸਰਬਸੰਮਤੀ ਨਾਲ ਅਪਣਾਏ ਜਾਣ ਦਾ ਰਸਮੀ ਐਲਾਨ ਕੀਤਾ। ਇਸ ਸਾਂਝੇ ਬਿਆਨ 'ਚ ਅੰਤਰਰਾਸ਼ਟਰੀ ਵਿਵਾਦਾਂ ਨੂੰ ਗੱਲਬਾਤ, ਕੂਟਨੀਤੀ ਅਤੇ ਸ਼ਾਂਤੀਪੂਰਨ ਤਰੀਕਿਆਂ ਨਾਲ ਸੁਲਝਾਉਣ 'ਤੇ ਜ਼ੋਰ ਦਿੱਤਾ ਗਿਆ ਹੈ। ਇਸ ਤੋਂ ਇਲਾਵਾ ਬ੍ਰਿਕਸ ਦੇਸ਼ਾਂ ਨੇ ਵਿਸ਼ਵ ਵਪਾਰ ਸੰਗਠਨ ਦੇ ਨਿਯਮਾਂ ਦੇ ਉਲਟ ਲਗਾਏ ਜਾ ਰਹੇ ਇੱਕਤਰਫ਼ਾ ਟੈਰਿਫ਼ ਅਤੇ ਵਪਾਰਕ ਪਾਬੰਦੀਆਂ 'ਤੇ ਵੀ ਗੰਭੀਰ ਚਿੰਤਾ ਪ੍ਰਗਟਾਈ। ਜ਼ਿਕਰਯੋਗ ਹੈ ਕਿ ਸੰਮੇਲਨ ਦੇ ਆਗਾਜ਼ 'ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਰੂਸੀ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਅਤੇ ਚੀਨੀ ਰਾਸ਼ਟਰਪਤੀ ਸ਼ੀ ਜਿਨਪਿੰਗ ਇੱਕ-ਦੂਜੇ ਦਾ ਹੱਥ ਫੜ ਕੇ ਗਰਮਜੋਸ਼ੀ ਨਾਲ ਮਿਲੇ।

ਘੜੀਐ ਸਬਦੁ ਸਚੀ ਟਕਸਾਲ ।।

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਤਿ ਸਮਾਗਮ



ਗੁਰਤਾ ਗੱਦੀ : ਧੰਨ ਸ਼੍ਰੀ ਗੁਰੂ ਅਰਜਨ ਦੇਵ ਸਾਹਿਬ ਜੀ • ਪਹਿਲਾਂ ਪ੍ਰਕਾਸ਼ : ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।

**ਸ਼ਨਿੱਚਰਵਾਰ 12 ਸਤੰਬਰ ਸ਼ਾਮ ਨੂੰ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ।**

ਹਰ ਐਤਵਾਰ 13 ਸਤੰਬਰ 2026 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:30 ਵਜੇ ਭੋਗ ਪੈਣ ਉਪਰੰਤ 12:30 ਵਜੇ ਤੱਕ ਦੀਵਾਨ ਸਜਣਗੇ।

ਕਥਾ ਵਾਚਕ ਗਿਆਨੀ ਸਰਵਨ ਸਿੰਘ ਵਿਸ਼ੇਸ਼ ਤੌਰ ਤੇ ਪੰਜਾਬ ਦੀ ਧਰਤੀ ਤੋਂ ਕਥਾ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।


★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☚ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

# ਪੰਜਵੇਂ ਪਾਤਸ਼ਾਹ ਜੀ ਨੇ ਸ੍ਰੀ ਹਰਿਮੰਦਰ ਸਾਹਿਬ 'ਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਹਿਲਾ ਪ੍ਰਕਾਸ਼ ਬਾਬਾ ਬੁੱਢਾ ਸਾਹਿਬ ਜੀ ਪਾਸੋਂ ਕਰਵਾਇਆ ਸੀ



**ਪੰਚਮ** ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਨੇ ਗੁ: ਸ੍ਰੀ ਰਾਮਸਰ ਸਾਹਿਬ ਵਾਲੇ ਰਮਣੀਕ ਅਸਥਾਨ 'ਤੇ ਆਦਿ ਸ੍ਰੀ ਗ੍ਰੰਥ ਸਾਹਿਬ ਜੀ ਦੀ ਸੰਪਾਦਨਾ ਭਾਈ ਗੁਰਦਾਸ ਸਾਹਿਬ ਜੀ ਨੂੰ ਲਿਖਾਰੀ ਲਾਕੇ ਕਰਵਾਈ ਸੀ । ਵਿਦਵਾਨ ਲਿਖਾਰੀਆਂ ਅਨੁਸਾਰ ਇਹ ਪਵਿੱਤਰ ਕਾਰਜ ਗੁਰੂ ਜੀ ਨੇ ਸੰਨ 1603 ਈ: ਨੂੰ ਫਰਵਰੀ ਦੇ ਆਖਰੀ ਹਫਤੇ ਆਰੰਭ ਕਰਕੇ ਲਗਭਗ ਡੇਢ ਸਾਲ ਵਿਚ ਭਾਵ ਸੰਨ 1604 ਈ: ਅਗਸਤ ਦੇ ਆਖਰੀ ਹਫਤੇ ਵਿਚ ਸੰਪੂਰਨ ਕੀਤਾ ਸੀ (ਕਈ ਲਿਖਾਰੀਆਂ ਅਨੁਸਾਰ 1601-1604 ਈ: ਤਕ ਤਿੰਨ ਸਾਲ 'ਚ ਅਤੇ ਕਈਆਂ ਨੇ ਨੌਂ ਮਹੀਨੇ 'ਚ ਸੰਪੂਰਨਤਾ ਦੱਸੀ ਹੈ)।

ਆਵਾਜ਼ਿ ਕੌਮ AWAZE QAUM
International Newspaper & WEB TV

ਇਸ ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਗੁਰੂ ਜੀ ਨੇ ਆਪਣੇ ਤੋਂ ਪਹਿਲੇ 4 ਗੁਰੂ ਸਾਹਿਬਾਨ ਜੀ ਦੀ ਇਕਤਰ ਕੀਤੀ ਬਾਣੀ ਅਤੇ ਆਪਣੀ ਲਿਖੀ ਬਾਣੀ ਤੋਂ ਇਲਾਵਾ 15 ਭਗਤ ਸਾਹਿਬਾਨ, 11 ਭੱਟ ਸਾਹਿਬਾਨ ਅਤੇ 4 ਗੁਰਸਿੱਖ ਸਾਹਿਬਾਨ (ਕਈ ਇਤਿਹਾਸਕਾਰ ਭਾਈ ਮਰਦਾਨਾ ਜੀ ਦੇ ਨਾਮ ਵਾਲੇ ਸ਼ਬਦਾਂ ਨੂੰ ਪਹਿਲੀ ਪਾਤਸ਼ਾਹੀ ਜੀ ਦੀ ਲਿਖੀ ਹੋਈ ਬਾਣੀ ਮੰਨਦੇ ਹਨ) ਦੀ ਬਾਣੀ ਦੀ ਤਰਤੀਬ ਨਾਲ 30 ਰਾਗਾਂ 'ਚ ਸੰਪਾਦਨਾ ਕਰਨ ਦਾ ਪਵਿੱਤਰ ਅਤੇ ਮਹਾਨ ਸੁੱਭ ਕਾਰਜ ਕੀਤਾ । ਇਸ ਪਵਿੱਤਰ ਗ੍ਰੰਥ ਵਿੱਚ ਵੱਖ ਵੱਖ ਧਰਮਾਂ ਨਾਲ ਸਬੰਧ ਰੱਖਣ ਵਾਲੇ ਬਾਣੀਕਾਰਾਂ ਦੀ ਬਾਣੀ ਨੂੰ ਸ਼ਾਮਲ ਕਰਕੇ ਗੁਰੂ ਜੀ ਨੇ ਲੋਕਾਈ ਨੂੰ ਸੰਦੇਸ਼ ਦਿੱਤਾ ਕਿ ਸੱਚ ਦੀ ਆਵਾਜ਼ ਸਭ ਦੀ ਸਾਂਝੀ ਹੁੰਦੀ ਹੈ ਜਿਸ ਤੋਂ ਕੋਈ ਵੀ ਪ੍ਰਾਣੀ ਸੇਧ ਲੈ ਕੇ ਸੰਸਾਰ ਦੇ ਰਚਨਹਾਰ ਇੱਕ ਅਕਾਲ ਪੁਰਖ ਨਾਲ ਇਕਮਿਕ ਹੋ ਸਕਦਾ ਹੈ । ਇਸ ਗ੍ਰੰਥ ਵਿੱਚ ਸੰਪਾਦਨ ਕੀਤੀ ਬਾਣੀ ਦੁਨੀਆਂ ਦੇ ਧਾਰਮਿਕ ਲਿਖਤੀ ਗ੍ਰੰਥਾਂ ਵਿਚੋਂ ਨਿਵੇਕਲੀ ਅਤੇ ਪਰਮਾਰਥ ਦਾ ਸਹੀ ਤੇ ਸੌਖਾ ਰਸਤਾ ਦਿਖਾਉਣ ਵਾਲੀ ਮਿਸਾਲੀ ਦੇਣ ਹੈ, ਜਿਸ ਵਿੱਚ ਨਿਰੋਲ ਸੱਚੇ ਪ੍ਰਮਾਤਮਾ ਦੀ ਸਿਫਤ ਸਾਲਾਹ ਕੀਤੀ ਗਈ ਹੈ ।



ਪੰਚਮ ਪਾਤਸ਼ਾਹ ਜੀ ਨੇ 'ਸ੍ਰੀ ਅੰਮ੍ਰਿਤਸਰ ਸਾਹਿਬ' ਨਾਮ ਵਾਲੇ ਪਵਿੱਤਰ ਸਰੋਵਰ ਵਿੱਚ ਸ੍ਰੀ ਹਰਿਮੰਦਰ ਸਾਹਿਬ ਦਾ ਨਿਰਮਾਣ ਪਹਿਲਾਂ ਹੀ ਸੰਪੂਰਨ ਕਰ ਲਿਆ ਸੀ ਜਿਥੇ ਇਸ ਮਹਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਹਿਲਾ ਪ੍ਰਕਾਸ਼ ਕਰਨ ਦੀ ਸੇਵਾ ਲਈ ਬ੍ਰਹਮ ਗਿਆਨੀ ਬਾਬਾ ਬੁੱਢਾ ਸਾਹਿਬ ਜੀ ਦੀ ਚੋਣ ਕੀਤੀ ਗਈ । ਗੁਰੂ ਜੀ ਵਲੋਂ ਸ੍ਰੀ ਹਰਿਮੰਦਰ ਸਾਹਿਬ 'ਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪ੍ਰਕਾਸ਼ ਕਰਨ ਦਾ ਦਿਨ ਭਾਦੋਂ ਸੁਦੀ 1 ਸੰਮਤ 1661 ਮੁਤਾਬਕ 1 ਸਤੰਬਰ 1604 ਈ: ਨੂੰ ਨਿਯਤ ਕੀਤਾ ਗਿਆ ਜੋ ਸੰਸਾਰ ਦੇ ਇਤਿਹਾਸ ਵਿੱਚ ਅਤੇ ਖਾਸ ਕਰਕੇ ਸਿੱਖ ਤਵਾਰੀਖ਼ 'ਚ ਬਹੁਤ ਹੀ ਭਾਗਾਂ ਵਾਲਾ ਦਿਨ ਹੋ ਨਿਬੜਿਆ । ਓਸ ਸਮੇਂ ਸ੍ਰੀ ਰਾਮਸਰ ਸਾਹਿਬ ਤੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤਕ ਦਾ ਰਸਤਾ ਲਗਭਗ 2 ਕੁ ਕਿਲੋਮੀਟਰ ਦਾ ਸੀ । ਰਸਤੇ ਵਿਚ ਸੰਘਣੇ ਦਰਖਤਾਂ ਦੇ ਝੁੰਡ ਵਿੱਚੋਂ ਦੀ ਸ੍ਰੀ ਹਰਿਮੰਦਰ ਸਾਹਿਬ ਨੂੰ ਆਉਣ ਜਾਣ ਦਾ ਰਸਤਾ ਬਣਾਇਆ ਹੋਇਆ ਸੀ ।

ਪੰਚਮ ਪਾਤਸ਼ਾਹ ਜੀ ਨੇ ਸ੍ਰੀ ਰਾਮਸਰ ਸਾਹਿਬ ਦੇ ਅਸਥਾਨ ਤੇ ਸ੍ਰੀ ਆਦਿ ਗ੍ਰੰਥ ਸਾਹਿਬ ਜੀ ਦੇ ਸੰਪੂਰਨ ਹੋਣ ਤੋਂ ਬਾਅਦ ਇਸ ਪਵਿੱਤਰ ਗ੍ਰੰਥ ਸਾਹਿਬ ਜੀ ਦਾ ਸ੍ਰੀ ਹਰਿਮੰਦਰ ਸਾਹਿਬ ਪ੍ਰਕਾਸ਼ ਕਰਨ ਲਈ ਮਸੰਦਾਂ ਰਾਹੀਂ ਸੰਗਤਾਂ ਨੂੰ ਪਹਿਲਾਂ ਹੀ ਸੂਚਿਤ ਕੀਤਾ ਹੋਇਆ ਸੀ ਤਾਂ ਕਿ ਸੰਗਤਾਂ ਵੀ ਇਸ ਇਤਿਹਾਸਕ ਦਿਹਾੜੇ 'ਤੇ ਗੁਰੂ ਜੀ ਦੀਆਂ ਅਸੀਸਾਂ ਦੀਆਂ ਪਾਤਰ ਬਣ ਸਕਣ । ਸੋ 1 ਸਤੰਬਰ 1604 ਈ: ਨੂੰ ਬਾਣੀ ਦੇ ਬੋਹਿਥੇ ਸ੍ਰੀ ਗੁਰੂ ਅਰਜਨ ਦੇਵ ਜੀ ਨੇ ਆਪ ਬ੍ਰਹਮ ਗਿਆਨੀ ਬਾਬਾ ਬੁੱਢਾ ਸਾਹਿਬ ਜੀ ਦੇ ਸੀਸ 'ਤੇ 975 ਅੰਗਾਂ ਵਾਲੇ ਵੱਡੇ ਆਕਾਰ ਦੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ, ਜੋ ਛੋਟੇ ਪੀੜ੍ਹੇ ਵਿਚ ਸ਼ਸ਼ੋਭਿਤ ਸਨ, ਨੂੰ ਖੁਦ ਟਿਕਾਇਆ ਅਤੇ ਆਪ ਇਸ ਪਵਿੱਤਰ ਗ੍ਰੰਥ ਉਤੇ ਚੌਰ ਸਾਹਿਬ ਕਰਨ ਦੀ ਸੇਵਾ ਸੰਭਾਲ ਲਈ । ਗੁ: ਸ੍ਰੀ ਰਾਮਸਰ ਸਾਹਿਬ ਜੀ ਦੇ ਅਸਥਾਨ ਤੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵੱਲ ਰਵਾਨਾ ਹੋਣ ਵੇਲੇ ਬਾਬਾ ਬੁੱਢਾ ਸਾਹਿਬ ਜੀ ਨੂੰ ਪੰਚਮ ਪਾਤਸ਼ਾਹ ਜੀ ਨੇ ਬੜੇ ਅਦਬ-ਸਤਿਕਾਰ ਨਾਲ ਸਹਿਜੇ ਸਹਿਜੇ ਕਦਮ ਪੁਟਣ ਲਈ ਬਚਨ ਕੀਤੇ ਤਾਂ ਬਾਬਾ ਜੀ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵੱਲ ਦੇ ਰਸਤੇ ਉੱਪਰ ਚਲਣਾ ਆਰੰਭ ਕੀਤਾ । ਕੁਝ ਸਿਖਾਂ ਨੇ ਰਸਤੇ 'ਚ ਜਲ ਦੇ ਛਿੜਕਾਅ ਕਰਨ ਦੀ ਸੇਵਾ ਸੰਭਾਲ ਲਈ । ਬਾਕੀ ਸੰਗਤਾਂ ਨੇ ਗੁਰੂ ਜੀ ਦੇ ਪਿਛੇ ਵਾਹਿਗੁਰੂ ਅਤੇ ਬਾਣੀ ਦੇ ਸ਼ਬਦਾਂ ਦਾ ਜਾਪ ਓਸ ਵੇਲੇ ਦੇ ਸਾਜ਼ਾਂ ਨਾਲ ਕਰਨ ਦੀ ਸੇਵਾ ਦਾ ਸੁਭਾਗ ਪ੍ਰਾਪਤ ਕਰ ਲਿਆ।

ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅੰਦਰ ਪਹੁੰਚਕੇ ਪੰਚਮ ਪਾਤਸ਼ਾਹ ਜੀ ਅਤੇ ਬਾਬਾ ਬੁੱਢਾ ਸਾਹਿਬ ਜੀ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸਤਿਕਾਰ ਨਾਲ ਪੀਹੜਾ ਸਾਹਿਬ 'ਚ ਟਿਕਾਇਆ ।ਸਾਰੀਆਂ ਸੰਗਤਾਂ ਦੇ ਪਹੁੰਚਣ 'ਤੇ ਪੰਚਮ ਪਾਤਸ਼ਾਹ ਜੀ ਨੇ ਬਾਬਾ ਬੁੱਢਾ ਸਾਹਿਬ ਜੀ ਨੂੰ ਬਚਨ ਕੀਤਾ ("ਬੁੱਢਾ ਸਾਹਿਬ ਖੋਲੋ ਗ੍ਰਿੰਥ ।।ਲੇਹੁ ਅਵਾਜ਼ ਸੁਨਹਿ ਸਭਿ ਪੰਥ।।ਅਦਬ ਸੰਗ ਤਬ ਗ੍ਰਿੰਥ ਸੁ ਖੋਲਾ।। ਲੇ ਅਵਾਜ਼ ਬੁੱਢਾ ਮੁਖ ਬੋਲਾ।।)"

ਤਦ ਬਾਬਾ ਬੁੱਢਾ ਸਾਹਿਬ ਜੀ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ 783-84 ਅੰਗ ਤੋਂ ਛੇ-ਛੇ ਲਾਇਨਾ ਵਾਲਾ ਚਾਰ ਪਦਿਆਂ ਦਾ ਹੁਕਮਨਾਮਾ ਪੰਚਮ ਗੁਰੂ ਜੀ ਅਤੇ ਸੰਗਤਾਂ ਨੂੰ ਸਰਵਨ ਕਰਾਇਆ-------(ਸੂਹੀ ਮਹਲਾ 5।। ਸੰਤਾ ਕੇ ਕਾਰਜਿ ਆਪਿ ਖਲੋਇਆ ਹਰਿ ਕੰਮੁ ਕਰਾਵਣਿ ਆਇਆ ਰਾਮ...।।)।

ਬ੍ਰਹਮ ਗਿਆਨੀ ਬਾਬਾ ਬੁੱਢਾ ਸਾਹਿਬ ਜੀ ਵਲੋਂ ਲਏ ਗਏ ਪਹਿਲੇ ਹੁਕਮਨਾਮੇ ਨੂੰ ਸਰਵਨ ਕਰਕੇ ਗੁਰੂ ਜੀ ਅਤੇ ਸੰਗਤਾਂ ਨੇ ਬਹੁਤ ਖੁਸ਼ੀਆਂ ਮਨਾਈਆਂ ।ਸ੍ਰੀ ਹਰਿਮੰਦਰ ਸਾਹਿਬ ਵਿੱਚ ਪੰਚਮ ਪਾਤਸ਼ਾਹ ਜੀ, ਬਾਬਾ ਬੁੱਢਾ ਸਾਹਿਬ ਜੀ ਅਤੇ ਭਾਈ ਗੁਰਦਾਸ ਸਾਹਿਬ ਜੀ ਆਦਿ ਨੂੰ ਸਾਰੀਆਂ ਸੰਗਤਾਂ ਇਸ ਮਹਾਨ ਕਾਰਜ ਦੀਆਂ ਵਧਾਈਆਂ ਦੇਣ ਲੱਗੀਆਂ । ਸ੍ਰੀ ਗੁਰੂ ਗ੍ਰੰਥ ਸਾਹਿਬ (ਸ੍ਰੀ ਪੋਥੀ ਸਾਹਿਬ) ਦਾ ਪਹਿਲਾ ਪ੍ਰਕਾਸ਼ ਹੋਣ ਤੋਂ ਬਾਅਦ ਸ੍ਰੀ ਗੁਰੂ ਅਰਜਨ ਦੇਵ ਜੀ ਰਾਤ ਸਮੇਂ ਪਲੰਗਾ ਸਾਹਿਬ 'ਤੇ ਬਿਰਾਜਮਾਨ ਨਹੀਂ ਹੋਏ ਸਗੋਂ ਆਪ ਜੀ ਨੇ 'ਸ਼ਬਦ ਗੁਰੂ' ਜੀ ਦੇ ਸਤਿਕਾਰ ਹਿਤ ਜਮੀਨ 'ਤੇ ਆਸਣ ਲਾਕੇ ਆਰਾਮ ਕਰਨਾ ਹੀ ਠੀਕ ਸਮਝਿਆ । ਇਕ ਧੁਰ ਦਰਗਾਹ ਤੋਂ ਆਈ ਬਾਣੀ ਦੇ ਸੰਗ੍ਰਹਿ ਵਾਲੇ 'ਨਾਮ ਰੂਪੀ ਜਹਾਜ਼' ਦਾ ਪ੍ਰਕਾਸ਼, ਪੰਚਮ ਪਾਤਸ਼ਾਹ ਜੀ ਵਲੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ 'ਨਾਮਕ ਜਹਾਜ਼' ਵਿਚ ਬਾਬਾ ਬੁੱਢਾ ਸਾਹਿਬ ਜੀ ਕੋਲੋਂ ਕਰਵਾਕੇ ਬਹੁਤ ਹੀ ਮਹਾਨ ਕਾਰਜ ਕੀਤਾ ਗਿਆ ।

ਅੰਮ੍ਰਿਤ ਸਰੋਵਰ ਵਿੱਚ ਬਣੇ ਸ੍ਰੀ ਹਰਿਮੰਦਰ ਸਾਹਿਬ ਜੀ ਦੀ ਮਹਿਮਾ ਅਤੇ ਸਿਫਤ-ਸਾਲਾਹ ਪੰਚਮ ਪਾਤਸ਼ਾਹ ਜੀ ਖੁਦ ਆਪਣੇ ਮੁਖਾਰਬਿੰਦ ਤੋਂ ਉਚਾਰੀ 'ਫੁਨਹੇ' ਨਾਮ ਵਾਲੀ ਬਾਣੀ ਵਿੱਚ ਕਰਦੇ ਹੋਏ ਫੁਰਮਾਉਂਦੇ ਹਨ (ਡਿਠੇ ਸਭੇ ਥਾਵ ਨਹੀ ਤੁਧ ਜੇਹਿਆ।। ਬਧੋਹੁ ਪੁਰਖਿ ਬਿਧਾਤੈ ਤਾਂ ਤੂ ਸੋਹਿਆ।।) --ਅਤੇ ਅਗਲੀ ਤੁਕ ਵਿਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਾਲੇ ਸਰੋਵਰ ਦੀ ਉਪਮਾ ਕਰਦੇ ਹੋਏ ਪੰਚਮ ਪਾਤਸ਼ਾਹ ਜੀ ਫੁਰਮਾਨ ਕਰਦੇ ਹਨ (ਵਸਦੀ ਸਘਨ ਅਪਾਰ ਅਨੂਪ ਰਾਮਦਾਸ ਪੁਰ।। ਹਰਿਹਾਂ ਨਾਨਕ ਕਸਮਲ ਜਾਹਿ ਨਾਈਐ ਰਾਮਦਾਸ ਸਰ।।10।।)

**ਲੇਖਕ: ਬਾਬਾ ਬੁੱਢਾ ਵੰਸ਼ਜ ਪ੍ਰੋ: ਬਾਬਾ ਨਿਰਮਲ ਸਿੰਘ ਰੰਧਾਵਾ-ਗੁਰੂ ਕੀ ਵਡਾਲੀ-ਛੇਹਰਟਾ 9988066466**

ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਸ੍ਰੀ ਗੁਰੂ ਅਰਜਨ ਦੇਵ ਜੀ ਦੇ ਗੁਰਗੱਦੀ ਦਿਵਸ 'ਤੇ ਵਿਸ਼ੇਸ਼




**ਜਪ੍ਉ ਜਿਨ੍ ਅਰਜੁਨ ਦੇਵ ਗੁਰੂ**
**ਫਿਰਿ ਸੰਕਟ ਜੋਨਿ ਗਰਭ ਨ ਆਯਉ ।।**

ਪੰਜਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਅਰਜਨ ਦੇਵ ਜੀ ਨੇ 15 ਅਪ੍ਰੈਲ ਸੰਨ 1563 ਬਿਕਰਮੀ ਸੰਮਤ 1620 ਨੂੰ ਪਿਤਾ ਗੁਰੂ ਰਾਮਦਾਸ ਜੀ ਅਤੇ ਮਾਤਾ ਭਾਨੀ ਜੀ ਦੇ ਗ੍ਰਹਿ ਗੋਇੰਦਵਾਲ ਸਾਹਿਬ ਵਿਖੇ ਅਵਤਾਰ ਧਾਰਿਆ। ਗੁਰੂ ਅਰਜਨ ਦੇਵ ਜੀ ਦੇ ਵੱਡੇ ਭਰਾਤਾ ਬਾਬਾ ਪ੍ਰਿਥੀ ਚੰਦ (1557) ਦੂਜੇ ਬਾਬਾ ਮਹਾਂਦੇਵ (1560) ਜੀ ਸਨ। ਇਸ ਸਮੇਂ ਗੁਰੂ ਅਮਰਦਾਸ ਜੀ ਗੁਰਗੱਦੀ ਤੇ ਬਿਰਾਜਮਾਨ ਸਨ ਜੋ ਰਿਸ਼ਤੇ ਵਿੱਚ ਆਪਦੇ ਨਾਨਾ ਲੱਗਦੇ ਸਨ। ਗੁਰੂ ਅਮਰਦਾਸ ਜੀ ਬਾਲਕ ਗੁਰੂ ਅਰਜਨ ਦੇਵ ਜੀ ਦੇ ਜਨਮ ਸਮੇਂ ਅਸੀਸ ਦੇਣ ਗਏ ਸਨ ਤੇ ਬਾਲਕ ਨੂੰ ਗੋਦੀ ਉਠਾ ਕੇ ਮੁੱਖੋਂ ਫੁਰਮਾਇਆ ਸੀ ਕਿ: ' ਇਹ ਭਾਰੀ ਪੁਰਖ ਹੋਵੇਗਾ' । ਬਚਪਨ ਸਮੇਂ ਆਪ ਕੱਦ ਕਾਠ ਵਜੋਂ ਸਰੀਰ ਦੇ ਖੁੱਲੇ ਡੁੱਲੇ ਤੇ ਭਾਰੇ ਸਨ। ਇੱਕ ਵਾਰ ਸੱਚੇ ਪਾਤਸ਼ਾਹ ਜੀ ਬਾਲ ਅਵਸਥਾ ਵਿੱਚ ਹੀ ਸਨ, ਅਜੇ ਰਿੜਦੇ ਸਨ। ਗੇਂਦ ਨਾਲ ਖੇਡ ਰਹੇ ਸਨ। ਗੇਂਦ ਰਿੜ ਕੇ ਗੁਰੂ ਅਮਰਦਾਸ ਜੀ ਦੇ ਬਿਸਰਾਮ ਕਰਨ ਵਾਲੇ ਕਮਰੇ ਵਿੱਚ ਚਲੀ ਗਈ। ਗੇਂਦ ਲੈਣ ਲਈ ਰਿੜ੍ਹਦੇ-ਰਿੜ੍ਹਦੇ ਉਸ ਕਮਰੇ ਵਿੱਚ ਪਹੁੰਚ ਗਏ। ਗੇਂਦ ਨਾ ਮਿਲੀ । ਮੰਜਾ ਵੱਡਾ ਸੀ। ਮੰਜੇ ਦੇ ਪਾਵੇ ਫੜ ਕੇ ਉੱਠਣ ਲੱਗੇ ਤਾਂ ਮੰਜਾ ਹਿੱਲਿਆ ਤਾਂ ਗੁਰੂ ਅਮਰਦਾਸ ਜੀ ਨੇ ਸਹਿਜ ਸੁਭਾ ਵਾਕ ਉਚਾਰਿਆ ਕਿ:

**'ਇਹ ਕਿਹੜਾ ਵੱਡਾ ਪੁਰਖ ਹੈ ਭਾਰੀ,**
**ਜਿਸ ਮੰਜੀ ਹਿਲਾਈ ਸਾਡੀ ਸਾਰੀ'।**

ਇਹ ਬਚਨ ਸੁਣ ਕੇ ਮਾਤਾ ਭਾਨੀ ਜੀ ਕਮਰੇ ਵਿੱਚ ਪਹੁੰਚ ਗਏ ਤੇ ਕਿਹਾ ਪਿਤਾ ਜੀ 'ਤੁਹਾਡਾ ਦੋਹਿਤਾ ਜੇ' ਤਾਂ ਗੁਰੂ ਅਮਰਦਾਸ ਜੀ ਨੇ ਦੂਜਾ ਬਚਨ ਕੀਤਾ ਕਿ: 'ਦੋਹਿਤਾ ਬਾਣੀ ਕਾ ਬੋਹਿਥਾ' ਤੇ ਬਾਲਕ ਨੂੰ ਚੁੱਕ ਕੇ ਛਾਤੀ ਨਾਲ ਲਾ ਲਿਆ ਤੇ ਕਿਹਾ ਕਿ: 'ਹੋਵਹੁਗੇ ਤੁਮਹੂੰ ਗੁਰ ਭਾਰੈ'।

ਗੁਰੂ ਅਰਜਨ ਦੇਵ ਜੀ ਨੇ ਗੁਰੂ ਅਮਰਦਾਸ ਜੀ ਦੀ ਗੋਦ ਦਾ ਗਿਆਰਾਂ ਸਾਲ ਚਾਰ ਮਹੀਨੇ ਤੇ ਸਤਾਰਾਂ ਦਿਨ ਨਿੱਘ ਮਾਣਿਆ।ਫਿਰ ਗੁਰੂ ਰਾਮਦਾਸ ਜੀ ਗੁਰਗੱਦੀ ਤੇ ਬਿਰਾਜਮਾਨ ਹੋਏ। ਗੁਰੂ ਰਾਮਦਾਸ ਜੀ ਦੀ ਛੱਤਰ ਛਾਇਆ ਹੇਠ ਸੱਤ ਸਾਲ ਰਹੇ। ਗਿਆਨੀ ਗਿਆਨ ਸਿੰਘ ਲਿੱਖਦੇ ਹਨ ਕਿ ਇੰਨ੍ਹਾਂ ਗਿਆਰਾਂ ਸਾਲਾਂ ਵਿੱਚ ਗੁਰੂ ਅਰਜਨ ਦੇਵ ਜੀ ਇਸ ਵਾਤਾਵਰਨ ਵਿੱਚ ਰਹਿ, ਗੁਰੂ ਗੋਦ ਵਿੱਚ ਪਲ, ਇੱਕ ਧੀਰਜੀ, ਦੂਰ ਅੰਦੇਸ਼ੀ, ਸਤੋਗੁਣੀ ਤੇ ਸਰਬ ਪ੍ਰਕਾਰ ਈਸ਼ਵਰੀ ਬੁੱਧ ਵਾਲੇ ਪੁਰਸ਼ ਬਣ ਗਏ ਸਨ। ਉਹ ਜਾਣ ਗਏ ਸਨ ਕਿ ਗੁਰਗੱਦੀ ਕੁੱਝ ਗ੍ਰਹਿਣ ਕਰਨਾ ਨਹੀ, ਸਗੋਂ ਕੁੱਝ ਦੇਣਾ ਹੈ। ਆਪਣੇ ਆਤਮਿਕ ਸੁੱਖਾਂ ਵਿੱਚੋਂ ਦਾਨ, ਸੰਗਤਾਂ ਨੂੰ ਪ੍ਰਭੂ ਪ੍ਰੇਮ ਵਿੱਚ ਲਗਾ ਕੇ ਪਾਪਾਂ ਤੋਂ ਦੂਰ ਕਰਨਾ ਹੈ ।ਗੁਰੂ ਅਰਜਨ ਦੇਵ ਜੀ ਦੀ ਵਿੱਦਿਆ ਗੁਰੂ ਅਮਰਦਾਸ ਜੀ ਤੋਂ ਗੁਰਮੁੱਖੀ ਦੇ ਅੱਖਰ ਸਿੱਖ ਕੇ ਸ਼ੁਰੂ ਹੋਈ। ਬਾਬਾ ਬੁੱਢਾ ਜੀ ਨੇ ਵੀ ਵਿੱਦਿਆ ਸਿਖਾਈ। ਬਾਬਾ ਮੋਹਰੀ ਜੀ ਨੇ ਗਣਿਤ ਤੇ ਹੋਰ ਵਿਦਿਆ ਸਿਖਾਈ। ਭਾਈ ਗੁਰਦਾਸ ਜੀ ਤੇ ਭਾਈ ਸਾਵਨ ਮੱਲ ਜੀ ਆਪ ਦੇ ਸਹਿਪਾਠੀ ਸਨ। ਦੇਵ ਨਾਗਰੀ ਪਿੰਡ ਦੀ ਚਾਟਸਾਲ ਪਾਂਧੇ ਕੋਲੋਂ ਸਿੱਖੀ। ਫ਼ਾਰਸੀ ਅੱਖਰ ਪਿੰਡ ਦੇ ਮਕਤਬ ਵਿੱਚੋਂ ਸਿੱਖੇ। ਸੰਸਕ੍ਰਿਤ ਪੰਡਿਤ ਬੇਣੀ ਪਾਸੋਂ ਸਿਖੀ। ਬਾਬਾ ਮੋਹਨ ਜੀ ਤੋਂ ਧਿਆਨ ਜੋੜਨ ਦੀ ਵਿਧੀ ਬਚਪਨ ਵਿੱਚ ਹੀ ਸਿੱਖ ਲਈ ਸੀ। ਕੀਰਤਨ ਗੁਰੂ ਅਰਜਨ ਦੇਵ ਜੀ ਆਪ ਹੀ ਕਰਨ ਲੱਗ ਪਏ ਸਨ।

ਸਰਮਾਇਆ-ਇ-ਇਸ਼ਰਤ ਦਾ ਲਿਖਾਰੀ ਲਿੱਖਦਾ ਹੈ ਕਿ ਗੁਰੂ ਜੀ ਸਿਰੰਦਾ ਬਹੁਤ ਅੱਛਾ ਵਜਾਂਦੇ ਸਨ। ਰਾਗਾਂ ਦੇ ਉਹ ਮਾਹਿਰ ਸਨ। ਘੋੜ ਸਵਾਰੀ ਦੇ ਉਹ ਮਾਹਿਰ ਸਨ। ਨੇਜ਼ਾਬਾਜ਼ੀ ਉਹਨਾਂ ਵਰਗੀ ਕੋਈ ਨਹੀ ਸੀ ਕਰ ਸਕਦਾ। ਇਸ ਦਾ ਪ੍ਰਮਾਣ ਉਹਨਾਂ ਦੇ ਵਿਆਹ ਸਮੇਂ ਤੋਂ ਮਿਲਦਾ ਹੈ ।ਜਦੋਂ ਪਿੰਡ ਮਉ ਮਾਤਾ ਗੰਗਾ ਜੀ ਨੂੰ ਵਿਆਹੁਣ ਗਏ ਸਨ ਤਾਂ ਪਿੰਡ ਵਾਲਿਆਂ ਨੇ ਧੋਖੇ ਨਾਲ ਇੱਕ ਜੰਡ ਦੇ ਦਰੱਖਤ ਨੂੰ ਉੱਪਰੋਂ ਕੱਟ ਕੇ ਕਿੱਲੀ ਜਿਹੀ ਬਣਾ ਦਿੱਤੀ ਤੇ ਕਿਹਾ ਕਿ ਸਾਡੇ ਪਿੰਡ ਦਾ ਰਿਵਾਜ਼ ਹੈ ਕਿ ਵਿਆਹੁਣ ਆਏ ਲੜਕੇ ਨੂੰ ਨੇਜ਼ਾਬਾਜ਼ੀ ਕਰਕੇ ਕਿੱਲੀ ਪੁੱਟਣੀ ਪੈਂਦੀ ਹੈ ਤਾਂ ਗੁਰੂ ਜੀ ਨੇ ਪਹਿਲੇ ਹੱਲੇ ਹੀ ਜੰਡ ਦੇ ਦਰੱਖਤ ਨੂੰ ਨੇਜ਼ਾ ਮਾਰ ਕੇ ਜੜ੍ਹੋ ਉਖਾੜ ਕੇ ਰੱਖ ਦਿੱਤਾ ਸੀ ।ਲੰਗਰ ਦੇ ਜੂਠੇ ਬਰਤਨ ਆਪਣੇ ਹੱਥੀਂ ਸਾਫ ਕਰਦੇ ਸਨ। ਰਾਤ ਨੂੰ ਸੰਗਤ ਦੀ ਮੁੱਠੀ ਚਾਪੀ ਕਰਦੇ ਤੇ ਹੱਥੀਂ ਪੱਖਾ ਫੇਰਨ ਦੀ ਸੇਵਾ ਕਰਦੇ ਸਨ। ਇੰਨੀ੍ ਨਿਮਰਤਾ ਸੀ ਸਾਹਿਬ ਜੀ ਵਿੱਚ ।ਗੁਰੂ ਜੀ ਦਾ ਜੀਵਨਕਾਲ 43 ਸਾਲਾਂ ਦਾ ਅਰਸਾ ਹੈ

ਪ੍ਰੋ: ਪੂਰਨ ਸਿੰਘ ਲਿੱਖਦੇ ਹਨ ਕਿ: 'ਪੰਜਾਬ ਵੱਸਦਾ ਗੁਰਾਂ ਦੇ ਨਾਂ ਤੇ' ਗੁਰੂ ਗੋਬਿੰਦ ਸਿੰਘ ਜੀ ਨੇ ਵੀ ਇੱਕ ਪੁੱਛ ਦੇ ਉੱਤਰ ਵਿੱਚ ਕਿਹਾ ਸੀ ਕਿ:

**ਸਿਖ ਨਹੀ ਕੋਈ (ਗੁਰੂ) ਅੰਗਦ ਜੇਹਾ ਹੋਆ।**
**ਟਹਲੀਆ ਨਹੀ ਕੋਈ (ਗੁਰੂ) ਅਮਰਦਾਸ ਜੇਹਾ ਖੜੋਇਆ।**
**ਸਾਕ ਨਹੀ ਕੋਈ ਰਾਮਦਾਸ ਜੈਸਾ।**
**ਪੁਤਰ ਨਹੀ ਕੋਈ ਅਰਜਨ ਵੈਸਾ।**

ਗੁਰੂ ਅਰਜਨ ਦੇਵ ਜੀ ਨੇ ਜੇਹੜਾ ਮਹਾਨ ਕਾਰਜ ਕੀਤਾ, ਉਹ ਆਦਿ ਬੀੜ ਦੀ ਸੰਪਾਦਨਾ ਦਾ ਕੰਮ ਸੀ। ਜਿਸ ਵਿੱਚ ਪੰਜ ਗੁਰੂ ਸਹਿਬਾਨ ਤੇ ਬਾਕੀ ਤਕਰੀਬਨ 30 ਦੇ ਕਰੀਬ ਭੱਟਾਂ, ਭਗਤਾਂ, ਗੁਰਸਿੱਖਾਂ ਤੇ ਸੰਤਾਂ ਦੀ ਬਾਣੀ ਨੂੰ ਸ਼ਾਮਿਲ ਕੀਤਾ ਗਿਆ ਹੈ। ਰਾਮਸਰ ਸਾਹਿਬ ਅੰਮ੍ਰਿਤਸਰ ਸਾਹਿਬ ਵਿੱਚ ਭਾਈ ਗੁਰਦਾਸ ਜੀ ਤੋਂ ਲਿਖਵਾ ਕੇ ਬਾਣੀ ਦੀ 'ਪੋਥੀ ਸਾਹਿਬ' ਤਿਆਰ ਕਰਨ ਦਾ ਮਹਾਨ ਕਾਰਜ ਕੀਤਾ। ਆਦਿ ਬੀੜ ਦਾ ਪਹਿਲਾ ਪ੍ਰਕਾਸ਼ ਸੱਚਖੰਡ ਸ੍ਰੀ ਹਰੀਮੰਦਰ ਸਾਹਿਬ ਵਿੱਚ 1604 ਈ: ਵਿੱਚ ਹੋਇਆ ਤੇ ਹਰੀਮੰਦਰ ਸਾਹਿਬ ਦੇ ਪਹਿਲੇ ਹੈਡ ਗ੍ਰੰਥੀ ਬਾਬਾ ਬੁੱਢਾ ਜੀ ਨੂੰ ਬਣਾਇਆ ਗਿਆ ਤੇ ਜੋ ਪਹਿਲਾ ਮੁੱਖਵਾਕ ਆਇਆ 'ਸੰਤਾਂ ਕੇ ਕਾਰਜ ਆਪ ਖਲੋਆ' ਸੀ ।ਗੁਰੂ ਅਰਜਨ ਦੇਵ ਜੀ 43 ਸਾਲ 1 ਮਹੀਨਾ ਤੇ 15 ਦਿਨ ਦੀ ਸੰਸਾਰਿਕ ਆਯੂ ਵਿੱਚੋਂ 24 ਸਾਲ 8 ਮਹੀਨੇ ਤੇ 29 ਦਿਨ ਗੁਰਤਾਗੱਦੀ ਤੇ ਬਿਰਾਜਮਾਨ ਰਹੇ। ਉਹਨਾਂ ਦੁਆਰਾ ਕੀਤੇ ਕਾਰਜਾਂ ਦਾ ਵੇਰਵਾ ਹੈਰਾਨ ਕਰਨ ਵਾਲਾ ਹੈ। ਅੰਮ੍ਰਿਤਸਰ ਦੇ ਹਰਿਮੰਦਰ ਸਾਹਿਬ ਦਾ ਨਿਰਮਾਣ, ਗੁਰੂ ਗ੍ਰੰਥ ਸਾਹਿਬ ਜੀ ਦੀ ਆਦਿ ਬੀੜ ਦਾ ਸੰਕਲਨ, ਨਵੇਂ ਨਗਰਾਂ ਦੀ ਸਥਾਪਨਾ ਤੇ ਵਿਕਾਸ, ਸਿੱਖੀ ਦਾ ਪਸਾਰ ਤੇ ਸੰਗਠਨ ਤੇ ਧਰਮ ਦੀ ਰੱਖਿਆ ਹਿੱਤ ਆਪਣਾ ਬਲੀਦਾਨ ਗੁਰੂ ਸਾਹਿਬ ਜੀ ਦੇ ਅਹਿਮ ਕਾਰਜ ਸਨ, ਜਿੰਨ੍ਹਾਂ ਦਾ ਪ੍ਰਭਾਵ ਪੰਜਾਬ ਹੀ ਨਹੀ, ਭਾਰਤ ਦੇ ਜਨਜੀਵਨ ਉੱਤੇ ਅਮਿੱਟ ਛਾਪ ਛੱਡ ਗਿਆ ਹੈ। ਉਹਨਾਂ ਨੇ ਅੰਮ੍ਰਿਤਸਰ ਦਾ ਨਿਰਮਾਣ ਕਰਵਾਇਆ, ਅੰਮ੍ਰਿਤਸਰ ਦੇ ਸਰੋਵਰ ਤੋਂ ਬਿਨ੍ਹਾਂ, ਸੰਤੋਖਸਰ ਤੇ ਤਰਨਤਾਰਨ ਸਾਹਿਬ ਦੇ ਸਰੋਵਰ ਖੁਦਵਾਏ ਤੇ ਮੁਕੰਮਲ ਕਰਵਾਏ। ਛੇਹਰਟਾ ਅੰਮ੍ਰਿਤਸਰ ਵਿਖੇ ਛੇਹਰਟਾਂ ਵਾਲਾ ਖੂਹ ਲਗਵਾਇਆ, ਕਰਤਾਰਪੁਰ ਵਸਾਇਆਂ, ਬਉਲੀਆਂ ਤੇ ਖੂਹਾਂ ਦੀ ਖੁਦਵਾਈ ਕਰਵਾਈ। ਅੰਮ੍ਰਿਤਸਰ ਸਾਹਿਬ ਵਿੱਚ ਹਰੀਮੰਦਰ ਸਾਹਿਬ ਦੀ ਸਥਾਪਨਾ ਕੀਤੀ ਤੇ ਸ਼ਹਿਰ ਵਸਾਇਆ। ਹਰ ਕਿਤੇ ਦੇ ਲੋਕਾਂ ਨੂੰ ਇੱਥੇ ਲਿਆ ਕੇ ਵਸਾਇਆ। ਅੱਜ ਵੀ ਉਸੇ ਨਾਮ ਨਾਲ ਹੀ ਬਜ਼ਾਰ ਮਸਹੂਰ ਹਨ ਜਿਵੇ: ਚਾਵਲ ਮੰਡੀ, ਆਟਾ ਮੰਡੀ, ਲੱਕੜ ਮੰਡੀ, ਦਾਣਾ ਮੰਡੀ, ਘਿਉ ਮੰਡੀ, ਲੂਣ ਮੰਡੀ, ਗੁਰੂ ਬਜ਼ਾਰ ਆਦਿ ਹੋਰ ਵੀ ਕਈ ਬਜ਼ਾਰ ਹਨ।

**ਭੱਟ ਮਥੁਰਾ ਜੀ ਵੀ ਫੁਰਮਾਉਂਦੇ ਹਨ ਕਿ:**
**ਜਪ੍ਉ ਜਿਨ੍ ਅਰਜੁਨ ਦੇਵ ਗੁਰੂ**
**ਫਿਰਿ ਸੰਕਟ ਜੋਨਿ ਗਰਭ ਨ ਆਯਉ ।।**
**ਸ੍ਰੀ ਗੁਰੂ ਗ੍ਰੰਥ ਸਾਹਿਬ ਅੰਗ- 1409**

ਭਾਵ ਕਿ ਹੇ ਮਥੁਰਾ! ਹੁਣ ਸੱਚੀ ਵਿਚਾਰ ਇਹ ਹੈ ਕਿ ਜਗਤ ਨੂੰ ਤਾਰਨ ਲਈ (ਹਰੀ ਨੇ ਗੁਰੂ ਅਰਜਨ) ਅਵਤਾਰ ਬਣਾਇਆ ਹੈ। ਜਿੰਨ੍ਹਾਂ ਨੇ ਗੁਰੂ ਅਰਜਨ ਦੇਵ ਜੀ ਨੂੰ ਜਪਿਆ ਹੈ, ਉਹ ਪਰਤ ਕੇ ਗਰਭ ਜੂਨ ਤੇ ਦੁੱਖਾਂ ਵਿੱਚ ਨਹੀ ਆਏ। ਆਉ ਆਪਾਂ ਵੀ ਸਾਰੇ ਗੁਰੂ ਅਰਜਨ ਦੇਵ ਸਹਿਬ ਜੀ ਦੇ ਦਰਸਾਏ ਮਾਰਗ ਤੇ ਚੱਲ ਕੇ ਆਪਣਾ ਜੀਵਨ ਸਫਲ ਬਣਾਈਏ।

**-ਧਰਮਿੰਦਰ ਸਿੰਘ(ਚੱਬਾ), ਪਿੰਡ ਤੇ ਡਾਕ: ਚੱਬਾ, ਤਰਨ ਤਾਰਨ ਰੋਡ, ਅੰਮ੍ਰਿਤਸਰ**

## ਪਹਿਲੇ ਪ੍ਰਕਾਸ਼ ਪੁਰਬ ਮੌਕੇ ਸ੍ਰੀ ਹਰਿਮੰਦਰ ਸਾਹਿਬ ਵਿਖੇ

# ਵੱਡੀ ਗਿਣਤੀ 'ਚ ਸੰਗਤਾਂ ਨੇ ਭਰੀ ਹਾਜ਼ਰੀ

### ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਤੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੱਕ ਸਜਾਇਆ ਨਗਰ ਕੀਰਤਨ





**ਨਵੀਂ ਦਿੱਲੀ, 12 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਦਿਹਾੜੇ ਮੌਕੇ ਅੱਜ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅਤੇ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਵਿਖੇ ਵੱਡੀ ਗਿਣਤੀ ਸੰਗਤਾਂ ਨੇ ਨਤਮਸਤਕ ਹੋ ਕੇ ਗੁਰਬਾਣੀ ਕੀਰਤਨ ਅਤੇ ਗੁਰਮਤਿ ਸਮਾਗਮਾਂ ਵਿਚ ਹਾਜ਼ਰੀ ਭਰਦਿਆਂ ਗੁਰੂ ਸਾਹਿਬ ਪ੍ਰਤੀ ਸ਼ਰਧਾ ਦਾ ਪ੍ਰਗਟਾਵਾ ਕੀਤਾ। ਇਸ ਮੌਕੇ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਮਗਰੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਅਤੇ ਪੰਜ ਪਿਆਰਿਆ ਦੀ ਅਗਵਾਈ ਪੁਰਾਤਨ ਸਿੱਖ ਪਰੰਪਰਾ ਅਨੁਸਾਰ ਨਗਰ ਕੀਰਤਨ ਸਜਾਇਆ ਗਿਆ, ਜੋ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਪੁੱਜ ਕੇ ਸੰਪੰਨ ਹੋਇਆ। ਨਗਰ ਕੀਰਤਨ ਦੀ ਰਵਾਨਗੀ ਸਮੇਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਅਮਰਜੀਤ ਸਿੰਘ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਅਤੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਟੇਕ ਸਿੰਘ ਨੇ ਪੰਜ ਪਿਆਰੇ, ਨਿਸ਼ਾਨਚੀ ਤੇ ਨਗਾਰਚੀ ਸਿੰਘਾਂ ਨੂੰ ਸਿਰੋਪਾਓ ਦੇ ਕੇ ਸਤਿਕਾਰ ਦਿੱਤਾ। ਇਸ ਮੌਕੇ ਵੱਡੀ ਗਿਣਤੀ 'ਚ ਪੰਥਕ ਸ਼ਖ਼ਸੀਅਤਾਂ ਅਤੇ ਸੰਗਤਾਂ ਪੁੱਜੀਆਂ ਹੋਈਆਂ ਸਨ। ਇਸ ਮੌਕੇ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਨੇ ਸੰਗਤਾਂ ਨਾਲ ਕਥਾ-ਵਿਚਾਰਾਂ ਦੀ ਸਾਂਝ ਪਾਈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਪਾਵਨ ਬਾਣੀ ਸਿੱਖ ਦੇ ਜੀਵਨ ਦਾ ਅਧਾਰ ਹੈ ਅਤੇ ਹਰ ਸਿੱਖ ਦਾ ਫ਼ਰਜ਼ ਹੈ ਕਿ ਉਹ ਗੁਰਬਾਣੀ 'ਚ ਦਰਸਾਏ ਮਾਰਗ 'ਤੇ ਚੱਲ ਕੇ ਜੀਵਨ ਬਤੀਤ ਕਰੇ। ਗਿਆਨੀ ਅਮਰਜੀਤ ਸਿੰਘ ਨੇ ਸੰਗਤਾਂ ਨੂੰ ਪਹਿਲੇ ਪ੍ਰਕਾਸ਼ ਪੁਰਬ ਦੀ ਵਧਾਈ ਦਿੰਦਿਆਂ ਪਾਵਨ ਗੁਰਬਾਣੀ ਅਤੇ ਗੁਰਮਤਿ ਰਹਿਣੀ ਅਨੁਸਾਰ ਜੀਵਨ ਬਤੀਤ ਕਰਨ ਦੀ ਪ੍ਰੇਰਣਾ ਕੀਤੀ। ਨਗਰ ਕੀਰਤਨ 'ਚ ਸ਼ਾਮਲ ਹੋਣ ਪੁੱਜੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸੰਗਤਾਂ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਦੀ ਵਧਾਈ ਦਿੰਦਿਆਂ ਗੁਰਮਤਿ ਰਹਿਣੀ ਨੂੰ ਜੀਵਨ ਦਾ ਹਿੱਸਾ ਬਣਾਉਣ ਦੀ ਅਪੀਲ ਕੀਤੀ। ਐਡਵੋਕੇਟ ਧਾਮੀ ਨੇ ਕਿਹਾ ਕਿ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਨੇ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸੰਪਾਦਨਾ ਕਰਵਾ ਕੇ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਿਆ। ਉਨ੍ਹਾਂ ਕਿਹਾ ਕਿ ਗੁਰਬਾਣੀ ਮਨੁੱਖਤਾ ਨੂੰ ਜੀਵਨ ਦਾ ਰਾਹ ਦਰਸਾਉਂਦੀ ਹੈ। ਮਨੁੱਖੀ ਜੀਵਨ ਨੂੰ ਸੁਖਦਾਈ ਬਣਾਉਣ ਲਈ ਗੁਰਬਾਣੀ ਇਕ ਅਹਿਮ ਮਾਰਗ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਸੰਗਤਾਂ ਨੂੰ ਗੁਰਬਾਣੀ ਨਿਤਨੇਮ ਨਾਲ ਜੁੜਨ ਅਤੇ ਅੰਮ੍ਰਿਤਧਾਰੀ ਹੋਣ ਦੀ ਪ੍ਰੇਰਣਾ ਵੀ ਕੀਤੀ। ਨਗਰ ਕੀਰਤਨ ਸਮੇਂ ਸਿੱਖ ਨੌਜੁਆਨਾਂ ਵੱਲੋਂ ਗਤਕਾ ਪ੍ਰਦਰਸ਼ਨ ਦੇ ਨਾਲ-ਨਾਲ ਸ਼ਬਦੀ ਜਥਿਆਂ ਨੇ ਸ਼ਬਦ ਗਾਇਨ ਕਰਕੇ ਸ਼ਰਧਾ ਦਾ ਪ੍ਰਗਟਾਵਾ ਕੀਤਾ। ਇਸੇ ਦੌਰਾਨ ਰਸਤੇ ਵਿਚ ਸ਼ਰਧਾਲੂਆਂ ਵੱਲੋਂ ਵੱਖ-ਵੱਖ ਪਕਵਾਨਾਂ ਦੇ ਲੰਗਰ ਵੀ ਲਗਾਏ ਗਏ।

ਆਵਾਜ਼ਿ ਕੌਮ AWAZE QAUM International Newspaper & WEB TV

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਸ. ਸੁਰਜੀਤ ਸਿੰਘ ਭਿੱਟੇਵੱਡ, ਸ. ਬਾਵਾ ਸਿੰਘ ਗੁਮਾਨਪੁਰਾ, ਭਾਈ ਅਜੈਬ ਸਿੰਘ ਅਭਿਆਸੀ, ਸ. ਗੁਰਮੀਤ ਸਿੰਘ ਬੂਹ, ਸ. ਅਮਰਜੀਤ ਸਿੰਘ ਭਲਾਈਪੁਰ, ਭਾਈ ਮਨਜੀਤ ਸਿੰਘ, ਸ. ਅਮਰਜੀਤ ਸਿੰਘ ਬੰਡਾਲਾ, ਸ. ਬਲਵਿੰਦਰ ਸਿੰਘ ਵੇਈਂਪੂਈਂ, ਬਾਬਾ ਗੁਰਮੀਤ ਸਿੰਘ ਤ੍ਰਿਲੋਕੇਵਾਲਾ, ਓਐਸਡੀ ਸ. ਸਤਬੀਰ ਸਿੰਘ, ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਸ. ਗੁਰਿੰਦਰ ਸਿੰਘ ਮਥਰੇਵਾਲ, ਨਿੱਜੀ ਸਕੱਤਰ ਸ. ਸ਼ਾਹਬਾਜ਼ ਸਿੰਘ, ਵਧੀਕ ਸਕੱਤਰ ਸ. ਬਿਜੈ ਸਿੰਘ, ਸ. ਪ੍ਰੀਤਪਾਲ ਸਿੰਘ, ਸ. ਤੇਜਿੰਦਰ ਸਿੰਘ ਪੱਡਾ, ਸ. ਜਸਵਿੰਦਰ ਸਿੰਘ ਜੱਸੀ, ਸ. ਭਗਵੰਤ ਸਿੰਘ ਧੰਗੇੜਾ, ਮੀਤ ਸਕੱਤਰ ਸ. ਗੁਰਦਿਆਲ ਸਿੰਘ, ਸ. ਗੁਰਨਾਮ ਸਿੰਘ, ਸ. ਮਨਜੀਤ ਸਿੰਘ, ਸ. ਹਰਭਜਨ ਸਿੰਘ ਵਕਤਾ, ਸ. ਸੁਖਬੀਰ ਸਿੰਘ, ਸ. ਅਜ਼ਾਦ ਦੀਪ ਸਿੰਘ, ਸ. ਗੁਰਮੀਤ ਸਿੰਘ ਮੁਕਤਸਰੀ, ਸ. ਸਤਨਾਮ ਸਿੰਘ ਰਿਆੜ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਮੇਜਰ ਸਿੰਘ, ਅਰਦਾਸੀਆ ਭਾਈ ਪ੍ਰੇਮ ਸਿੰਘ, ਸੁਪ੍ਰਿੰਟੈਂਡੈਂਟ ਸ. ਨਿਸ਼ਾਨ ਸਿੰਘ, ਸ. ਮਲਕੀਤ ਸਿੰਘ ਬਹਿੜਵਾਲ, ਮੈਨੇਜਰ ਸ. ਜਤਿੰਦਰਪਾਲ ਸਿੰਘ, ਸ. ਨਰਿੰਦਰ ਸਿੰਘ, ਸ. ਰਾਜਿੰਦਰ ਸਿੰਘ ਰੂਬੀ, ਸ. ਗੁਰਪ੍ਰੀਤ ਸਿੰਘ, ਗੁਰਦੁਆਰਾ ਸ਼ਹੀਦ ਗੰਜ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਸੁਰਜੀਤ ਸਿੰਘ ਸਭਰਾਅ, ਪ੍ਰਚਾਰਕ ਭਾਈ ਬਲਵੰਤ ਸਿੰਘ ਐਨੋਕੋਟ, ਫੈਡਰੇਸ਼ਨ ਆਗੂ ਸ. ਅਮਨਬੀਰ ਸਿੰਘ ਢੋਟ, ਸ. ਕੰਵਰਚੜ੍ਹਤ ਸਿੰਘ ਸਮੇਤ ਵੱਖ-ਵੱਖ ਸਭਾ ਸੁਸਾਇਟੀਆਂ ਦੇ ਨੁਮਾਇੰਦੇ ਅਤੇ ਸੰਗਤਾਂ ਨੇ ਹਾਜ਼ਰੀ ਭਰੀ।

**ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਤੇ ਗੁਰਦੁਆਰਾ ਬਾਬਾ ਅਟੱਲ ਰਾਏ ਸਾਹਿਬ ਵਿੱਖੇ ਸਜਾਏ ਜਲੌ** : ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਦਿਹਾੜੇ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਗੁਰਦੁਆਰਾ ਬਾਬਾ ਅਟੱਲ ਰਾਇ ਸਾਹਿਬ ਵਿਖੇ ਜਲੌ ਸਜਾਏ ਗਏ। ਇਸ ਦੇ ਨਾਲ ਹੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਰੰਗ-ਬਿਰੰਗੇ ਫੁੱਲਾਂ ਦੀ ਸਜਾਵਟ ਵੀ ਸੰਗਤਾਂ ਲਈ ਖਿੱਚ ਦਾ ਕੇਂਦਰ ਰਹੀ। ਇਸ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅਤੇ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਸਮੇਤ ਵੱਖ-ਵੱਖ ਧਾਰਮਿਕ ਅਸਥਾਨਾਂ ਨੂੰ ਦੀਪਮਾਲਾ ਨਾਲ ਸਜਾਇਆ ਗਿਆ। ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸਜਾਏ ਗੁਰਮਤਿ ਸਮਾਗਮ 'ਚ ਰਾਗੀ, ਢਾਡੀ ਅਤੇ ਕਵੀਸ਼ਰ ਜਥਿਆਂ ਨੇ ਸੰਗਤ ਨੂੰ ਗੁਰੂ ਜਸ ਨਾਲ ਜੋੜਿਆ।

### ਨਸ਼ਾ ਪੰਜਾਬ ਦੇ ਘਰਾਂ ਦੇ ਚਿਰਾਗ ਬੁਝਾ ਰਿਹਾ ਹੈ, ਮਾਨ ਸਰਕਾਰ ਦੀ ਨਾਕਾਮੀ ਨੇ ਇਸ ਅੱਗ ਨੂੰ ਹੋਰ ਭੜਕਣ ਦਿੱਤਾ

# ਨਸ਼ਾ ਮੁਕਤ ਪੰਜਾਬ ਯਾਤਰਾ ਪੰਜਾਬ ਦੀ ਜਵਾਨੀ ਨੂੰ ਬਚਾਉਣ ਦਾ ਸੰਕਲਪ



**ਅੰਮ੍ਰਿਤਸਰ, 12 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਭਾਜਪਾ ਬੁਲਾਰੇ ਅਤੇ ਸਿੱਖ ਚਿੰਤਕ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਕਿਹਾ ਕਿ ਨਸ਼ਾ ਪੰਜਾਬ ਦੇ ਘਰਾਂ ਦੇ ਚਿਰਾਗ. ਬੁਝਾ ਰਿਹਾ ਹੈ ਅਤੇ ਮਾਨ ਸਰਕਾਰ ਦੀ ਨਾਕਾਮੀ ਇਸ ਅੱਗ ਨੂੰ ਹੋਰ ਫੈਲਣ ਦੇ ਰਹੀ ਹੈ। ਇਸੇ ਸੰਦਰਭ ਵਿੱਚ ਭਾਰਤੀ ਜਨਤਾ ਪਾਰਟੀ ਦੀ 'ਨਸ਼ਾ ਮੁਕਤ ਪੰਜਾਬ ਯਾਤਰਾ' ਸਿਰਫ਼ ਇੱਕ ਸਿਆਸੀ ਪ੍ਰੋਗਰਾਮ ਨਹੀਂ, ਸਗੋਂ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਦੀ ਦਲਦਲ ਵਿੱਚੋਂ ਕੱਢਣ ਲਈ ਇੱਕ ਵੱਡਾ ਜਨ ਅੰਦੋਲਨ ਖੜ੍ਹਾ ਕਰਨ ਦਾ ਸੰਕਲਪ ਹੈ। ਪ੍ਰੋ. ਖਿਆਲਾ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਜੀ ਦੇ ਨਸ਼ਾ ਮੁਕਤ ਭਾਰਤ ਦੇ ਸੰਕਲਪ ਨੂੰ ਅੱਗੇ ਵਧਾਉਂਦਿਆਂ ਭਾਜਪਾ, ਸ. ਕੇਵਲ ਸਿੰਘ ਢਿੱਲੋਂ ਦੀ ਅਗਵਾਈ ਵਿੱਚ, ਪੰਜਾਬ ਨੂੰ ਮੁੜ ਸੁਰੱਖਿਅਤ, ਸਿਹਤਮੰਦ, ਖ਼ੁਸ਼ਹਾਲ ਅਤੇ ਨਸ਼ਾ ਮੁਕਤ ਬਣਾਉਣ ਲਈ ਲੋਕਾਂ ਦੀ ਤਾਕਤ ਨਾਲ ਇਹ ਲੜਾਈ ਜਿੱਤੇਗੀ। ਪੰਜਾਬ ਦੇ ਲੋਕਾਂ ਨੂੰ ਸੱਦਾ ਦਿੰਦਿਆਂ ਉਨ੍ਹਾਂ ਹੋਕਾ ਦਿੱਤਾ ਕਿ ਇਹ ਕਿਸੇ ਇੱਕ ਪਾਰਟੀ ਦੀ ਲੜਾਈ ਨਹੀਂ, ਸਗੋਂ ਪੰਜਾਬ ਦੀ ਹਰ ਮਾਂ, ਹਰ ਭੈਣ, ਹਰ ਪਿਤਾ ਅਤੇ ਹਰ ਨੌਜਵਾਨ ਦੀ ਲੜਾਈ ਹੈ। ਆਓ, ਨਸ਼ਿਆਂ ਵਿਰੁੱਧ ਆਵਾਜ਼ ਨੂੰ ਘਰ-ਘਰ ਪਹੁੰਚਾਈਏ ਅਤੇ 'ਨਸ਼ਾ ਮੁਕਤ ਪੰਜਾਬ' ਨੂੰ ਪੰਜਾਬ ਦੇ ਹਰ ਪਰਿਵਾਰ ਦਾ ਸੰਕਲਪ ਬਣਾਈਏ। ਪ੍ਰੋ. ਖਿਆਲਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਅਤੇ ਅਰਵਿੰਦ ਕੇਜਰੀਵਾਲ ਨੇ ਪੰਜਾਬ ਵਿੱਚ ਤਿੰਨ ਮਹੀਨਿਆਂ ਵਿੱਚ ਨਸ਼ਾ ਖ਼ਤਮ ਕਰਨ ਦੀ ਗਾਰੰਟੀ ਦਿੱਤੀ ਸੀ, ਪਰ ਸਾਢੇ ਚਾਰ ਸਾਲ ਬਾਅਦ ਵੀ ਪੰਜਾਬ ਨਸ਼ਿਆਂ ਦੀ ਮਾਰ ਝੱਲ ਰਿਹਾ ਹੈ। ਉਨ੍ਹਾਂ ਸਖ਼ਤ ਸਵਾਲ ਕੀਤਾ ਕਿ ਜੇ ਸਰਕਾਰ ਦੇ ਨਸ਼ਾ ਖ਼ਤਮ ਕਰਨ ਦੇ ਦਾਅਵੇ ਵਿੱਚ ਦਮ ਹੈ ਤਾਂ ਨਸ਼ਾ ਘਰ-ਘਰ ਕਿਵੇਂ ਪਹੁੰਚ ਰਿਹਾ ਹੈ ਅਤੇ ਨਸ਼ੇ ਦੇ ਕਾਰੋਬਾਰ ਨੂੰ ਰੋਕਣ ਲਈ ਸਰਕਾਰ ਕਰ ਕੀ ਰਹੀ ਹੈ? ਅਸਲ 'ਚ ਹੁਣ ਸਰਕਾਰ ਦੇ ਆਪਣੇ ਸੀਨੀਅਰ ਆਗੂ ਵੀ ਇਸ ਨਾਕਾਮੀ ਨੂੰ ਜਨਤਕ ਤੌਰ 'ਤੇ ਸਵੀਕਾਰ ਕਰਨ ਲੱਗੇ ਹਨ। 1 ਸਤੰਬਰ ਨੂੰ ਵਿਧਾਨ ਸਭਾ ਦੇ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਵੱਲੋਂ ਨਸ਼ਾ ਖ਼ਤਮ ਕਰਨ ਦੀ ਗਾਰੰਟੀ ਪੂਰੀ ਨਾ ਹੋਣ ਦੀ ਗੱਲ ਕਰਨਾ ਮਾਨ ਸਰਕਾਰ ਦੀ ਨਾਕਾਮੀ ਦਾ ਸਪੱਸ਼ਟ ਸਬੂਤ ਹੈ। ਪ੍ਰੋ. ਖਿਆਲਾ ਨੇ ਕਿਹਾ ਕਿ ਸਭ ਤੋਂ ਦੁਖਦਾਈ ਗੱਲ ਇਹ ਹੈ ਕਿ ਪੰਜਾਬ ਵਿੱਚ ਨਸ਼ਿਆਂ ਵਿਰੁੱਧ ਸਵਾਲ ਪੁੱਛਣ ਵਾਲਿਆਂ ਨੂੰ ਜਵਾਬ ਦੇਣ ਦੀ ਥਾਂ ਡਰਾਇਆ-ਧਮਕਾਇਆ ਜਾ ਰਿਹਾ ਹੈ। ਮੁੱਖ ਮੰਤਰੀ ਦੇ ਆਪਣੇ ਜ਼ਿਲ੍ਹੇ ਸੰਗਰੂਰ ਵਿੱਚ ਮੋਹਨਜੀਤ ਸਿੰਘ ਸੋਰੋਂ ਅਤੇ ਤੂਰ ਬਨਜਾਰਾ ਦੇ ਗੁਲਜ਼ਾਰ ਸਿੰਘ ਨਾਲ ਵਾਪਰੀਆਂ ਘਟਨਾਵਾਂ ਸਰਕਾਰ ਦੇ ਰਵੱਈਏ 'ਤੇ ਗੰਭੀਰ ਸਵਾਲ ਖੜ੍ਹੇ ਕਰਦੀਆਂ ਹਨ। ਉਨ੍ਹਾਂ ਕਿਹਾ, "ਲੋਕਤੰਤਰ ਵਿੱਚ ਸਵਾਲ ਕਰਨਾ ਜੁਰਮ ਨਹੀਂ। ਜਿਹੜੀ ਸਰਕਾਰ ਨਸ਼ਾ ਰੋਕਣ ਦੀ ਥਾਂ ਨਸ਼ਿਆਂ ਬਾਰੇ ਸਵਾਲ ਕਰਨ ਵਾਲਿਆਂ ਦੀ ਆਵਾਜ਼ ਬੰਦ ਕਰਾਉਣ ਲੱਗ ਪਵੇ, ਉਸ ਤੋਂ ਪੰਜਾਬ ਦੀ ਜਵਾਨੀ ਦੀ ਰੱਖਿਆ ਦੀ ਉਮੀਦ ਕਿਵੇਂ ਕੀਤੀ ਜਾ ਸਕਦੀ ਹੈ?" ਪ੍ਰੋ. ਖਿਆਲਾ ਨੇ ਕਿਹਾ ਕਿ ਨਸ਼ਿਆਂ ਨੇ ਪੰਜਾਬ ਦੇ ਹਜ਼ਾਰਾਂ ਘਰ ਉਜਾੜ ਦਿੱਤੇ ਹਨ। ਮਾਵਾਂ ਦੇ ਪੁੱਤ, ਪਤਨੀਆਂ ਦੇ ਪਤੀ ਅਤੇ ਬੱਚਿਆਂ ਦੇ ਪਿਉ ਨਸ਼ਿਆਂ ਦੀ ਭੇਟ ਚੜ੍ਹ ਰਹੇ ਹਨ। ਇਹ ਸਿਰਫ਼ ਨਸ਼ੇ ਦੀ ਸਮੱਸਿਆ ਨਹੀਂ, ਸਗੋਂ ਪੰਜਾਬ ਦੇ ਪਰਿਵਾਰ, ਸਮਾਜ, ਅਰਥਵਿਵਸਥਾ ਅਤੇ ਸੁਰੱਖਿਆ ਨਾਲ ਜੁੜਿਆ ਗੰਭੀਰ ਸੰਕਟ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀ ਉਹ ਜਵਾਨੀ ਜੋ ਕਦੇ ਖੇਡਾਂ, ਫ਼ੌਜ ਅਤੇ ਦੇਸ਼ ਨਿਰਮਾਣ ਵਿੱਚ ਅੱਗੇ ਰਹਿੰਦੀ ਸੀ, ਉਸ ਦੀ ਊਰਜਾ ਅੱਜ ਨਸ਼ਿਆਂ ਵਿੱਚ ਬਰਬਾਦ ਹੋ ਰਹੀ ਹੈ। ਉਨ੍ਹਾਂ ਕਿਹਾ ਕਿ 'ਨਸ਼ਾ ਮੁਕਤ ਪੰਜਾਬ' ਦਾ ਲੋਗੋ ਸਿਰਫ਼ ਇੱਕ ਪ੍ਰਤੀਕ ਨਹੀਂ, ਸਗੋਂ ਹਰ ਪਿੰਡ, ਹਰ ਗਲੀ ਅਤੇ ਹਰ ਨੌਜਵਾਨ ਦੇ ਹੱਥ ਵਿੱਚ ਨਸ਼ਿਆਂ ਵਿਰੁੱਧ ਜੰਗ ਦਾ ਸੰਕਲਪ ਬਣੇਗਾ। ਭਾਜਪਾ ਪੰਜਾਬ ਦੇ ਲੋਕਾਂ ਨੂੰ ਨਾਲ ਲੈ ਕੇ ਨਸ਼ਿਆਂ ਖ਼ਿਲਾਫ਼ ਨਿਰਨਾਇਕ ਲੜਾਈ ਲੜੇਗੀ। ਪ੍ਰੋ. ਖਿਆਲਾ ਨੇ ਦੱਸਿਆ ਕਿ ਭਾਜਪਾ ਦੀ 'ਨਸ਼ਾ ਮੁਕਤ ਪੰਜਾਬ ਯਾਤਰਾ' 13 ਦਿਨਾਂ ਵਿੱਚ ਪੰਜਾਬ ਦੀਆਂ ਸਾਰੀਆਂ 117 ਵਿਧਾਨ ਸਭਾ ਸੀਟਾਂ ਨੂੰ ਕਵਰ ਕਰੇਗੀ। ਚਾਰ ਰੂਟਾਂ ਰਾਹੀਂ ਲਗਭਗ 4,000 ਕਿਲੋਮੀਟਰ ਦਾ ਸਫ਼ਰ ਤੈਅ ਕੀਤਾ ਜਾਵੇਗਾ। 30 ਸਤੰਬਰ ਨੂੰ ਸਾਂਝੇ ਸਮਾਪਤੀ ਸਮਾਗਮ ਕੇਂਦਰੀ ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਜੀ ਦੇ ਸੰਬੋਧਨ ਨਾਲ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਯਾਤਰਾ ਦੌਰਾਨ ਨਸ਼ਾ ਪੀੜਤ ਪਰਿਵਾਰਾਂ, ਸਥਾਨਕ ਐਨਜੀਓਜ਼, ਖੇਡ ਕਲੱਬਾਂ ਅਤੇ ਪਿੰਡ ਪੱਧਰੀ ਕਮੇਟੀਆਂ ਨਾਲ ਸਿੱਧਾ ਸੰਪਰਕ ਕੀਤਾ ਜਾਵੇਗਾ। ਨੌਜਵਾਨਾਂ ਅਤੇ ਭਾਜਪਾ ਵਰਕਰਾਂ ਤੋਂ 'ਨਸ਼ਾ ਮੁਕਤ ਪੰਜਾਬ' ਦਾ ਸੰਕਲਪ ਵੀ ਲਿਆ ਜਾਵੇਗਾ। ਉਨ੍ਹਾਂ ਸਮੂਹ ਪੰਜਾਬ ਵਾਸੀਆਂ ਨੂੰ ਇਸ ਮੁਹਿੰਮ 'ਚ ਵਧ ਚੜ ਕੇ ਸ਼ਾਮਲ ਹੋਣ ਦਾ ਸਦਾ ਦਿਤਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

## 9/11 ਦੀ 25ਵੀਂ ਬਰਸੀ ਮੌਕੇ ਡਬਲਯੂਐੱਸਪੀ ਵੱਲੋਂ ਸ਼ਰਧਾਂਜਲੀ, ਨਸਲਵਾਦ, ਨਫ਼ਰਤ ਤੇ ਅੱਤਵਾਦ ਖ਼ਿਲਾਫ਼ ਇਕਜੁੱਟ ਹੋਣ ਦਾ ਸੱਦਾ



**ਨਵੀਂ ਦਿੱਲੀ, 12 ਸਤੰਬਰ (ਮਨਪ੍ਰੀਤ ਸਿੰਘ ਖਾਲਸਾ)**:- ਅਮਰੀਕਾ ਦੀ ਧਰਤੀ 'ਤੇ 11 ਸਤੰਬਰ 2001 ਨੂੰ ਹੋਏ ਭਿਆਨਕ ਅੱਤਵਾਦੀ ਹਮਲਿਆਂ ਦੀ 25ਵੀਂ ਬਰਸੀ ਮੌਕੇ ਡਬਲਯੂਐੱਸਪੀ ਵੱਲੋਂ ਹਮਲਿਆਂ ਵਿੱਚ ਮਾਰੇ ਗਏ 2,977 ਨਿਰਦੋਸ਼ ਲੋਕਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ ਅਤੇ ਵਿਛੜੀਆਂ ਰੂਹਾਂ ਦੀ ਯਾਦ ਵਿੱਚ ਅਰਦਾਸ ਕੀਤੀ ਗਈ। ਇਸ ਮੌਕੇ 9/11 ਤੋਂ ਬਾਅਦ ਨਸਲੀ ਨਫ਼ਰਤ ਦਾ ਸ਼ਿਕਾਰ ਹੋਏ ਸਿੱਖਾਂ ਸਮੇਤ ਸਮੂਹ ਪੀੜਤਾਂ ਨੂੰ ਵੀ ਯਾਦ ਕੀਤਾ ਗਿਆ। ਡਬਲਯੂਐੱਸਪੀ ਨੇ ਖ਼ਾਸ ਤੌਰ 'ਤੇ ਬਲਬੀਰ ਸਿੰਘ ਸੋਢੀ ਜੀ ਨੂੰ ਸ਼ਰਧਾਂਜਲੀ ਦਿੱਤੀ, ਜਿਨ੍ਹਾਂ ਨੂੰ 15 ਸਤੰਬਰ 2001 ਨੂੰ ਐਰੀਜ਼ੋਨਾ ਵਿੱਚ ਉਨ੍ਹਾਂ ਦੀ ਦਸਤਾਰ ਅਤੇ ਸਿੱਖ ਪਛਾਣ ਕਾਰਨ ਨਸਲੀ ਨਫ਼ਰਤ ਦਾ ਨਿਸ਼ਾਨਾ ਬਣਾਇਆ ਗਿਆ ਸੀ। ਡਬਲਯੂਐੱਸਪੀ ਦੇ ਹਿੰਮਤ ਸਿੰਘ ਨੇ ਕਿਹਾ ਕਿ 9/11 ਦੀ ਤ੍ਰਾਸਦੀ ਦਾ ਦਰਦ ਅੱਜ ਵੀ ਪੀੜਤ ਪਰਿਵਾਰਾਂ ਅਤੇ ਸਮਾਜ ਦੇ ਦਿਲਾਂ ਵਿੱਚ ਮੌਜੂਦ ਹੈ ਅਤੇ ਅੱਤਵਾਦ ਦੇ ਨਾਲ-ਨਾਲ ਨਸਲੀ ਨਫ਼ਰਤ ਦਾ ਵੀ ਡਟ ਕੇ ਵਿਰੋਧ ਕੀਤਾ ਜਾਣਾ ਚਾਹੀਦਾ ਹੈ। ਹਿੰਮਤ ਸਿੰਘ ਨੇ ਕਿਹਾ ਕਿ ਕਿਸੇ ਵਿਅਕਤੀ ਦੇ ਧਰਮ, ਦਸਤਾਰ, ਨਸਲ, ਰੰਗ ਜਾਂ ਨਾਮ ਦੇ ਆਧਾਰ 'ਤੇ ਉਸ ਨੂੰ ਨਿਸ਼ਾਨਾ ਬਣਾਉਣਾ ਬਰਾਬਰੀ ਅਤੇ ਧਾਰਮਿਕ ਆਜ਼ਾਦੀ ਦੇ ਮੂਲ ਸਿਧਾਂਤਾਂ ਦੇ ਉਲਟ ਹੈ। ਹਾਲ ਹੀ ਵਿੱਚ ਅਮਰੀਕੀ ਹੋਮਲੈਂਡ ਸਕਿਉਰਿਟੀ ਵਿਭਾਗ ਦੇ ਅਧਿਕਾਰਤ ਸੋਸ਼ਲ ਮੀਡੀਆ ਖਾਤੇ 'ਤੇ 'ਮਿਸਟਰ ਸਿੰਘ' ਨੂੰ ਲੈ ਕੇ ਪਾਈ ਗਈ ਏਆਈ ਤਸਵੀਰ ਅਤੇ ਭਾਸ਼ਾ 'ਤੇ ਉੱਠੇ ਇਤਰਾਜ਼ਾਂ ਦਾ ਹਵਾਲਾ ਦਿੰਦਿਆਂ ਹਿੰਮਤ ਸਿੰਘ ਨੇ ਕਿਹਾ ਕਿ ਅਜਿਹੀਆਂ ਘਟਨਾਵਾਂ ਸਿੱਖ ਪਛਾਣ ਬਾਰੇ ਜਾਗਰੂਕਤਾ ਦੀ ਲੋੜ ਨੂੰ ਦਰਸਾਉਂਦੀਆਂ ਹਨ। ਹਿੰਮਤ ਸਿੰਘ ਨੇ ਕਿਹਾ ਕਿ ਸਿੱਖ ਭਾਈਚਾਰਾ ਸੇਵਾ, ਬਰਾਬਰੀ ਅਤੇ ਸਰਬੱਤ ਦੇ ਭਲੇ ਦੇ ਸਿਧਾਂਤਾਂ ਨਾਲ ਅਮਰੀਕੀ ਸਮਾਜ ਵਿੱਚ ਆਪਣਾ ਯੋਗਦਾਨ ਜਾਰੀ ਰੱਖੇਗਾ। ਇਸ ਮੌਕੇ ਅਕਾਲ ਪੁਰਖ ਅੱਗੇ ਅਰਦਾਸ ਕੀਤੀ ਗਈ ਕਿ ਵਿਛੜੀਆਂ ਰੂਹਾਂ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖ਼ਸ਼ਣ, ਪਰਿਵਾਰਾਂ ਨੂੰ ਭਾਣਾ ਮੰਨਣ ਦਾ ਬਲ ਦੇਣ ਅਤੇ ਸੰਸਾਰ ਨੂੰ ਅੱਤਵਾਦ, ਨਸਲਵਾਦ, ਨਫ਼ਰਤ ਤੇ ਹਿੰਸਾ ਤੋਂ ਮੁਕਤ ਕਰਕੇ ਸ਼ਾਂਤੀ, ਆਪਸੀ ਸਤਿਕਾਰ ਅਤੇ ਮਨੁੱਖੀ ਭਾਈਚਾਰੇ ਦੇ ਰਾਹ 'ਤੇ ਤੋਰਨ।

### ਗਿਰਤੇ ਹੈਂ, ਸ਼ਾਹ ਸਵਾਰ ਮੈਦਾਨੇ ਜੰਗ ਮੇਂ

# ਵੋ ਕਿਆ ਗਿਰੇ ਜੋ ਘੁਟਨੋਂ ਕੇ ਪਦ ਚਲੇ

## ਵਿਚਾਰ ਆਪੋ-ਆਪਣਾ




**ਪਰਮਿੰਦਰ ਸਿੰਘ ਬੱਲ**
ਪ੍ਰਧਾਨ ਸਿੱਖ ਫੈਡਰੇਸ਼ਨ ਯੂ .ਕੇ.
Email:psbal46@gmail.com

ਕਿਸੇ ਵੀ ਸੰਘਰਸ਼ ਵਿੱਚ ਪੈਰ ਧਰਦਿਆਂ , ਉਸ ਵਿੱਚੋਂ ਪੈਦਾ ਹੋਏ ਜਾਂ ਹੋ ਰਹੇ ਪ੍ਰਤੀਕਰਮਾਂ ਬਾਰੇ ਸੋਝੀ ਹੋਣੀ ਲਾਜ਼ਮੀ ਹੈ ।ਭਾਰਤੀਆ ਡੈਮੋਕਰੇਸੀ ਨੂੰ ਜੋ ਰੰਗਤ ਕਾਂਗਰਸ ਰਾਜ ਨੇ ਦਿੱਤੀ ਉਹ ਬੇਹੱਦ ਜਾਲਮਾਨਾ ਰੂਪ ਹੈ । ਇਸੇ ਰੰਗਤ ਵਿੱਚੋਂ ਇੰਦਰਾ ਗਾਂਧੀ ਨੇ ਆਪਣੇ ਖ਼ਾਨਦਾਨ ਦਾ ਝੁੱਗਾ ਵੀ ਤੇ ਮੁਲਕ ਭਰ ਦੇ ਲੋਕਾਂ ਤੇ ਬੇਅਥਾਹ ਅੱਤਿਆਚਾਰ ਕੀਤੇ ।ਸਿੱਖਾਂ ਦੀ ਦਿੱਲੀ ਵਿੱਚ ਤੇ ਪੰਜਾਬ ਵਿੱਚ ਨਸਲਕੁਸ਼ੀ ਦੀ ਬਾਬਰ ਸਮੇਂ ਦੇ ਜ਼ੁਲਮ ਦਾ ਰੂਪ ਦਿੱਤਾ ।ਦੇਸ਼ ਬਦੇਸ਼ ਵਿਚੋਂ ਸਿੱਖਾਂ ਨੇ ਵਿਰੋਧ ਕੀਤਾ , ਆਜ਼ਾਦ ਪਸੰਦ ਲੋਕਾਂ ਨੇ ਡੱਟ ਕੇ ਕਦਮ ਪੁੱਟੇ । ਪੰਜਾਬ ਵਿੱਚੋਂ ਵੱਡੀ ਗਿਣਤੀ ਵਿੱਚ ਲੋਕ , ਸਿੱਖ ਪੱਛਮੀ ਦੇਸ਼ਾਂ ਵਿਚ ਆਏ ਕੇ ਇੱਥੇ ਸ਼ਰਣ ਲਈ ।ਕੁਝ ਲੋਕ ਐਸੇ ਭੀ ਆ ਨਿਕਲੇ ਜਿੰਨਾਂ ਦਾ ਜਦੋਜਹਿਦ ਨਾਲ ਕੋਈ ਨੇੜ ਤੇੜ ਨਹੀਂ ਸੀ , ਪਰ ਇਹਨਾਂ ਕਾਗਜੀ ਸ਼ੇਰਾਂ ਦਾ ਕਮਾਈ ਦੇ ਸਾਧਨਾਂ ਵਿੱਚ ਦਾਅ ਚੱਲ ਗਿਆ । ਚਲੋ ਇਹ ਗੱਲ ਕਿਸੇ ਖਾਸੀਅਤ ਤੱਤ ਨਾਲੋਂ ਵੱਖਰੀ ਹੈ ।ਪ੍ਰਵਾਹ ਗੱਲ ਪ੍ਰਤੱਖ ਹੈ ਕਿ ਜੇ ਤੁਸੀਂ ਉਪਰੋਕਤ ਜ਼ੁਲਮ ਵਿਰੋਧੀ ਪਰਨਾਲੀ ਦਾ ਹਿੱਸਾ ਮੰਨਦੇ ਹੋ ਤਾਂ ਫਿਰ ਫੋਕੀ ਸ਼ੋਹਰਤ ਤੇ ਢੌਂਗ ਦਾ ਹਿੱਸਾ ਬਣਨ ਦਾ ਕੀ ਮਕਸਦ ? ਹਰ ਦਿਨ , ਨਾਰਮਲ ਚੱਲਦੀ ਜ਼ਿੰਦਗੀ ਵਿੱਚ ਕਈ ਅੜਚਣਾ ਆਉਂਦੀਆਂ ਹੀ ਰਹਿਣਗੀਆਂ ਹਨ । ਮੈਂ ਪੜ ਰਿਹਾ ਕਿ ਇਕ ਖਾਲਿਸਤਾਨੀ ਆਗੂ ਡੱਲੇਵਾਲ ਨੇ ਇਤਰਾਜ਼ ਨਾਲ ਖ਼ਬਰ ਲਾਈ , ਉਹਨਾਂ ਨੂੰ ਕੈਨੇਡਾ ਗਿਆਂ ਨੂੰ ਅਮਰੀਕਾ ਵਿੱਚ ਦਾਖਲ ਹੋਣ ਤੋਂ ਰੋਕ ਕੇ ਵਾਪਸ ਮੋੜ ਦਿੱਤਾ ।ਇਹ ਤਾਂ ਆਮ ਹੀ ਹੁੰਦਾ ਹੈ , ਖ਼ਬਰ ਇਕ ਬੇਖਬਰੀ ਹੈ , ਕੋਈ ਮਤਲਬ ਨਹੀਂ , ਐਵੇ ਅਖ਼ਬਾਰਾਂ ਵਿੱਚ ਸ਼ਾਮਲ ਰਹਿਣ ਦਾ ਝੱਲ ਤੇ ਬੰਦੇ ਦੇ ਮਨ ਦਾ ਡਰ ਹੈ । ਬਰਿਟਸ਼ ਨਾਗਰਿਕ ਨੂੰ ਕੈਨੇਡਾ ਵੀਜ਼ੇ ਦੀ ਲੋੜ ਕੁਝ ਸਮਾਂ ਪਹਿਲਾਂ ਹੀ ਸ਼ੁਰੂ ਹੋਇ , ਜਦ ਕਿ ਅਮੀਰੀਕਾ ਲਈ ਵੀਜ਼ਾ ਕੋਈ ਪੰਜ ਛੇ ਦਹਾਕਿਆਂ ਤੋਂ ਹੀ ਲਾਗੂ ਹੈ ।ਕਿਸੇ ਖਾਲਿਸਤਾਨੀ ਨਾਲ ਕੋਈ ਵੱਖਰਾ ਵਰਤਾਰਾ ਨਹੀਂ ਹੈ । ਅਜਿਹਾ ਦੱਸਣਾ ਜਾਂ ਮੰਨਣਾ ਵਿਅਰਥ ਤੇ ਝੂਠ ਹੈ ।ਵੈਸੇ ਕੁਝ ਅਧਵਾਟੇ ਸ਼ੰਘਰਸ਼ ਵਿਚ ਚੱਲਣ ਵਾਲਿਆਂ ਦੀ ਆਦਤ ਇਹੋ ਜਿਹੀਆਂ ਕਥਿਤ ਖ਼ਬਰਾਂ ਨਾਲ ਪਰੋਫਾਈਲ ਰੰਗਤ ਕਰਨ ਦਾ ਦਿਖਾਵਾ ਤੇ ਇਕ ਠਰਕ ਹੈ ।ਮੈਂ ਕਈ ਜਾਣਕਾਰ ਸੱਜਣਾਂ ਨੂੰ ਯੂ ਕੇ ਵਿੱਚ ਜਾਣਦਾ ਹਾਂ ਜੋ ਬਾਰ ਬਾਰ ਬਰਿਟਸ਼ ਨਾਗਰਿਕ ਹੋਣ ਦੇ ਬਾਵਜੂਦ ਕੈਨੇਡਾ , ਅਮਰੀਕਾ ਤੋਂ ਡਿਪੋਰਟ ਹੁੰਦੇ ਰਹੇ ।ਪਰ ਕਦੇ ਉਹਨਾਂ ਨੇ ਖ਼ਬਰ ਦਾ ਢੌਂਗ ਕਰਕੇ ਸਸਤੀ ਚਰਚਾ ਆਸਰੇ ਅਖ਼ਬਾਰਾਂ ਵਿੱਚ ਡਰਾਮਾ ਨਹੀਂ ਕੀਤਾ ।ਕਈ ਤਿੰਨ ਤਿੰਨ ਤੋਂ ਵੱਧ ਵਾਰੀ ਕੈਨੇਡਾ ਦੀ ਜੇਹਲ ਵਿੱਚ ਰੱਖ ਕੇ ਡੀਪੋਰਟ ਕੀਤੇ ਗਏ , ਕਈ ਵਾਰੀ ਵੀਜ਼ਾ ਹੋਣ ਦੇ ਬਾਵਜੂਦ ਇੰਡੀਆ ਤੋਂ ਡੀਪੋਰਟ ਹੋਏ , ਪਰ ਕਦੇ ਮੀਡੀਏ ਦਾ ਸ਼ਿੰਗਾਰ ਬਣ ਕੇ ਮਖੌਲੀਆ ਮਾਹੌਲ ਦੀ ਪਰੋਫਾਈਲ ਵਿੱਚ ਨਹੀਂ ਆਏ । ਕਿਉਂਕਿ ਜਿਵੇਂ ਮੈਂ ਲਿਖਿਆ , ਕਿ ਸਿਆਣੇ , ਸੂਝਵਾਨ ਸੰਘਰਸ਼ ਵਿੱਚ ਵਿਚਰਦੇ ਲੋਕ ਸਮਝਦੇ ਹਨ ਕਿ ਅਜਿਹੇ ਵਤੀਰੇ ਜ਼ਿੰਦਗੀ ਦਾ ਹਿੱਸਾ ਹਨ ।ਐਵੇ ਲੋਕਾਂ ਅੱਗੇ ਇਸ ਤਰਾਂ ਦੇ ਹਾਲਾਤ ਦਾ ਝੱਗਾ ਚੁੱਕਣਾ ਬੁਜਦਿਲੀ ਹੈ ।ਡੱਲੇਵਾਲ ਸਾਹਿਬ ਐਵੇ ਹਾਉਕਾ ਨਾ ਕਰੋ , ਸ਼ੁਕਰ ਤੁਸੀਂ ਇੰਟਰਨੈਸ਼ਨਲ ਸਿੱਖ ਯੂਥ ਫੈਡਰੇਸ਼ਨ ਦੇ ਪੈਰੋਕਾਰ ਬਣਨ ਤੋਂ ਇਨਕਾਰੀ ਰਹੇ , ਵਰਨਾ ਕੈਨੇਡਾ ਵਿੱਚ ਵੀ ਨਾ ਵੜ ਸਕਦੇ ।ਇਸੇ ਤਰਾਂ ਇਕ ਚੇਅਰਮੈਨ ਆਗੂ ਅਮਰੀਕਾ ਤੋਂ ਵਾਪਸ ਮੁੜਦਿਆਂ ਹੀ ਟੈਲੀਵੀਜ਼ਨ ਤੇ ਆ ਪਹੁੰਚਿਆ ਸੀ ।ਰੋਣ ਹਾਕਾ ਹੋ ਕੇ ਰੌਲੀ ਪਾਈ ਜਾਵੇ ਕਿ ਅਮਰੀਕਾ ਏਅਰ ਪੋਰਟ ਤੇ ਉਸ ਦੇ ਕੱਪੜੇ ਲਾਹੇ ਗਏ ।ਪਤਾ ਨਹੀਂ ਇਹ ਡਰਾਮੇ ਸੰਘਰਸ਼ ਦਾ ਹਿੱਸਾ ਹੈ ਜਾਂ ਫਜ਼ੂਲ ਕਿਸਮ ਦੀ ਬੁਜਦਿਲੀ ਦਾ ਤਮਾਸ਼ਾ ਹੈ ।ਮੈਦਾਨੇ ਖ਼ਿੱਤੇ ਵਿੱਚ ਘੋੜ ਸਵਾਰ ਇਕਲਸੇਧ ਦੇ ਨਿਸ਼ਾਨੇ ਤੇ ਕਾਇਮ ਰਹਿੰਦੇ ਹਨ , ਪਰ ਜੋ ਇਹ ਉਪਰੋਕਤ ਲੋਕ ਸਵਾਰ ਦੇ ਪਿੱਛੇ ਬਹਿੰਦੇ ਤੇ ਕੰਬਦੇ ਹਨ , ਬੇਹਤਰ ਹੈ ਉਹ ਪਿਛਾਂਹ ਨੂੰ ਛਲਾਂਗ ਲਾ ਲੈਣ , ਸੈਨਿਕ ਜਿਹੇ ਸਵਾਰ ਦੇ ਕੌਮੀ ਦ੍ਰਿਸ਼ਟੀਕੋਣ ਨੂੰ ਕਮਜ਼ੋਰ ਨਾ ਕਰਨ ।ਹੁਣ ਮਸਲਾ ਕੈਨੇਡਾ , ਅਮਰੀਕਾ ਤੋਂ ਫੈਡਰੇਸ਼ਨ ਆਗੂਆਂ ਦੇ ਡੀਪੋਰਟ ਹੋਣ ਦਾ ਜੋ ਮਸਲਾ ਹੈ , ਇਹ ਕੋਝੀ ਤੇ ਸਿੱਖਾਂ ਵਿਰੁੱਧ , ਕੁਝ ਸਿੱਖੀ ਰੂਪ ਵੱਲੋਂ ਹੀ ਪੈਦਾ ਕੀਤੀ ਸਾਜ਼ਿਸ਼ ਹੈ ।2012 ਵਿੱਚ ਸਿੱਖ ਜਸਟਿਸ ਜਥੇਬੰਦੀ ਹੋਂਦ ਵਿੱਚ ਆਈ , ਅਗਸਤ 2012 ਸਮੇਂ ਤੋਂ ਇੰਟਰਨੇਸ਼ਨਲ ਸਿੱਖ ਯੂਥ ਫੈਡਰੇਸ਼ਨ ਤੇ ਡਿਪੋਰਟੇਸ਼ਨ ਲਾਗੂ ਹੋ ਗਈ । ਕਿਉਂਕਿ ਫੈਡਰੇਸ਼ਨ ਅੰਤਰਰਾਸ਼ਟਰੀ ਜਦੋਜਹਿਦ ਦੀ ਸਥਾਪਤੀ ਤੇ ਪਹਿਚਾਣ ਬਣਾ ਚੁੱਕੀ ਸੀ , ਇਸ ਵਿਰੁੱਧ ਬੜੀ ਘੜਤ ਦੀ ਸਾਜ਼ਿਸ਼ ਘੜੀ ਗਈ ।ਸਾਡੇ ਕੈਨੇਡਾ ਦੇ ਸਾਥੀ ਆਗੂ , ਜੋ ਦਲੇਰ ਤੇ ਮੈਦਾਨੋਂ ਹੰਢੇ ਮੰਨੇ ਗਏ ਸਨ ।ਇਸ ਸਾਜਿਸ਼ ਦਾ ਅੰਦਰੂਨੀ ਸ਼ਿਕਾਰ ਹੋ ਕੇ ਰਹਿ ਗਏ ।ਫੈਡਰੇਸ਼ਨ ਤੋਂ ਪਾਬੰਦੀ ਹਟਾਉਣ ਲਈ ਅਦਾਲਤ ਵਿੱਚ ਅਪੀਲ ਨਹੀ ਕਰ ਸਕੇ ।ਜਦ ਕਿ ਯੂ ਕੇ ਵਿੱਚ ਅਸੀਂ ਪਾਬੰਦੀਆਂ ਖ਼ਤਮ ਕਰਵਾਈਆਂ । ਕੈਨੇਡਾ ਤੋਂ ਸਾਡੇ ਇਹ ਸਾਥੀ ਆਗੂ ਇੰਗਲੈਂਡ, ਸੈਰ ਸਪਾਟੇ , ਵਿਆਹਾਂ, ਰਸਮਾਂ ਤੇ ਆਉਂਦੇ ਹਨ ।ਪਰ ਇਹਨਾਂ ਦੀ ਕੈਨੇਡਾ ਵਿੱਚ ਗਲਤ ਪਹੁੰਚ ਸਦਕਾ ਯੂ ਕੇ ਵਾਲਿਆਂ ਦਾ ਰਸਤਾ ਇਹਨਾਂ ਬੰਦ ਕੀਤਾ ਹੋਇਆ ਹੈ ।ਜਸਟਿਸ ਪਾਰਟੀ ਕਾਗਜੀ ਸ਼ੇਰ ਦੇ ਢੌਂਗ ਕਰਕੇ ਕਈ ਕਿਸਮਾਂ ਦੇ ਅੱਖਰ ਕਾਲੇ ਛਾਪਦੇ ਹਨ ।ਪਰ ਜੋ ਧਿਰਾਂ ਇਸ ਗੱਲ ਤੋਂ ਇਨਕਾਰੀ ਹਨ ਕਿ , ਸਿੱਖ ਇਕ ਮੁਲਕ ਇੰਗਲੈਂਡ ਤੋਂ ਕੈਨੇਡਾ ਨਹੀਂ ਆ ਸਕਦੇ ।ਉਹ ਕਿਹੜਾ ਸੰਘਰਸ਼ ਲੜ ਰਹੇ ਹਨ ।ਇੰਗਲੈਂਡੋਂ ਗਏ ਸਿੱਖ , ਬਰਤਾਨਵੀ ਸ਼ਹਿਰੀ ਕੈਨੇਡਾ ਦੀ ਜੇਲ੍ਹ ਵਿੱਚ ਰਾਤਾਂ ਰੱਖ ਕੇ ਡਿਪੋਰਟ ਕੀਤੇ ਜਾਂਦੇ ਹਨ ।ਇਹ ਉੱਥੇ ਵੱਸਦੇ ਲੋਕ ਅਮਰੀਕਾ , ਕੈਨੇਡਾ ਦੇ ਇੱਕ ਢੌਂਗ ਕਰਕੇ ਗੁਣ ਗਾਈ ਜਾਣ ।ਇਹ ਗੁਮਰਾਹ ਨਹੀਂ ਤੇ ਹੋਰ ਕੀ ਹੈ ।ਇਹ ਉਸ ਕਿਸਮ ਦੇ ਸਵਾਰ ਨਹੀਂ ਸਨ , ਜਾਂ ਇਹਨਾਂ ਦੇ ਮਨਾਂ ਵਿੱਚ ਕੌਮ ਪ੍ਰਤੀ ਹਮਦਰਦੀ ਦੀ ਭਾਵਨਾ ਨਹੀਂ, ਜਾਂ ਇਹਨਾਂ ਨੇ ਗੋਡਿਆਂ ਦੇ ਭਾਰ ਤੁਰਨ ਦੀ ਵਿਧੀ ਨੂੰ ਜਨਮ ਦੇ ਲਿਆ ਹੈ ।ਤਾਂ ਜੋ ਇਹਨਾ ਨੂੰ ਯੂ ਕੇ ਦੇ ਸਾਥੀ ਆਗੂ ਕਿਸੇ ਵੀ ਫਰਜ ਦੀ ਪੂਰਤੀ ਲਈ ਅਪੀਲ ਨਾ ਕਰ ਸਕਣ ।ਇੰਟਰਨੇਸ਼ਨਲ ਸਿੱਖ ਯੂਥ ਫੈਡਰੇਸ਼ਨ ਕੈਨੇਡਾ ਦੇ ਆਗੂਆਂ ਦਾ ਇਹ ਬਹੁਤ ਹੈਰਾਨੀਜਨਕ ਤੇ ਗੈਰਜੁਮੇਵਾਰੀ ਦਾ ਕਦਮ ਹੈ ।ਜੋ ਕਿਸੇ ਪੱਖੋਂ ਵੀ ਕੌਮ ਦੇ ਹਿਤ ਵਿੱਚ ਨਹੀਂ ਹੈ।

### ਗੁਰਦੁਆਰਾ ਪਾਤਸ਼ਾਹੀ ਛੇਵੀਂ ਬਸਤੀ ਸ਼ੇਖ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ

# ਪਹਿਲੇ ਪ੍ਰਕਾਸ਼ ਦਾ 422ਵਾਂ ਸਮਾਗਮ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ






**ਜਲੰਧਰ, 12 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਇਤਿਹਾਸਕ ਅਸਥਾਨ ਗੁਰਦੁਆਰਾ ਪਾਤਸ਼ਾਹੀ ਛੇਵੀਂ, ਬਸਤੀ ਸ਼ੇਖ, ਜਲੰਧਰ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਨੂੰ ਸਮਰਪਿਤ 422ਵਾਂ ਮਹਾਨ ਸਮਾਗਮ ਬੜੀ ਸ਼ਰਧਾ, ਉਤਸ਼ਾਹ ਅਤੇ ਸ਼ਾਨੋ-ਸ਼ੌਕਤ ਨਾਲ ਮਨਾਇਆ ਗਿਆ। ਸਮਾਗਮ ਦੌਰਾਨ ਵੱਡੀ ਗਿਣਤੀ ਵਿੱਚ ਸੰਗਤ ਨੇ ਗੁਰੂ ਘਰ ਵਿਖੇ ਨਤਮਸਤਕ ਹੋ ਕੇ ਗੁਰੂ ਸਾਹਿਬ ਦਾ ਆਸ਼ੀਰਵਾਦ ਪ੍ਰਾਪਤ ਕੀਤਾ।ਇਸ ਮੌਕੇ ਵੱਖ-ਵੱਖ ਗੁਰਬਾਣੀ ਕੀਰਤਨੀ ਜਥਿਆਂ ਵੱਲੋਂ ਰਸਭਿੰਨਾ ਕੀਰਤਨ ਕਰਕੇ ਸੰਗਤ ਨੂੰ ਗੁਰਬਾਣੀ ਨਾਲ ਜੋੜਿਆ ਗਿਆ।ਗੁਰੂ ਘਰ ਦਾ ਸਮੁੱਚਾ ਵਾਤਾਵਰਨ ਗੁਰਬਾਣੀ ਦੇ ਰਸ ਅਤੇ ਸੰਗਤ ਦੀ ਸ਼ਰਧਾ ਨਾਲ ਰੂਹਾਨੀ ਰੰਗ ਵਿੱਚ ਰੰਗਿਆ ਰਿਹਾ। ਸਮਾਗਮ ਦੌਰਾਨ ਵਿਸ਼ੇਸ਼ ਤੌਰ ’ਤੇ ਪ੍ਰਸਿੱਧ ਸਿੱਖ ਚਿੰਤਕ ਅਤੇ ਪੰਥਕ ਬੁਲਾਰੇ ਸਰਦਾਰ ਭਗਵਾਨ ਸਿੰਘ ਜੌਹਲ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਮਹਾਨਤਾ ਅਤੇ ਸਿੱਖ ਜੀਵਨ ਵਿੱਚ ਸ਼ਬਦ-ਗੁਰੂ ਦੇ ਮਹੱਤਵ ਸਬੰਧੀ ਸੰਗਤ ਨਾਲ ਵਿਚਾਰ ਸਾਂਝੇ ਕੀਤੇ। ਉਨ੍ਹਾਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਜਾਗਤ-ਜੋਤ, ਹਾਜ਼ਰ-ਹਜ਼ੂਰ ਅਤੇ ਸਰਬ ਕਲਾ ਭਰਪੂਰ ਸਤਿਗੁਰੂ ਦੱਸਦਿਆਂ ਗੁਰੂ ਸਾਹਿਬ ਦੀ ਇਤਿਹਾਸਕ ਅਤੇ ਅਧਿਆਤਮਿਕ ਮਹਾਨਤਾ ਬਾਰੇ ਵਿਸਥਾਰ ਸਹਿਤ ਚਾਨਣਾ ਪਾਇਆ। ਸਰਦਾਰ ਭਗਵਾਨ ਸਿੰਘ ਜੌਹਲ ਨੇ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸਿੱਖ ਪੰਥ ਦੇ ਸਦੀਵੀ ਗੁਰੂ ਹਨ ਅਤੇ ਗੁਰਬਾਣੀ ਮਨੁੱਖ ਨੂੰ ਸੱਚ, ਨਿਮਰਤਾ, ਸੇਵਾ, ਸਿਮਰਨ ਅਤੇ ਸਰਬੱਤ ਦੇ ਭਲੇ ਦਾ ਮਾਰਗ ਦਿਖਾਉਂਦੀ ਹੈ। ਉਨ੍ਹਾਂ ਸੰਗਤ ਨੂੰ ਗੁਰਬਾਣੀ ਨਾਲ ਜੁੜਨ ਅਤੇ ਗੁਰੂ ਸਾਹਿਬ ਵੱਲੋਂ ਦਰਸਾਏ ਜੀਵਨ ਮਾਰਗ ’ਤੇ ਚੱਲਣ ਦੀ ਪ੍ਰੇਰਣਾ ਦਿੱਤੀ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਸਰਦਾਰ ਗੁਰਕਿਰਪਾਲ ਸਿੰਘ ਅਤੇ ਸਮੁੱਚੀ ਪ੍ਰਬੰਧਕ ਕਮੇਟੀ ਵੱਲੋਂ ਸਿੱਖ ਚਿੰਤਕ ਅਤੇ ਪੰਥਕ ਬੁਲਾਰੇ ਸਰਦਾਰ ਭਗਵਾਨ ਸਿੰਘ ਜੌਹਲ ਨੂੰ ਵਿਸ਼ੇਸ਼ ਤੌਰ ’ਤੇ ਸਨਮਾਨਿਤ ਕੀਤਾ ਗਿਆ। ਇਸ ਤੋਂ ਇਲਾਵਾ ਸਰਦਾਰ ਇੰਦਰਪਾਲ ਸਿੰਘ ਬਸਤੀ ਸ਼ੇਖ ਵੱਲੋਂ ਵੀ ਸਰਦਾਰ ਭਗਵਾਨ ਸਿੰਘ ਜੌਹਲ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਸਮਾਗਮ ਦੇ ਅੰਤ ਵਿੱਚ ਪ੍ਰਬੰਧਕ ਕਮੇਟੀ ਵੱਲੋਂ ਸਮੂਹ ਸੰਗਤ ਅਤੇ ਕੀਰਤਨੀ ਜਥਿਆਂ ਦਾ ਧੰਨਵਾਦ ਕੀਤਾ ਗਿਆ। ਸਮਾਗਮ ਨੇ ਸੰਗਤ ਅੰਦਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਪ੍ਰਤੀ ਸ਼ਰਧਾ ਅਤੇ ਗੁਰਬਾਣੀ ਨਾਲ ਜੁੜਨ ਦੀ ਭਾਵਨਾ ਨੂੰ ਹੋਰ ਮਜ਼ਬੂਤ ਕੀਤਾ।

## ਸੁਖਮਣੀ ਸਕੂਲ ਦੀ ਮੈਨੇਜਮੈਂਟ ਵੱਲੋਂ ਬਿਨਾ ਨੋਟਿਸ 15 ਕਾਮਿਆਂ ਨੂੰ ਕੱਢਣ ਦੇ ਸਬੰਧ ਵਿੱਚ ਸੋਮਵਾਰ ਨੂੰ ਸੁਖਮਣੀ ਕਾਲਜ ਦੇ ਬਾਹਰ ਪੱਕਾ ਧਰਨਾ- ਰੁਸਤਮ ਸ਼ੇਖ



**ਡੇਰਾਬੱਸੀ, 12 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਸੁਖਮਣੀ ਸਕੂਲ ਦੀ ਮੈਨੇਜਮੈਂਟ ਵੱਲੋਂ ਕਥਿਤ ਤੌਰ ’ਤੇ ਬਿਨਾ ਕਿਸੇ ਨੋਟਿਸ ਦੇ 15 ਕਾਮਿਆਂ ਨੂੰ ਨੌਕਰੀ ਤੋਂ ਕੱਢੇ ਜਾਣ ਦੇ ਮਾਮਲੇ ਨੂੰ ਲੈ ਕੇ ਆਉਣ ਵਾਲੇ ਸੋਮਵਾਰ ਨੂੰ ਸੁਖਮਣੀ ਕਾਲਜ ਦੇ ਬਾਹਰ ਪੱਕਾ ਧਰਨਾ ਲਗਾਇਆ ਜਾਵੇਗਾ। ਇਹ ਜਾਣਕਾਰੀ ਭਾਰਤੀ ਕਿਸਾਨ ਯੂਨੀਅਨ ਪੁਆਧ ਦੇ ਸੀਨੀਅਰ ਮੀਤ ਪ੍ਰਧਾਨ ਰੁਸਤਮ ਸ਼ੇਖ ਨੇ ਦਿੱਤੀ। ਰੁਸਤਮ ਸ਼ੇਖ ਨੇ ਕਿਹਾ ਕਿ ਕੱਢੇ ਗਏ 15 ਕਾਮਿਆਂ ਵਿੱਚ ਆਸ਼ਾ ਵਰਕਰ, ਡਰਾਈਵਰ ਅਤੇ ਕੰਡਕਟਰ ਸਮੇਤ ਹੋਰ ਕਰਮਚਾਰੀ ਸ਼ਾਮਲ ਹਨ। ਉਨ੍ਹਾਂ ਅਨੁਸਾਰ ਇਹ ਕਾਮੇ ਲੰਮੇ ਸਮੇਂ ਤੋਂ ਕਰੀਬ 9 ਤੋਂ 10 ਹਜ਼ਾਰ ਰੁਪਏ ਮਹੀਨਾ ਤਨਖਾਹ ’ਤੇ ਕੰਮ ਕਰ ਰਹੇ ਸਨ। ਇਨ੍ਹਾਂ ਕਾਮਿਆਂ ਨੂੰ ਬਿਨਾ ਨੋਟਿਸ ਦਿੱਤੇ ਨੌਕਰੀ ਤੋਂ ਕੱਢ ਦਿੱਤਾ ਗਿਆ ਅਤੇ ਅੱਜ ਇਨ੍ਹਾਂ ਨੂੰ ਕੱਢੇ ਹੋਏ 179 ਦਿਨ ਹੋ ਚੁੱਕੇ ਹਨ। ਉਨ੍ਹਾਂ ਕਿਹਾ ਕਿ ਇਹ ਬਹੁਤ ਹੀ ਚਿੰਤਾ ਅਤੇ ਸ਼ਰਮ ਦੀ ਗੱਲ ਹੈ ਕਿ ਇੱਕ ਪਾਸੇ ਪੰਜਾਬ ਵਿੱਚ ਰੋਜ਼ਗਾਰ ਦੇ ਵੱਡੇ-ਵੱਡੇ ਦਾਅਵੇ ਕੀਤੇ ਜਾਂਦੇ ਹਨ, ਜਦਕਿ ਦੂਜੇ ਪਾਸੇ ਪੰਜਾਬ ਦੇ ਲੋਕ ਆਪਣੇ ਹੀ ਸੂਬੇ ਵਿੱਚ ਬਹੁਤ ਘੱਟ ਤਨਖਾਹ ’ਤੇ ਕੰਮ ਕਰਕੇ ਆਪਣੇ ਪਰਿਵਾਰਾਂ ਦਾ ਗੁਜ਼ਾਰਾ ਕਰਨ ਲਈ ਮਜਬੂਰ ਹਨ। ਉਨ੍ਹਾਂ ਕਿਹਾ ਕਿ ਰੋਜ਼ਗਾਰ ਦੀ ਭਾਲ ਵਿੱਚ ਨੌਜਵਾਨ ਪੰਜਾਬ ਤੋਂ ਬਾਹਰ ਜਾ ਰਹੇ ਹਨ ਅਤੇ ਜਿਹੜੇ ਲੋਕ ਇੱਥੇ ਕੰਮ ਕਰ ਰਹੇ ਹਨ, ਉਨ੍ਹਾਂ ਦੇ ਰੋਜ਼ਗਾਰ ਦੀ ਸੁਰੱਖਿਆ ਵੀ ਯਕੀਨੀ ਨਹੀਂ ਹੈ। ਰੁਸਤਮ ਸ਼ੇਖ ਨੇ ਕਿਹਾ ਕਿ ਪੀੜਤ ਕਾਮੇ ਆਪਣੀ ਸਮੱਸਿਆ ਲੈਕੇ ਕੇ ਐੱਮਐੱਲਏ, ਐੱਸਐੱਚਓ, ਲੇਬਰ ਇੰਸਪੈਕਟਰ ਅਤੇ ਲੇਬਰ ਕਮਿਸ਼ਨਰ ਸਮੇਤ ਕਈ ਅਧਿਕਾਰੀਆਂ ਅਤੇ ਜ਼ਿੰਮੇਵਾਰ ਵਿਅਕਤੀਆਂ ਕੋਲ ਜਾ ਚੁੱਕੇ ਹਨ, ਪਰ ਉਨ੍ਹਾਂ ਦੇ ਕਹਿਣ ਅਨੁਸਾਰ ਅਜੇ ਤੱਕ ਕਿਸੇ ਨੇ ਵੀ ਇਨ੍ਹਾਂ ਦੀ ਸਮੱਸਿਆ ਦਾ ਢੁੱਕਵਾਂ ਹੱਲ ਨਹੀਂ ਕੀਤਾ। ਉਨ੍ਹਾਂ ਕਿਹਾ ਕਿ ਹੁਣ ਮਜਬੂਰ ਹੋ ਕੇ ਕੱਢੇ ਗਏ ਕਾਮਿਆਂ ਵੱਲੋਂ ਆਉਣ ਵਾਲੇ ਸੋਮਵਾਰ ਨੂੰ ਸੁਖਮਣੀ ਕਾਲਜ ਦੇ ਮੁੱਖ ਗੇਟ ਦੇ ਬਾਹਰ ਪੱਕਾ ਧਰਨਾ ਲਗਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਜੇਕਰ ਸੁਖਮਣੀ ਕਾਲਜ ਦੀ ਮੈਨੇਜਮੈਂਟ ਨੇ ਪੀੜਤ ਕਾਮਿਆਂ ਦੀਆਂ ਮੰਗਾਂ ਦਾ ਹੱਲ ਨਾ ਕੀਤਾ ਤਾਂ ਇਹ ਧਰਨਾ ਲਗਾਤਾਰ ਜਾਰੀ ਰੱਖਣ ਲਈ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਰੁਸਤਮ ਸ਼ੇਖ ਨੇ ਮੰਗ ਕੀਤੀ ਕਿ ਕੱਢੇ ਗਏ 15 ਕਾਮਿਆਂ ਨੂੰ ਇਨਸਾਫ਼ ਦਿੱਤਾ ਜਾਵੇ ਅਤੇ ਉਨ੍ਹਾਂ ਦੇ ਰੋਜ਼ਗਾਰ ਤੇ ਹੱਕਾਂ ਦੀ ਰੱਖਿਆ ਕੀਤੀ ਜਾਵੇ।

## ਸਚਿਨ ਪਾਇਲਟ ਨੂੰ ਪੰਜਾਬ ਕਾਂਗਰਸ ਦਾ ਇੰਚਾਰਜ ਬਣਾਉਣ ਨਾਲ ਨੌਜਵਾਨਾਂ ’ਚ ਭਾਰੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ: ਕਮਲਜੀਤ ਸਿੰਘ ਚੱਕ



**ਧੂਰੀ ( ਰਣਜੀਤ ਸਿੰਘ ਪੇਧਨੀ )**-ਇੰਡੀਅਨ ਨੈਸ਼ਨਲ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਸਚਿਨ ਪਾਇਲਟ ਨੂੰ ਪੰਜਾਬ ਕਾਂਗਰਸ ਦਾ ਇੰਚਾਰਜ ਬਣਾਉਣ ਦਾ ਜ਼ੋਰਦਾਰ ਸਵਾਗਤ ਕਰਦਿਆਂ ਹਲਕਾ ਮਹਿਲ ਕਲਾਂ ਤੋਂ ਕਾਂਗਰਸ ਪਾਰਟੀ ਦੀ ਟਿਕਟ ਦੇ ਪ੍ਰਮੁੱਖ ਦਾਅਵੇਦਾਰ ਕਮਲਜੀਤ ਸਿੰਘ ਚੱਕ ਨੇ ਕਿਹਾ ਕਿ ਸਚਿਨ ਪਾਇਲਟ ਨੂੰ ਪੰਜਾਬ ਕਾਂਗਰਸ ਇੰਚਾਰਜ ਬਣਾਉਣ ਨਾਲ ਨੌਜਵਾਨਾਂ ਵਿਚ ਉਤਸ਼ਾਹ ਪੈਦਾ ਹੋਇਆ ਹੈ। ਉਨ੍ਹਾਂ ਕਿਹਾ ਕਿ ਵਿਰੋਧੀ ਧਿਰ ਦੇ ਆਗੂ ਰਾਹੁਲ ਗਾਂਧੀ ਦੀ ਸੋਚ ਨੌਜਵਾਨਾਂ ਨੂੰ ਅੱਗੇ ਲੈਕੇ ਆਉਣ ਦੀ ਹੈ ਅਤੇ ਇਸ ਸੋਚ ਨੂੰ ਅੱਗੇ ਵਧਾਉਂਦੇ ਹੋਏ ਹੀ ਨੌਜਵਾਨ ਆਗੂ ਸਚਿਨ ਪਾਇਲਟ ਨੂੰ ਪੰਜਾਬ ਕਾਂਗਰਸ ਦਾ ਇੰਚਾਰਜ ਬਣਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਰਾਹੁਲ ਗਾਂਧੀ ਨੌਜਵਾਨਾਂ ਨੂੰ ਪਾਰਟੀ ਵਿਚ ਵੱਧ ਚੜ੍ਹ ਕੇ ਸੇਵਾ ਕਰਨ ਦਾ ਮੌਕਾ ਦੇ ਰਹੇ ਹਨ ਅਤੇ ਇਸ ਨਾਲ ਪੰਜਾਬ ਕਾਂਗਰਸ ਵਿੱਚ ਵੀ ਬਦਲਾਅ ਕਰਦੇ ਹੋਏ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਵੀ ਨੌਜਵਾਨ ਆਗੂਆਂ ਨੂੰ ਸੇਵਾ ਕਰਨ ਦਾ ਮੌਕਾ ਮਿਲੇਗਾ। ਉਨ੍ਹਾਂ ਕਿਹਾ ਕਿ ਸੂਬੇ ਦੇ ਲੋਕਾਂ ਵਿੱਚ ਕਾਂਗਰਸ ਪਾਰਟੀ ਦੀ ਸਰਕਾਰ ਲਿਆਉਣ ਲਈ ਉਤਸ਼ਾਹ ਹੈ ਅਤੇ ਵਿਧਾਨ ਸਭਾ ਚੋਣਾਂ ਦਾ ਇੰਤਜ਼ਾਰ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਹਰ ਵਰਗ ਨੂੰ ਨਿਰਾਸ਼ ਕੀਤਾ ਹੈ ਅਤੇ ਖਾਸ ਕਰਕੇ ਨੌਜਵਾਨ ਵਰਗ ਵਿੱਚ ਸਰਕਾਰ ਖਿਲਾਫ ਭਾਰੀ ਨਿਰਾਸ਼ਾ ਹੈ।

## ਸੁਖਮਣੀ ਸਕੂਲ ਦੀ ਮੈਨੇਜਮੈਂਟ ਵੱਲੋਂ ਬਿਨਾ ਨੋਟਿਸ 15 ਕਾਮਿਆਂ ਨੂੰ ਕੱਢਣ ਦੇ ਸਬੰਧ ਵਿੱਚ ਸੋਮਵਾਰ ਨੂੰ ਸੁਖਮਣੀ ਕਾਲਜ ਦੇ ਬਾਹਰ ਪੱਕਾ ਧਰਨਾ- ਰੁਸਤਮ ਸ਼ੇਖ



**ਡੇਰਾਬੱਸੀ, 12 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਸੁਖਮਣੀ ਸਕੂਲ ਦੀ ਮੈਨੇਜਮੈਂਟ ਵੱਲੋਂ ਕਥਿਤ ਤੌਰ ’ਤੇ ਬਿਨਾ ਕਿਸੇ ਨੋਟਿਸ ਦੇ 15 ਕਾਮਿਆਂ ਨੂੰ ਨੌਕਰੀ ਤੋਂ ਕੱਢੇ ਜਾਣ ਦੇ ਮਾਮਲੇ ਨੂੰ ਲੈ ਕੇ ਆਉਣ ਵਾਲੇ ਸੋਮਵਾਰ ਨੂੰ ਸੁਖਮਣੀ ਕਾਲਜ ਦੇ ਬਾਹਰ ਪੱਕਾ ਧਰਨਾ ਲਗਾਇਆ ਜਾਵੇਗਾ। ਇਹ ਜਾਣਕਾਰੀ ਭਾਰਤੀ ਕਿਸਾਨ ਯੂਨੀਅਨ ਪੁਆਧ ਦੇ ਸੀਨੀਅਰ ਮੀਤ ਪ੍ਰਧਾਨ ਰੁਸਤਮ ਸ਼ੇਖ ਨੇ ਦਿੱਤੀ। ਰੁਸਤਮ ਸ਼ੇਖ ਨੇ ਕਿਹਾ ਕਿ ਕੱਢੇ ਗਏ 15 ਕਾਮਿਆਂ ਵਿੱਚ ਆਸ਼ਾ ਵਰਕਰ, ਡਰਾਈਵਰ ਅਤੇ ਕੰਡਕਟਰ ਸਮੇਤ ਹੋਰ ਕਰਮਚਾਰੀ ਸ਼ਾਮਲ ਹਨ। ਉਨ੍ਹਾਂ ਅਨੁਸਾਰ ਇਹ ਕਾਮੇ ਲੰਮੇ ਸਮੇਂ ਤੋਂ ਕਰੀਬ 9 ਤੋਂ 10 ਹਜ਼ਾਰ ਰੁਪਏ ਮਹੀਨਾ ਤਨਖਾਹ ’ਤੇ ਕੰਮ ਕਰ ਰਹੇ ਸਨ। ਇਨ੍ਹਾਂ ਕਾਮਿਆਂ ਨੂੰ ਬਿਨਾ ਨੋਟਿਸ ਦਿੱਤੇ ਨੌਕਰੀ ਤੋਂ ਕੱਢ ਦਿੱਤਾ ਗਿਆ ਅਤੇ ਅੱਜ ਇਨ੍ਹਾਂ ਨੂੰ ਕੱਢੇ ਹੋਏ 179 ਦਿਨ ਹੋ ਚੁੱਕੇ ਹਨ। ਉਨ੍ਹਾਂ ਕਿਹਾ ਕਿ ਇਹ ਬਹੁਤ ਹੀ ਚਿੰਤਾ ਅਤੇ ਸ਼ਰਮ ਦੀ ਗੱਲ ਹੈ ਕਿ ਇੱਕ ਪਾਸੇ ਪੰਜਾਬ ਵਿੱਚ ਰੋਜ਼ਗਾਰ ਦੇ ਵੱਡੇ-ਵੱਡੇ ਦਾਅਵੇ ਕੀਤੇ ਜਾਂਦੇ ਹਨ, ਜਦਕਿ ਦੂਜੇ ਪਾਸੇ ਪੰਜਾਬ ਦੇ ਲੋਕ ਆਪਣੇ ਹੀ ਸੂਬੇ ਵਿੱਚ ਬਹੁਤ ਘੱਟ ਤਨਖਾਹ ’ਤੇ ਕੰਮ ਕਰਕੇ ਆਪਣੇ ਪਰਿਵਾਰਾਂ ਦਾ ਗੁਜ਼ਾਰਾ ਕਰਨ ਲਈ ਮਜਬੂਰ ਹਨ। ਉਨ੍ਹਾਂ ਕਿਹਾ ਕਿ ਰੋਜ਼ਗਾਰ ਦੀ ਭਾਲ ਵਿੱਚ ਨੌਜਵਾਨ ਪੰਜਾਬ ਤੋਂ ਬਾਹਰ ਜਾ ਰਹੇ ਹਨ ਅਤੇ ਜਿਹੜੇ ਲੋਕ ਇੱਥੇ ਕੰਮ ਕਰ ਰਹੇ ਹਨ, ਉਨ੍ਹਾਂ ਦੇ ਰੋਜ਼ਗਾਰ ਦੀ ਸੁਰੱਖਿਆ ਵੀ ਯਕੀਨੀ ਨਹੀਂ ਹੈ। ਰੁਸਤਮ ਸ਼ੇਖ ਨੇ ਕਿਹਾ ਕਿ ਪੀੜਤ ਕਾਮੇ ਆਪਣੀ ਸਮੱਸਿਆ ਲੈਕੇ ਕੇ ਐੱਮਐੱਲਏ, ਐੱਸਐੱਚਓ, ਲੇਬਰ ਇੰਸਪੈਕਟਰ ਅਤੇ ਲੇਬਰ ਕਮਿਸ਼ਨਰ ਸਮੇਤ ਕਈ ਅਧਿਕਾਰੀਆਂ ਅਤੇ ਜ਼ਿੰਮੇਵਾਰ ਵਿਅਕਤੀਆਂ ਕੋਲ ਜਾ ਚੁੱਕੇ ਹਨ, ਪਰ ਉਨ੍ਹਾਂ ਦੇ ਕਹਿਣ ਅਨੁਸਾਰ ਅਜੇ ਤੱਕ ਕਿਸੇ ਨੇ ਵੀ ਇਨ੍ਹਾਂ ਦੀ ਸਮੱਸਿਆ ਦਾ ਢੁੱਕਵਾਂ ਹੱਲ ਨਹੀਂ ਕੀਤਾ। ਉਨ੍ਹਾਂ ਕਿਹਾ ਕਿ ਹੁਣ ਮਜਬੂਰ ਹੋ ਕੇ ਕੱਢੇ ਗਏ ਕਾਮਿਆਂ ਵੱਲੋਂ ਆਉਣ ਵਾਲੇ ਸੋਮਵਾਰ ਨੂੰ ਸੁਖਮਣੀ ਕਾਲਜ ਦੇ ਮੁੱਖ ਗੇਟ ਦੇ ਬਾਹਰ ਪੱਕਾ ਧਰਨਾ ਲਗਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਜੇਕਰ ਸੁਖਮਣੀ ਕਾਲਜ ਦੀ ਮੈਨੇਜਮੈਂਟ ਨੇ ਪੀੜਤ ਕਾਮਿਆਂ ਦੀਆਂ ਮੰਗਾਂ ਦਾ ਹੱਲ ਨਾ ਕੀਤਾ ਤਾਂ ਇਹ ਧਰਨਾ ਲਗਾਤਾਰ ਜਾਰੀ ਰੱਖਣ ਲਈ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਰੁਸਤਮ ਸ਼ੇਖ ਨੇ ਮੰਗ ਕੀਤੀ ਕਿ ਕੱਢੇ ਗਏ 15 ਕਾਮਿਆਂ ਨੂੰ ਇਨਸਾਫ਼ ਦਿੱਤਾ ਜਾਵੇ ਅਤੇ ਉਨ੍ਹਾਂ ਦੇ ਰੋਜ਼ਗਾਰ ਤੇ ਹੱਕਾਂ ਦੀ ਰੱਖਿਆ ਕੀਤੀ ਜਾਵੇ।

## ਸੇਵਾ ਸੰਕਲਪ ਅਭਿਆਨ : ਸੱਤਾ ਸਾਧਨ ਹੈ, ਸੇਵਾ ਸਦੀਵੀ ਸੰਕਲਪ

# ਰਾਸ਼ਟਰ ਨਿਰਮਾਣ ਸਰਕਾਰ ਤੇ ਹਰ ਨਾਗਰਿਕ ਦੀ ਸਾਂਝੀ ਜ਼ਿੰਮੇਵਾਰੀ ਹੈ



ਨਰਿੰਦਰ ਮੋਦੀ ਦੇ ਜਨਤਕ ਜੀਵਨ ਦੇ 25 ਸਾਲਾਂ ਨੂੰ ਸਿਰਫ਼ ਚੋਣ ਜਿੱਤਾਂ ਦੇ ਪੈਮਾਨੇ ਨਾਲ ਤੋਲਣਾ ਇਸ ਵੱਡੇ ਸਵਾਲ ਨੂੰ ਨਜ਼ਰਅੰਦਾਜ਼ ਕਰਨਾ ਹੋਵੇਗਾ ਕਿ ਸ਼ਾਸਨ ਨੇ ਆਮ ਨਾਗਰਿਕ ਦੀ ਜ਼ਿੰਦਗੀ ਵਿੱਚ ਕੀ ਬਦਲਾਅ ਲਿਆਂਦਾ ਹੈ ਅਤੇ ਦੇਸ਼ ਦੇ ਭਵਿੱਖ ਨੂੰ ਕਿਹੜੀ ਦਿਸ਼ਾ ਦਿੱਤੀ ਹੈ।

ਇਹੀ 'ਸੇਵਾ ਸੰਕਲਪ ਅਭਿਆਨ' ਦੀ ਵੱਡੀ ਪ੍ਰਸੰਗਿਕਤਾ ਹੈ, ਜਿਸ ਨੂੰ ਭਾਰਤੀ ਜਨਤਾ ਪਾਰਟੀ ਵੱਲੋਂ ਰਾਸ਼ਟਰੀ ਪ੍ਰਧਾਨ ਸ੍ਰੀ ਨਿਤਿਨ ਨਬੀਨ ਦੀ ਅਗਵਾਈ ਹੇਠ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਜਨਤਕ ਜੀਵਨ ਦੇ 25 ਸਾਲ ਪੂਰੇ ਹੋਣ ਮੌਕੇ ਦੇਸ਼ ਭਰ ਵਿੱਚ ਆਯੋਜਿਤ ਕੀਤਾ ਜਾ ਰਿਹਾ ਹੈ। ਪੰਜਾਬ ਵਿੱਚ ਵੀ 17 ਸਤੰਬਰ ਤੋਂ 17 ਅਕਤੂਬਰ ਤੱਕ ਚੱਲਣ ਵਾਲਾ ਇਹ ਮਹੀਨਾ ਭਰ ਦਾ ਅਭਿਆਨ ਸਿਰਫ਼ ਜਸ਼ਨ ਨਹੀਂ, ਸਗੋਂ ਸੇਵਾ ਨੂੰ ਰਾਸ਼ਟਰ ਨਿਰਮਾਣ ਅਤੇ ਰਾਸ਼ਟਰ ਨਿਰਮਾਣ ਨੂੰ 'ਵਿਕਸਤ ਭਾਰਤ 2047' ਦੇ ਸੰਕਲਪ ਨਾਲ ਜੋੜਨ ਦਾ ਮੌਕਾ ਹੈ।

ਇਹ ਫ਼ਰਕ ਮਹੱਤਵਪੂਰਨ ਹੈ। ਸਿਆਸਤ ਨੂੰ ਅਕਸਰ ਇਸ ਆਧਾਰ 'ਤੇ ਪਰਖਿਆ ਜਾਂਦਾ ਹੈ ਕਿ ਸੱਤਾ ਕਿਸ ਨੇ ਹਾਸਲ ਕੀਤੀ। ਪਰ ਜਨਤਕ ਜੀਵਨ ਦੀ ਅਸਲ ਪਰਖ ਇਸ ਗੱਲ ਨਾਲ ਹੋਣੀ ਚਾਹੀਦੀ ਹੈ ਕਿ ਉਸ ਸੱਤਾ ਦੀ ਵਰਤੋਂ ਕਿਸ ਲਈ ਅਤੇ ਕਿਵੇਂ ਕੀਤੀ ਗਈ।

ਨਰਿੰਦਰ ਮੋਦੀ ਦਾ ਰਾਜਨੀਤਿਕ ਸਫ਼ਰ 2001 ਵਿੱਚ ਗੁਜਰਾਤ ਦੇ ਮੁੱਖ ਮੰਤਰੀ ਵਜੋਂ ਸ਼ੁਰੂ ਹੋਇਆ। ਤਿੰਨ ਕਾਰਜਕਾਲਾਂ ਬਾਅਦ ਉਹ 2014 ਵਿੱਚ ਦੇਸ਼ ਦੇ ਪ੍ਰਧਾਨ ਮੰਤਰੀ ਬਣੇ। ਇਨ੍ਹਾਂ ਸਾਲਾਂ ਦੌਰਾਨ ਉਨ੍ਹਾਂ ਦੀ ਰਾਜਨੀਤੀ ਨੂੰ ਸ਼ਾਸਨ ਨੂੰ ਬਦਲਾਅ ਦੇ ਸਾਧਨ ਵਜੋਂ ਵਰਤਣ ਦੀ ਸੋਚ ਨਾਲ ਜੋੜਿਆ ਗਿਆ, ਜਿਸ ਵਿੱਚ ਭਲਾਈ ਯੋਜਨਾਵਾਂ, ਬੁਨਿਆਦੀ ਢਾਂਚਾ, ਤਕਨਾਲੋਜੀ, ਆਰਥਿਕ ਵਿਕਾਸ ਅਤੇ ਰਾਸ਼ਟਰੀ ਆਤਮਵਿਸ਼ਵਾਸ ਨੂੰ ਇਕੱਠੇ ਅੱਗੇ ਵਧਾਉਣ ਦੀ ਕੋਸ਼ਿਸ਼ ਦਿਖਾਈ ਦਿੰਦੀ ਹੈ।

ਇਹੀ ਕਾਰਨ ਹੈ ਕਿ ਅੱਜ ਭਾਰਤ ਦੁਨੀਆ ਦੀ ਪੰਜਵੀਂ ਪ੍ਰਮੁੱਖ ਅਰਥਵਿਵਸਥਾ ਵਜੋਂ ਇਸ ਖੇਤਰ ਵਿੱਚ ਆਪਣੀ ਸਥਿਤੀ ਮਜ਼ਬੂਤ ਕਰ ਚੁੱਕਾ ਹੈ। ਭਾਰਤ ਦੀ ਵਿਕਾਸ ਦਰ ਵੀ ਦੁਨੀਆ ਦੇ ਕਈ ਵੱਡੇ ਦੇਸ਼ਾਂ ਨਾਲੋਂ ਬਿਹਤਰ ਹੋਈ ਹੈ। ਉਨ੍ਹਾਂ ਦੀ ਸੱਤਾ ਵਿੱਚ ਆਉਣ ਤੋਂ ਬਾਅਦ ਦੇਸ਼ ਵਿੱਚ ਚਿਰਾਂ ਤੋਂ ਲੰਬਿਤ ਮਸਲਿਆਂ ਪ੍ਰਤੀ ਫ਼ੈਸਲਾ ਲੈਣ ਦੀ ਸਮਰੱਥਾ, ਤਕਨਾਲੋਜੀ ਦੀ ਵਰਤੋਂ ਨਾਲ 'ਮੇਕ ਇਨ ਇੰਡੀਆ', 'ਡਿਜੀਟਲ ਇੰਡੀਆ', 'ਸਕਿੱਲ ਇੰਡੀਆ' ਅਤੇ 'ਸਟਾਰਟਅੱਪ ਇੰਡੀਆ' ਵਰਗੀਆਂ ਪਹਿਲਕਦਮੀਆਂ ਭਾਰਤ ਦੀ ਤਰੱਕੀ ਦਾ ਪ੍ਰਤੀਕ ਬਣੀਆਂ ਹਨ।

ਸਿਹਤ, ਮਹਿਲਾ ਸਸ਼ਕਤੀਕਰਨ, ਸੜਕਾਂ, ਰੇਲਵੇ, ਹਵਾਈ ਅੱਡਿਆਂ ਦਾ ਬੁਨਿਆਦੀ ਢਾਂਚਾ, ਸੁਰੱਖਿਆ ਖੇਤਰ ਵਿੱਚ ਵਧ ਰਹੀ ਆਤਮਨਿਰਭਰਤਾ ਅਤੇ ਉਦਯੋਗਿਕ ਨਿਵੇਸ਼ ਦੇ ਵਿਸਥਾਰ ਨੇ ਵੀ ਵਿਕਾਸ ਦੀ ਗਤੀ ਨੂੰ ਨਵੀਂ ਦਿਸ਼ਾ ਦਿੱਤੀ ਹੈ। ਇਸੇ ਦੌਰਾਨ ਜਨ ਧਨ ਤੋਂ ਡਿਜ਼ੀਟਲ ਭੁਗਤਾਨ ਤੱਕ, ਸਵੱਛ ਭਾਰਤ ਤੋਂ ਆਯੁਸ਼ਮਾਨ ਭਾਰਤ ਤੱਕ, ਗ਼ਰੀਬਾਂ ਲਈ ਪੱਕੇ ਮਕਾਨਾਂ ਦੀ ਪ੍ਰਧਾਨ ਮੰਤਰੀ ਆਵਾਸ ਯੋਜਨਾ ਤੋਂ ਹਰ ਘਰ ਪਾਣੀ ਦੇ ਜਲ ਜੀਵਨ ਮਿਸ਼ਨ ਤੱਕ, ਮੁਫ਼ਤ ਰਾਸ਼ਨ, ਉੱਜਵਲਾ ਯੋਜਨਾ ਅਤੇ ਪੀਐਮ ਕਿਸਾਨ ਸਨਮਾਨ ਨਿਧੀ ਵਰਗੀਆਂ ਯੋਜਨਾਵਾਂ ਰਾਹੀਂ ਕੇਂਦਰ ਸਰਕਾਰ ਨੇ ਸਹੂਲਤਾਂ ਨੂੰ ਆਖ਼ਰੀ ਕਤਾਰ ਵਿੱਚ ਖੜ੍ਹੇ ਵਿਅਕਤੀ ਤੱਕ ਪਹੁੰਚਾਉਣ ਦਾ ਕੰਮ ਕੀਤਾ ਹੈ। ਇਹ ਸਭ ਇੱਕ ਵਿਆਪਕ ਰਾਸ਼ਟਰ-ਨਿਰਮਾਣ ਦੀ ਦ੍ਰਿਸ਼ਟੀ ਨਾਲ ਜੁੜਿਆ ਹੋਇਆ ਹੈ।

## ਵਿਚਾਰ ਆਪੋ-ਆਪਣਾ

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਜਨ ਸੇਵਾ ਦਾ ਸਫ਼ਰ ਸਿਰਫ਼ ਇੱਥੋਂ ਤੱਕ ਸੀਮਤ ਨਹੀਂ ਹੈ। ਉਨ੍ਹਾਂ ਨੇ 2047 ਤੱਕ ਭਾਰਤ ਨੂੰ ਇੱਕ ਵਿਕਸਤ ਅਤੇ ਵਿਸ਼ਵ ਪੱਧਰ 'ਤੇ ਮੋਹਰੀ ਦੇਸ਼ ਬਣਾਉਣ ਦਾ ਸੰਕਲਪ ਲਿਆ ਹੈ।

ਇਸੇ ਲਈ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਲੰਮੀ ਅਤੇ ਸਮਰਪਿਤ ਜਨਤਕ ਸੇਵਾ ਦੇ 25 ਸਾਲ ਪੂਰੇ ਹੋਣ ਦਾ ਮੌਕਾ ਸਿਰਫ਼ ਇੱਕ ਵਰ੍ਹੇਗੰਢ ਨਹੀਂ, ਸਗੋਂ ਸੇਵਾ ਤੋਂ ਰਾਸ਼ਟਰ-ਨਿਰਮਾਣ ਅਤੇ ਰਾਸ਼ਟਰ-ਨਿਰਮਾਣ ਤੋਂ 'ਵਿਕਸਤ ਭਾਰਤ 2047' ਦੇ ਹਾਸਲ ਨੂੰ ਸਮਝਣ ਦਾ ਮੌਕਾ ਹੈ। ਇਸ ਮੌਕੇ ਜਨ-ਭਾਗੀਦਾਰੀ ਵਾਲੇ 'ਸੇਵਾ ਸੰਕਲਪ ਅਭਿਆਨ' ਰਾਹੀਂ ਸਰਕਾਰ ਦੀਆਂ ਯੋਜਨਾਵਾਂ ਤੇ ਸੇਵਾਵਾਂ ਪ੍ਰਤੀ ਲੋਕਾਂ ਵਿੱਚ ਜਾਗਰੂਕਤਾ ਅਤੇ ਸਮਾਜਿਕ ਸਰੋਕਾਰਾਂ ਨੂੰ ਜਨ-ਭਾਗੀਦਾਰੀ ਨਾਲ ਜੋੜਨ ਲਈ ਭਾਜਪਾ ਵੱਲੋਂ ਵਿਆਪਕ ਯੋਜਨਾ ਉਲੀਕੀ ਗਈ ਹੈ।

ਇਹ ਜਾਣਦੇ ਹੋਏ ਕਿ ਕਿਸੇ ਵੀ ਸਰਕਾਰ ਦੀ ਸਫ਼ਲਤਾ ਸਿਰਫ਼ ਅੰਕੜਿਆਂ ਨਾਲ ਨਹੀਂ ਮਾਪੀ ਜਾ ਸਕਦੀ। ਉਸ ਦੀ ਅਸਲ ਪਰਖ ਲੋਕਾਂ ਦੇ ਜੀਵਨ ਵਿੱਚ ਹੋਏ ਬਦਲਾਅ ਨਾਲ ਹੁੰਦੀ ਹੈ। ਕਿਸੇ ਪਰਿਵਾਰ ਨੂੰ ਮਿਲਿਆ ਘਰ, ਕਿਸੇ ਮਹਿਲਾ ਨੂੰ ਮਿਲੀ ਸਹਾਇਤਾ, ਕਿਸੇ ਕਿਸਾਨ ਨੂੰ ਮਿਲਿਆ ਲਾਭ ਜਾਂ ਕਿਸੇ ਨੌਜਵਾਨ ਨੂੰ ਮਿਲਿਆ ਮੌਕਾ—ਇਹੀ ਨੀਤੀ ਦੇ ਜ਼ਮੀਨੀ ਅਸਰ ਦੀ ਅਸਲ ਤਸਵੀਰ ਹੈ। ਇਸੇ ਲਈ ਸਰਕਾਰੀ ਯੋਜਨਾਵਾਂ ਦੇ ਲਾਭਪਾਤਰੀਆਂ ਨਾਲ ਨਿੱਜੀ ਸੰਪਰਕ ਕੀਤਾ ਜਾ ਰਿਹਾ ਹੈ।

ਇਸ ਤਹਿਤ 17 ਸਤੰਬਰ ਨੂੰ 'ਆਸ਼ੀਰਵਾਦ ਦਾ ਦੀਵਾ' ਜਨ-ਭਾਗੀਦਾਰੀ ਦੀ ਭਾਵਨਾ ਦਾ ਪ੍ਰਤੀਕ ਬਣ ਸਕਦਾ ਹੈ। ਇੱਕ ਦੀਵਾ ਇਕੱਲਾ ਹਨੇਰਾ ਨਹੀਂ ਮਿਟਾਉਂਦਾ, ਪਰ ਲੱਖਾਂ ਦੀਵੇ ਇਕੱਠੇ ਜਗਣ ਤਾਂ ਉਹ ਰੌਸ਼ਨੀ ਇੱਕ ਸਾਂਝੇ ਸੰਕਲਪ ਦਾ ਰੂਪ ਧਾਰ ਲੈਂਦੀ ਹੈ।

ਇਸੇ ਲਈ 'ਬਦਲਾਅ ਦੀ ਕਹਾਣੀ' ਵਰਗੀਆਂ ਪਹਿਲਕਦਮੀਆਂ ਵੀ ਮਹੱਤਵਪੂਰਨ ਹਨ। ਅੰਕੜੇ ਸਰਕਾਰ ਦੇ ਕੰਮ ਦੀ ਤਸਵੀਰ ਦਿੰਦੇ ਹਨ, ਪਰ ਲਾਭਪਾਤਰੀ ਦੀ ਆਪਣੀ ਆਵਾਜ਼ ਉਸ ਕੰਮ ਦਾ ਅਸਰ ਦੱਸਦੀ ਹੈ। ਡਿਜ਼ੀਟਲ ਯੁੱਗ ਵਿੱਚ ਪ੍ਰਮਾਣਿਕ ਵੀਡੀਓ, ਰੀਲਾਂ ਅਤੇ ਸਥਾਨਕ ਭਾਸ਼ਾਵਾਂ ਵਿੱਚ ਲੋਕਾਂ ਦੀਆਂ ਆਪਣੀਆਂ ਕਹਾਣੀਆਂ ਇਸ ਸੰਵਾਦ ਨੂੰ ਹੋਰ ਪ੍ਰਭਾਵਸ਼ਾਲੀ ਬਣਾ ਸਕਦੀਆਂ ਹਨ।

ਸਕੂਲਾਂ ਵਿੱਚ 'ਵਿਕਸਤ ਭਾਰਤ ਸੰਕਲਪ' ਵਿਸ਼ੇ 'ਤੇ ਚਿੱਤਰਕਲਾ ਅਤੇ ਭਾਸ਼ਣ ਮੁਕਾਬਲੇ ਬੱਚਿਆਂ ਦੀ ਉਸ ਸੋਚ ਨੂੰ ਜਨਮ ਦੇਣਗੇ, ਜਿਸ ਵਿੱਚ ਕਿਸੇ ਬੱਚੇ ਦੀ ਕਲਪਨਾ ਵਿੱਚ ਚੰਦਰਯਾਨ ਹੋਵੇਗਾ, ਕਿਸੇ ਵਿੱਚ ਆਧੁਨਿਕ ਰੇਲ, ਕਿਸੇ ਵਿੱਚ ਖ਼ੁਸ਼ਹਾਲ ਕਿਸਾਨ, ਕਿਸੇ ਵਿੱਚ ਸਾਫ਼ ਦਰਿਆ ਅਤੇ ਕਿਸੇ ਵਿੱਚ ਮਜ਼ਬੂਤ ਸਰਹੱਦਾਂ। ਇਹ ਸਿਰਫ਼ ਬੱਚਿਆਂ ਦੀਆਂ ਤਸਵੀਰਾਂ ਨਹੀਂ, ਸਗੋਂ ਭਵਿੱਖ ਦੇ ਭਾਰਤ ਦੀਆਂ ਸੰਭਾਵਿਤ ਤਸਵੀਰਾਂ ਹੋਣਗੀਆਂ।

ਇਹੀ ਰਾਸ਼ਟਰ-ਨਿਰਮਾਣ ਦਾ ਮੂਲ ਸਿਧਾਂਤ ਹੈ ਕਿ ਦੇਸ਼ ਸਿਰਫ਼ ਸਰਕਾਰਾਂ ਨਹੀਂ ਬਣਾਉਂਦੀਆਂ; ਦੇਸ਼ ਉਸ ਦੇ ਨਾਗਰਿਕ ਬਣਾਉਂਦੇ ਹਨ। ਇਸੇ ਲਈ ਵਿਕਸਤ ਭਾਰਤ ਦੀ ਕਲਪਨਾ ਵਿੱਚ ਅੱਜ ਦੇ ਵੋਟਰ ਦੇ ਨਾਲ ਉਸ ਬੱਚੇ ਦੀ ਆਵਾਜ਼ ਵੀ ਸ਼ਾਮਲ ਹੋਣੀ ਚਾਹੀਦੀ ਹੈ, ਜੋ 2047 ਵਿੱਚ ਦੇਸ਼ ਦੀ ਫ਼ੈਸਲਾ ਲੈਣ ਵਾਲੀ ਪੀੜ੍ਹੀ ਦਾ ਹਿੱਸਾ ਹੋਵੇਗਾ।

ਇੱਕ ਯੂਨਿਟ ਖ਼ੂਨ ਕਿਸੇ ਦੀ ਜ਼ਿੰਦਗੀ ਬਚਾ ਸਕਦਾ ਹੈ। ਇੱਕ ਰੁੱਖ ਆਉਣ ਵਾਲੀ ਪੀੜ੍ਹੀ ਨੂੰ ਛਾਂ ਦੇ ਸਕਦਾ ਹੈ। ਕਿਸੇ ਗ਼ਰੀਬ ਬੱਚੇ ਦੀ ਪੜ੍ਹਾਈ ਵਿੱਚ ਸਹਾਇਤਾ ਉਸ ਦੀ ਜ਼ਿੰਦਗੀ ਦੀ ਦਿਸ਼ਾ ਬਦਲ ਸਕਦੀ ਹੈ। 'ਵਿਹੜੇ ਦਾ ਜਸ਼ਨ' ਰਾਹੀਂ ਆਂਗਣਵਾੜੀ ਕੇਂਦਰਾਂ ਅਤੇ ਲਾਭਪਾਤਰੀ ਮਾਵਾਂ ਨੂੰ ਜੋੜਨਾ ਵੀ ਸੇਵਾ ਦੇ ਸਮਾਜਿਕ ਪੱਖ ਨੂੰ ਮਜ਼ਬੂਤ ਕਰੇਗਾ। 'ਨਮੋ ਸੇਵਾ ਗਾਥਾ' ਤਹਿਤ ਨੁੱਕੜ ਨਾਟਕਾਂ ਰਾਹੀਂ ਸਰਕਾਰੀ ਯੋਜਨਾਵਾਂ ਅਤੇ ਸੇਵਾ ਦਾ ਸੰਦੇਸ਼ ਸਥਾਨਕ ਭਾਸ਼ਾਵਾਂ ਵਿੱਚ ਪਹੁੰਚਾਉਣਾ ਵੀ ਇਸੇ ਲੋਕ-ਸੰਵਾਦ ਨੂੰ ਮਜ਼ਬੂਤ ਕਰਦਾ ਹੈ। ਪੰਜਾਬ ਵਿੱਚ ਪੰਜਾਬੀ ਰਾਹੀਂ ਇਹ ਸੰਵਾਦ ਹੋਰ ਪ੍ਰਭਾਵਸ਼ਾਲੀ ਹੋ ਸਕਦਾ ਹੈ।

ਇੱਥੇ ਹੀ ਸਿਆਸਤ ਦੀ ਸਭ ਤੋਂ ਵੱਡੀ ਪਰਖ ਹੈ—ਕੀ ਸਿਆਸਤ ਮਨੁੱਖ ਤੋਂ ਵੱਡੀ ਹੈ ਜਾਂ ਮਨੁੱਖ ਸਿਆਸਤ ਤੋਂ?

ਇਹ ਸੱਚ ਹੈ ਕਿ ਸੇਵਾ ਦੀ ਅਸਲ ਪਰਖ ਮੰਚ 'ਤੇ ਨਹੀਂ, ਮੈਦਾਨ ਵਿੱਚ ਹੁੰਦੀ ਹੈ। ਇਸ ਲਈ ਹਰੇਕ ਵਿਧਾਨ ਸਭਾ ਹਲਕੇ ਵਿੱਚ ਸਮਾਜ ਸੇਵਾ ਗਤੀਵਿਧੀਆਂ ਨੂੰ ਸਿਰਫ਼ ਪ੍ਰੋਗਰਾਮ ਨਾ ਮੰਨ ਕੇ ਸਮਾਜਕ ਜ਼ਿੰਮੇਵਾਰੀ ਬਣਾਉਣਾ ਜ਼ਰੂਰੀ ਹੈ। ਖ਼ੂਨਦਾਨ, ਸਿਹਤ ਜਾਂਚ, ਰੁੱਖ ਲਗਾਉਣਾ, ਸਫ਼ਾਈ, ਗ਼ਰੀਬ ਬੱਚਿਆਂ ਲਈ ਸਿੱਖਿਆ ਸਹਾਇਤਾ, ਕੈਰੀਅਰ ਕਾਊਂਸਲਿੰਗ, ਨਸ਼ਾ-ਮੁਕਤੀ ਜਾਗਰੂਕਤਾ, ਪਾਣੀ ਸੰਭਾਲ, ਸਾਈਬਰ ਸੁਰੱਖਿਆ, ਅਪੰਗ ਵਿਅਕਤੀਆਂ ਦੀ ਸਹਾਇਤਾ ਅਤੇ ਸੈਨਿਕ ਸਨਮਾਨ—ਇਹ ਕਾਰਜ ਤਸਵੀਰਾਂ ਤੱਕ ਸੀਮਿਤ ਨਾ ਰਹਿਣ, ਸਗੋਂ ਅਸਲ ਸਮਾਜਿਕ ਦਖ਼ਲ ਬਣਨ।

ਰਾਸ਼ਟਰੀ ਸੰਕਲਪ ਦੀ ਪਰਖ ਪੰਜਾਬ ਵਿੱਚ ਵੀ ਹੋਣੀ ਹੈ। ਪੰਜਾਬ ਸਿਰਫ਼ ਖੇਤੀ-ਪ੍ਰਧਾਨ ਸੂਬਾ ਨਹੀਂ। ਇਹ ਦੇਸ਼ ਦੀਆਂ ਸਰਹੱਦਾਂ ਦਾ ਪਹਿਰੇਦਾਰ, ਖੇਤੀ ਅਤੇ ਉਦਯੋਗ ਦੀ ਮਹੱਤਵਪੂਰਨ ਧਰਤੀ, ਪਰਵਾਸ ਦੀ ਚੁਣੌਤੀ ਨਾਲ ਜੂਝ ਰਿਹਾ ਸਮਾਜ ਅਤੇ ਸਿੱਖ ਇਤਿਹਾਸ ਤੇ ਵਿਰਾਸਤ ਦੀ ਵਿਸ਼ਵ ਪੱਧਰੀ ਪਛਾਣ ਦਾ ਕੇਂਦਰ ਹੈ। ਇਸ ਲਈ ਪੰਜਾਬ ਦਾ ਵਿਕਾਸ ਸਿਰਫ਼ ਆਰਥਿਕ ਅੰਕੜਿਆਂ ਨਾਲ ਨਹੀਂ ਮਾਪਿਆ ਜਾ ਸਕਦਾ।

ਪਿਛਲੇ ਸਾਲਾਂ ਵਿੱਚ ਕੇਂਦਰ ਦੀਆਂ ਕਈ ਪਹਿਲਕਦਮੀਆਂ ਦਾ ਸਿੱਧਾ ਸਬੰਧ ਪੰਜਾਬ ਅਤੇ ਸਿੱਖ ਭਾਈਚਾਰੇ ਨਾਲ ਰਿਹਾ ਹੈ। ਸ੍ਰੀ ਕਰਤਾਰਪੁਰ ਸਾਹਿਬ ਕੋਰੀਡੋਰ ਨੇ ਦਹਾਕਿਆਂ ਪੁਰਾਣੀ ਧਾਰਮਿਕ ਆਸਥਾ ਨੂੰ ਜ਼ਮੀਨੀ ਹਕੀਕਤ ਦਾ ਰੂਪ ਦਿੱਤਾ। ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਅਤੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 400ਵੇਂ ਪ੍ਰਕਾਸ਼ ਪੁਰਬ ਨਾਲ ਜੁੜੇ ਕੌਮੀ ਸਮਾਗਮਾਂ ਨੇ ਸਿੱਖ ਇਤਿਹਾਸ ਨੂੰ ਕੌਮੀ ਯਾਦ ਦੇ ਵਿਆਪਕ ਪਰਿਪੇਖ ਨਾਲ ਜੋੜਿਆ। ਛੋਟੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ 'ਵੀਰ ਬਾਲ ਦਿਵਸ' ਵਜੋਂ ਯਾਦ ਕਰਨ ਦਾ ਫ਼ੈਸਲਾ ਵੀ ਇਸੇ ਭਾਵਨਾ ਦਾ ਪ੍ਰਗਟਾਵਾ ਹੈ।

ਇਸੇ ਦੌਰਾਨ ਇਤਿਹਾਸ ਦੇ ਸੰਵੇਦਨਸ਼ੀਲ ਅਧਿਆਇਆਂ ਨਾਲ ਜੁੜੇ ਕੁਝ ਮਹੱਤਵਪੂਰਨ ਕਦਮ ਵੀ ਸਾਹਮਣੇ ਆਏ ਹਨ। ਜੂਨ 1984 ਵਿੱਚ ਸ੍ਰੀ ਦਰਬਾਰ ਸਾਹਿਬ 'ਤੇ ਹੋਏ ਹਮਲੇ ਦੀ ਪ੍ਰਧਾਨ ਮੰਤਰੀ ਵੱਲੋਂ ਸੰਸਦ ਵਿੱਚ ਨਿਖੇਧੀ, 1984 ਦੇ ਸਿੱਖ ਕਤਲੇਆਮ ਦੇ ਦੋਸ਼ੀਆਂ ਖ਼ਿਲਾਫ਼ ਕਾਰਵਾਈ, ਸਿੱਖਾਂ ਨਾਲ ਸਬੰਧਤ ਕਾਲੀ ਸੂਚੀ ਦਾ ਖ਼ਾਤਮਾ ਅਤੇ ਅਫ਼ਗ਼ਾਨਿਸਤਾਨ ਦੇ ਸੰਕਟ ਸਮੇਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਰੂਪਾਂ ਨੂੰ ਸੁਰੱਖਿਅਤ ਅਤੇ ਸਤਿਕਾਰ ਸਹਿਤ ਭਾਰਤ ਲਿਆਉਣਾ—ਇਹ ਕਦਮ ਸਿੱਖ ਭਾਵਨਾਵਾਂ ਨਾਲ ਡੂੰਘਾ ਸਰੋਕਾਰ ਰੱਖਦੇ ਹਨ।

ਇਨ੍ਹਾਂ ਉਪਰਾਲਿਆਂ ਦੀ ਸਿੱਖ ਸੰਸਥਾਵਾਂ ਵੱਲੋਂ ਵੀ ਪ੍ਰਸ਼ੰਸਾ ਕੀਤੀ ਗਈ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪ੍ਰਧਾਨ ਮੰਤਰੀ ਦੀ 'ਮਸੀਹਾ' ਵਜੋਂ ਪ੍ਰਸ਼ੰਸਾ ਅਤੇ 'ਕੌਮੀ ਸੇਵਾ ਅਵਾਰਡ' ਨਾਲ ਸਨਮਾਨ ਵੀ ਇਸ ਸੰਦਰਭ ਵਿੱਚ ਉਲੇਖਣਯੋਗ ਹੈ। ਪੰਜਾਬ ਨੂੰ ਵੀ ਪਿਛਲੇ 12 ਸਾਲਾਂ ਵਿੱਚ ਮੋਦੀ ਸਰਕਾਰ ਵੱਲੋਂ ਵੱਖ-ਵੱਖ ਯੋਜਨਾਵਾਂ ਅਤੇ ਪ੍ਰੋਜੈਕਟਾਂ ਰਾਹੀਂ ਵੱਡਾ ਵਿੱਤੀ ਸਹਿਯੋਗ ਮਿਲਿਆ ਹੈ। ਸੜਕਾਂ, ਰੇਲਵੇ, ਕਿਸਾਨੀ, ਪਾਣੀ ਅਤੇ ਬੁਨਿਆਦੀ ਢਾਂਚੇ ਦੇ ਖੇਤਰ ਵਿੱਚ ਕੇਂਦਰ ਸਰਕਾਰ ਵੱਲੋਂ ਪੰਜਾਬ ਦੇ ਵਿਕਾਸ ਲਈ ਵੱਡੇ ਪੱਧਰ 'ਤੇ ਫੰਡ ਦਿੱਤੇ ਗਏ ਹਨ। ਪਰ ਪੰਜਾਬ ਦੀਆਂ ਚੁਣੌਤੀਆਂ ਸਿਰਫ਼ ਬੁਨਿਆਦੀ ਢਾਂਚੇ ਤੱਕ ਸੀਮਿਤ ਨਹੀਂ। ਭ੍ਰਿਸ਼ਟਾਚਾਰ ਤੋਂ ਮੁਕਤੀ, ਨੌਜਵਾਨਾਂ ਲਈ ਰੁਜ਼ਗਾਰ, ਖੇਤੀ ਦੀ ਮਜ਼ਬੂਤੀ, ਉਦਯੋਗਿਕ ਪੁਨਰ-ਜਾਗਰਨ, ਸਰਹੱਦੀ ਸੁਰੱਖਿਆ ਅਤੇ ਸਿੱਖ ਵਿਰਾਸਤ ਪ੍ਰਤੀ ਸਤਿਕਾਰ—ਇਹ ਸਾਰੇ ਵਿਕਸਤ ਪੰਜਾਬ ਦੇ ਕੇਂਦਰੀ ਸਵਾਲ ਹਨ।

ਨਸ਼ਿਆਂ ਖ਼ਿਲਾਫ਼ ਫ਼ੈਸਲਾਕੁਨ ਲੜਾਈ ਲੜਨਾ ਹੁਣ ਪੰਜਾਬ ਦੀ ਸਭ ਤੋਂ ਵੱਡੀ ਪਹਿਲ ਬਣ ਗਿਆ ਹੈ। ਨਸ਼ਿਆਂ ਦਾ ਇਹ ਵਿਕਰਾਲ ਦੈਂਤ ਪੰਜਾਬ ਦੀ ਜਵਾਨੀ ਅਤੇ ਸਮਾਜਿਕ ਤਾਣੇ-ਬਾਣੇ ਨੂੰ ਤਬਾਹ ਕਰਨ 'ਤੇ ਤੁਲਿਆ ਹੋਇਆ ਹੈ। ਨਸ਼ਿਆਂ ਨੂੰ ਕਾਬੂ ਕਰਨ ਦੇ ਸੂਬਾ ਸਰਕਾਰ ਦੇ ਦਾਅਵੇ ਹੁਣ ਖੋਖਲੇ ਸਾਬਤ ਹੋ ਰਹੇ ਹਨ। ਅਜਿਹੇ ਹਾਲਾਤ ਵਿੱਚ ਪੰਜਾਬ ਦੇ ਲੋਕ ਭਾਜਪਾ ਵੱਲ ਉਮੀਦ ਨਾਲ ਦੇਖ ਰਹੇ ਹਨ। ਇਸ ਭਰੋਸੇ ਨੂੰ ਜ਼ਿੰਮੇਵਾਰੀ ਵਿੱਚ ਬਦਲਣਾ ਹੁਣ ਸਾਡਾ ਫ਼ਰਜ਼ ਹੈ। ਇਸ ਮਕਸਦ ਲਈ 18 ਸਤੰਬਰ ਤੋਂ 'ਨਸ਼ਾ ਮੁਕਤ ਪੰਜਾਬ ਯਾਤਰਾ' ਦੀ ਸ਼ੁਰੂਆਤ ਕੀਤੀ ਜਾ ਰਹੀ ਹੈ।

ਇਸ ਦੇ ਨਾਲ ਹੀ ਨੌਜਵਾਨੀ ਦੇ ਵਿਦੇਸ਼ ਜਾਣ ਦੀ ਵਧਦੀ ਦੌੜ ਅਤੇ ਰੁਜ਼ਗਾਰ ਦੀਆਂ ਚੁਣੌਤੀਆਂ ਪੰਜਾਬ ਦੀ ਸਮਾਜਿਕ ਅਤੇ ਆਰਥਿਕ ਦਿਸ਼ਾ 'ਤੇ ਗੰਭੀਰ ਸਵਾਲ ਖੜ੍ਹੇ ਕਰਦੀਆਂ ਹਨ। ਜੇ ਪੰਜਾਬ ਦਾ ਨੌਜਵਾਨ ਮੌਕਿਆਂ ਦੀ ਭਾਲ ਵਿੱਚ ਵਿਦੇਸ਼ ਜਾਣ ਲਈ ਮਜਬੂਰ ਹੁੰਦਾ ਹੈ, ਤਾਂ ਸਵਾਲ ਸਿਰਫ਼ ਬੇਰੁਜ਼ਗਾਰੀ ਦਾ ਨਹੀਂ ਰਹਿੰਦਾ। ਸਵਾਲ ਇਹ ਬਣ ਜਾਂਦਾ ਹੈ ਕਿ ਪੰਜਾਬ ਆਪਣੇ ਹੀ ਬੱਚਿਆਂ ਨੂੰ ਇੱਥੇ ਰਹਿ ਕੇ ਸੁਨਹਿਰੇ ਭਵਿੱਖ ਦਾ ਭਰੋਸਾ ਕਿਉਂ ਨਹੀਂ ਦੇ ਪਾ ਰਿਹਾ ਹੈ?

ਵਿਕਸਤ ਪੰਜਾਬ ਦੀ ਅਸਲ ਕਸੌਟੀ ਇਹੀ ਹੋਵੇਗੀ ਕਿ ਨੌਜਵਾਨ ਇੱਥੇ ਰਹਿ ਕੇ ਸਨਮਾਨ ਨਾਲ ਜੀ ਸਕੇ, ਰੁਜ਼ਗਾਰ ਪ੍ਰਾਪਤ ਕਰੇ ਅਤੇ ਤਰੱਕੀ ਦੇ ਮੌਕੇ ਹਾਸਲ ਕਰੇ। ਖ਼ੁਸ਼ਹਾਲ ਕਿਸਾਨ, ਸੁਰੱਖਿਅਤ ਸਰਹੱਦ, ਨਸ਼ਾ-ਮੁਕਤ ਨੌਜਵਾਨ, ਮਜ਼ਬੂਤ ਉਦਯੋਗ, ਰੁਜ਼ਗਾਰ ਦੇ ਵਿਆਪਕ ਮੌਕੇ ਅਤੇ ਆਧੁਨਿਕ ਬੁਨਿਆਦੀ ਢਾਂਚਾ—ਇਹੀ ਉਹ ਨੀਂਹ ਹੈ, ਜਿਸ 'ਤੇ ਪੰਜਾਬ ਵਿਕਸਤ ਭਾਰਤ ਵਿੱਚ ਆਪਣੀ ਸਾਰਥਕ ਅਤੇ ਮਜ਼ਬੂਤ ਭੂਮਿਕਾ ਨਿਭਾ ਸਕਦਾ ਹੈ।

17 ਅਕਤੂਬਰ ਨੂੰ 'ਲੋਕ ਸੇਵਾ ਮਹੋਤਸਵ' ਨਾਲ ਇੱਕ ਮਹੀਨੇ ਦਾ ਅਭਿਆਨ ਸਮਾਪਤ ਹੋਵੇਗਾ। ਪਰ ਸੇਵਾ ਦਾ ਸੰਕਲਪ ਉਸ ਦਿਨ ਸਮਾਪਤ ਨਹੀਂ ਹੋਣਾ ਚਾਹੀਦਾ। ਅਸਲ ਸਵਾਲ ਉਸ ਤੋਂ ਅਗਲੇ ਦਿਨ ਸ਼ੁਰੂ ਹੋਵੇਗਾ—ਕੀ ਵਰਕਰ ਫਿਰ ਲੋਕਾਂ ਦੇ ਵਿਚਕਾਰ ਹੋਵੇਗਾ? ਕੀ ਕਿਸੇ ਲੋੜਵੰਦ ਨੂੰ ਸਰਕਾਰੀ ਯੋਜਨਾ ਦਾ ਲਾਭ ਦਿਵਾਉਣ ਲਈ ਦਰਵਾਜ਼ਾ ਖੜਕਾਇਆ ਜਾਵੇਗਾ? ਕੀ ਸੇਵਾ ਚੋਣ ਕੈਲੰਡਰ ਤੋਂ ਬਾਹਰ ਵੀ ਜਾਰੀ ਰਹੇਗੀ?

ਜੇ ਇਸ ਦਾ ਜਵਾਬ 'ਹਾਂ' ਹੈ, ਤਾਂ 'ਸੇਵਾ ਸੰਕਲਪ ਅਭਿਆਨ' ਇੱਕ ਪ੍ਰੋਗਰਾਮ ਨਹੀਂ, ਸਗੋਂ ਇੱਕ ਸਿਆਸੀ-ਸਮਾਜਿਕ ਸੰਸਕਾਰ ਬਣ ਸਕਦਾ ਹੈ।

ਭਾਜਪਾ ਵਰਕਰ ਦੀ ਭੂਮਿਕਾ ਸਿਰਫ਼ ਚੋਣਾਂ ਸਮੇਂ ਵੋਟ ਮੰਗਣ ਤੱਕ ਸੀਮਿਤ ਨਹੀਂ ਹੋ ਸਕਦੀ। ਆਮ ਲੋਕਾਂ ਦੇ ਦੁੱਖ-ਸੁੱਖ ਵਿੱਚ ਖੜ੍ਹਾ ਹੋਣਾ, ਯੋਗ ਵਿਅਕਤੀ ਨੂੰ ਸਰਕਾਰੀ ਯੋਜਨਾਵਾਂ ਦਾ ਲਾਭ ਦਿਵਾਉਣਾ ਅਤੇ ਸਮਾਜਕ ਸਮੱਸਿਆਵਾਂ ਦੇ ਹੱਲ ਵਿੱਚ ਭਾਗੀਦਾਰ ਬਣਨਾ—ਇਹੀ ਸੇਵਾ-ਕੇਂਦਰਿਤ ਸਿਆਸਤ ਦੀ ਅਸਲ ਪਛਾਣ ਹੈ।

ਚੋਣਾਂ ਆਉਂਦੀਆਂ-ਜਾਂਦੀਆਂ ਹਨ ਅਤੇ ਸਿਆਸੀ ਸਮੀਕਰਨ ਵੀ ਬਦਲਦੇ ਰਹਿੰਦੇ ਹਨ। ਪਰ ਜੇ ਸੇਵਾ ਦੀ ਸੰਸਕ੍ਰਿਤੀ ਸਮਾਜ ਦੀ ਰੂਹ ਵਿੱਚ ਵੱਸ ਜਾਵੇ, ਤਾਂ ਉਸ ਦਾ ਪ੍ਰਭਾਵ ਕਿਸੇ ਵੀ ਸੱਤਾ-ਤਬਦੀਲੀ ਤੋਂ ਕਿਤੇ ਵੱਧ ਸਥਾਈ ਹੁੰਦਾ ਹੈ।

ਇਸ ਲਈ 25 ਸਾਲਾਂ ਦੀ ਜਨਤਕ ਸੇਵਾ ਸਿਰਫ਼ ਪਿੱਛੇ ਮੁੜ ਕੇ ਦੇਖਣ ਦਾ ਮੌਕਾ ਨਹੀਂ, ਸਗੋਂ ਅਗਲੇ ਪੜਾਅ ਦੀ ਜ਼ਿੰਮੇਵਾਰੀ ਸਵੀਕਾਰ ਕਰਨ ਦਾ ਸੰਕਲਪ ਵੀ ਹੈ। ਪੰਜਾਬ ਨੂੰ ਇਸ ਯਾਤਰਾ ਦਾ ਦਰਸ਼ਕ ਨਹੀਂ, ਸਰਗਰਮ ਭਾਗੀਦਾਰ ਬਣਨਾ ਹੋਵੇਗਾ। 2047 ਤੱਕ ਭਾਰਤ ਨੂੰ ਵਿਕਸਤ ਰਾਸ਼ਟਰ ਬਣਾਉਣ ਦਾ ਸੰਕਲਪ ਸਰਕਾਰ ਦਾ ਇਕੱਲਾ ਟੀਚਾ ਨਹੀਂ, ਸਗੋਂ ਹਰ ਭਾਰਤੀ ਦੀ ਸਾਂਝੀ ਜ਼ਿੰਮੇਵਾਰੀ ਬਣਨਾ ਚਾਹੀਦਾ ਹੈ।

ਸੱਤਾ ਇੱਕ ਸਾਧਨ ਹੈ, ਪਰ ਸੇਵਾ ਹੀ ਸਦੀਵੀ ਸੰਕਲਪ ਹੈ।

**-ਪ੍ਰੋ. ਸਰਚਾਂਦ ਸਿੰਘ ਖਿਆਲਾ, ਬੁਲਾਰਾ, ਪੰਜਾਬ ਭਾਜਪਾ**

**9781355522**

# ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦਾ ਅਪਮਾਨ ਬਰਦਾਸ਼ਤ ਨਹੀਂ!



**ਪੰਜਾਬ** ਅਤੇ ਕੇਂਦਰ ਦੀਆਂ ਸਰਕਾਰਾਂ ਨੂੰ ਚਾਹੀਦਾ ਹੈ ਕਿ ਉਹ ਸੰਵਿਧਾਨ ਦੇ ਨਿਰਮਾਤਾ, ਵਿਸ਼ਵ ਪ੍ਰਸਿੱਧ ਮਹਾਨ ਚਿੰਤਕ ਅਤੇ ਕਰੋੜਾਂ ਵੰਚਿਤ ਲੋਕਾਂ ਦੇ ਮਸੀਹਾ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦੀਆਂ ਮੂਰਤੀਆਂ ਅਤੇ ਯਾਦਗਾਰਾਂ ਦੀ ਪੂਰੀ ਸੁਰੱਖਿਆ ਅਤੇ ਮਰਿਆਦਾ ਯਕੀਨੀ ਬਣਾਉਣ।

ਸਿਰਫ਼ ਚੋਣਾਂ ਸਮੇਂ ਮਹਾਨ ਨਾਇਕਾਂ ਦੀਆਂ ਤਸਵੀਰਾਂ ਲਗਾ ਕੇ ਅਤੇ ਉਨ੍ਹਾਂ ਦੇ ਨਾਮ ਲੈ ਕੇ ਲੋਕਾਂ ਦੀਆਂ ਭਾਵਨਾਵਾਂ ਨਾਲ ਖੇਡਣਾ ਬੰਦ ਹੋਣਾ ਚਾਹੀਦਾ ਹੈ। ਬਾਬਾ ਸਾਹਿਬ ਦੀ ਅਸਲ ਵਿਰਾਸਤ ਉਨ੍ਹਾਂ ਦੀ ਸੋਚ, ਸਿੱਖਿਆ, ਸੰਵਿਧਾਨ ਅਤੇ ਬਰਾਬਰੀ ਦੇ ਸਿਧਾਂਤਾਂ ਨੂੰ ਲਾਗੂ ਕਰਨਾ ਹੈ।

ਮੂਲਨਿਵਾਸੀ-ਬਹੁਜਨ ਸਮਾਜ ਨੂੰ ਆਪਣੇ ਮਹਾਨ ਨਾਇਕਾਂ ਦੇ ਇਤਿਹਾਸ ਅਤੇ ਵਿਚਾਰਾਂ ਨੂੰ ਸਮਝ ਕੇ ਸਿੱਖਿਆ, ਸੰਗਠਨ ਅਤੇ ਸੰਵਿਧਾਨਕ ਅਧਿਕਾਰਾਂ ਲਈ ਇਕਜੁੱਟ ਹੋਣਾ ਚਾਹੀਦਾ ਹੈ।

ਉਹ ਦਿਨ ਦੂਰ ਨਹੀਂ ਜਦੋਂ ਵੰਚਿਤ ਅਤੇ ਪੀੜਤ ਲੋਕ ਆਪਣੇ ਸੰਵਿਧਾਨਕ ਹੱਕਾਂ ਦੀ ਤਾਕਤ ਨਾਲ ਸੱਤਾ ਵਿੱਚ ਭਾਗੀਦਾਰੀ ਹਾਸਲ ਕਰਕੇ ਸਨਮਾਨ ਅਤੇ ਬਰਾਬਰੀ ਨਾਲ ਜੀਵਨ ਬਤੀਤ ਕਰਨਗੇ।

ਬਾਬਾ ਸਾਹਿਬ ਦੇ ਸਨਮਾਨ ਨਾਲ ਖਿਲਵਾੜ ਬੰਦ ਕਰੋ!

ਜਿਸ ਮਹਾਨ ਵਿਅਕਤੀ ਨੇ ਕਰੋੜਾਂ ਸ਼ੋਸ਼ਿਤ, ਪੀੜਤ ਅਤੇ ਵੰਚਿਤ ਲੋਕਾਂ ਨੂੰ ਸੰਵਿਧਾਨ ਰਾਹੀਂ ਬਰਾਬਰੀ, ਆਜ਼ਾਦੀ ਅਤੇ ਸਨਮਾਨ ਨਾਲ ਜੀਣ ਦਾ ਹੱਕ ਦਿੱਤਾ—ਉਸ ਮਹਾਨ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦੀ ਮਰਿਆਦਾ ਨਾਲ ਕਿਸੇ ਵੀ ਤਰ੍ਹਾਂ ਦਾ ਖਿਲਵਾੜ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

ਚੋਣਾਂ ਦੇ ਸਮੇਂ ਬਾਬਾ ਸਾਹਿਬ ਦੀਆਂ ਤਸਵੀਰਾਂ ਲਗਾਉਣਾ ਆਸਾਨ ਹੈ, ਪਰ ਉਨ੍ਹਾਂ ਦੇ ਸੰਵਿਧਾਨਕ ਵਿਚਾਰਾਂ ਅਤੇ ਸਮਾਜਿਕ ਬਰਾਬਰੀ ਦੇ ਸਿਧਾਂਤਾਂ ਨੂੰ ਲਾਗੂ ਕਰਨਾ ਹੀ ਅਸਲੀ ਸਨਮਾਨ ਹੈ।

ਬਹੁਜਨ ਸਮਾਜ ਹੁਣ ਸਿਰਫ਼ ਤਸਵੀਰਾਂ ਨਹੀਂ—ਆਪਣੇ ਹੱਕ, ਆਪਣੀ ਆਵਾਜ਼ ਅਤੇ ਆਪਣੀ ਸੱਤਾ ਦੀ ਭਾਗੀਦਾਰੀ ਮੰਗਦਾ ਹੈ!

ਸਾਨੂੰ ਵੰਡਣ ਵਾਲੀ ਰਾਜਨੀਤੀ ਨਹੀਂ, ਸਿੱਖਿਆ, ਸੰਗਠਨ ਅਤੇ ਸੰਵਿਧਾਨਕ ਚੇਤਨਾ ਚਾਹੀਦੀ ਹੈ।

ਜਦੋਂ ਬਹੁਜਨ ਸਮਾਜ ਆਪਣੇ ਇਤਿਹਾਸ, ਆਪਣੇ ਮਹਾਨ ਨਾਇਕਾਂ ਅਤੇ ਆਪਣੇ ਸੰਵਿਧਾਨਕ ਹੱਕਾਂ ਨੂੰ ਪਛਾਣ ਲਵੇਗਾ, ਉਸ ਦਿਨ ਰਾਜਨੀਤੀ ਦੀ ਦਿਸ਼ਾ ਬਦਲਣੀ ਨਿਸ਼ਚਿਤ ਹੈ।

ਬਾਬਾ ਸਾਹਿਬ ਦਾ ਵਿਚਾਰ ਅਮਰ ਹੈ! ਸੰਵਿਧਾਨ ਸਾਡੀ ਤਾਕਤ ਹੈ!

ਬਹੁਜਨ ਏਕਤਾ ਸਾਡੀ ਪਹਿਚਾਣ ਹੈ!

ਮੈਂ ਸਮੂਹ ਸਮਾਜ, ਪੰਜਾਬ ਸਰਕਾਰ, ਕੇਂਦਰ ਸਰਕਾਰ ਅਤੇ ਸਾਰੀਆਂ ਰਾਜਨੀਤਿਕ ਪਾਰਟੀਆਂ ਨੂੰ ਨਿਮਰ ਅਪੀਲ ਕਰਦਾ ਹਾਂ ਕਿ ਭਾਰਤੀ ਸੰਵਿਧਾਨ ਦੇ ਨਿਰਮਾਤਾ, ਮਹਾਨ ਸਮਾਜ ਸੁਧਾਰਕ ਅਤੇ ਵਿਸ਼ਵ ਪ੍ਰਸਿੱਧ ਚਿੰਤਕ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦੀਆਂ ਮੂਰਤੀਆਂ, ਯਾਦਗਾਰਾਂ ਅਤੇ ਉਨ੍ਹਾਂ ਨਾਲ ਜੁੜੇ ਸਥਾਨਾਂ ਦੀ ਮਰਿਆਦਾ ਅਤੇ ਸੁਰੱਖਿਆ ਨੂੰ ਯਕੀਨੀ ਬਣਾਇਆ ਜਾਵੇ।

ਬਾਬਾ ਸਾਹਿਬ ਕਿਸੇ ਇੱਕ ਵਰਗ ਜਾਂ ਪਾਰਟੀ ਦੀ ਵਿਰਾਸਤ ਨਹੀਂ, ਸਗੋਂ ਭਾਰਤ ਦੇ ਸੰਵਿਧਾਨ, ਸਮਾਜਿਕ ਨਿਆਂ, ਬਰਾਬਰੀ ਅਤੇ ਮਨੁੱਖੀ ਅਧਿਕਾਰਾਂ ਦੇ ਮਹਾਨ ਪ੍ਰਤੀਕ ਹਨ।

ਰਾਜਨੀਤਿਕ ਮਤਭੇਦ ਆਪਣੀ ਥਾਂ ਹਨ, ਪਰ ਮਹਾਨ ਰਾਸ਼ਟਰੀ ਨਾਇਕਾਂ ਦੇ ਸਨਮਾਨ ਅਤੇ ਲੋਕਾਂ ਦੀਆਂ ਭਾਵਨਾਵਾਂ ਦਾ ਸਤਿਕਾਰ ਕਰਨਾ ਸਾਡੀ ਸਾਂਝੀ ਜ਼ਿੰਮੇਵਾਰੀ ਹੈ। ਕੇਵਲ ਉਨ੍ਹਾਂ ਦੀਆਂ ਤਸਵੀਰਾਂ ਵਰਤਣ ਦੀ ਬਜਾਏ ਉਨ੍ਹਾਂ ਦੇ ਸਿੱਖਿਆ, ਸਮਾਨਤਾ, ਆਜ਼ਾਦੀ, ਭਾਈਚਾਰੇ ਅਤੇ ਸੰਵਿਧਾਨਕ ਨਿਆਂ ਦੇ ਸੁਪਨੇ ਨੂੰ ਅਮਲ ਵਿੱਚ ਲਿਆਉਣਾ ਹੀ ਬਾਬਾ ਸਾਹਿਬ ਨੂੰ ਸੱਚੀ ਸ਼ਰਧਾਂਜਲੀ ਹੈ।

ਆਓ, ਅਸੀਂ ਸਾਰੇ ਸ਼ਾਂਤੀਪੂਰਨ ਅਤੇ ਸੰਵਿਧਾਨਕ ਢੰਗ ਨਾਲ ਆਪਣੀ ਆਵਾਜ਼ ਬੁਲੰਦ ਕਰੀਏ ਅਤੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਬਾਬਾ ਸਾਹਿਬ ਦੀ ਮਹਾਨ ਵਿਰਾਸਤ ਨਾਲ ਜੋੜੀਏ।

ਬਾਬਾ ਸਾਹਿਬ ਦਾ ਸਨਮਾਨ — ਸੰਵਿਧਾਨ ਦਾ ਸਨਮਾਨ ਸੰਵਿਧਾਨ ਦਾ ਸਨਮਾਨ — ਹਰ ਨਾਗਰਿਕ ਦੇ ਅਧਿਕਾਰਾਂ ਦਾ ਸਨਮਾਨ ਜੈ ਭੀਮ ਜੈ ਭਾਰਤ ਜੈ ਮੂਲ ਨਿਵਾਸੀ

**-ਡਾਕਟਰ ਜਗਜੀਵਨ ਸਿੰਘ ਸ਼ੇਰਪੁਰ ਪ੍ਰਧਾਨ ਮਾਤਾ ਚੰਦ ਕੌਰ ਯਾਦਗਾਰੀ ਟਰੱਸਟ ਰਜਿਸਟਰਡ ਸ਼ੇਰਪੁਰ ਜ਼ਿਲ੍ਹਾ ਸੰਗਰੂਰ ਪੰਜਾਬ।**

# ਟਰੰਪ ਵੱਲੋਂ ਸਿੱਖ ਡਰਾਈਵਰਾਂ ਪ੍ਰਤੀ ਨ਼ਫਰਤ ਭਰੇ ਵਿਚਾਰਾਂ 'ਤੇ ਮਾਨ ਦਾ ਤਿੱਖਾ ਵਿਰੋਧ — "ਸਿੱਖਾਂ ਦੀ ਮਿਹਨਤ ਤੇ ਕੁਰਬਾਨੀਆਂ ਨੂੰ ਅਪਮਾਨਿਤ ਕਰਨਾ ਵਡੀ ਬੇਇਨਸਾਫ਼ੀ"

**ਨਵੀਂ ਦਿੱਲੀ, 12 ਸਤੰਬਰ (ਮਨਪ੍ਰੀਤ ਸਿੰਘ ਖਾਲਸਾ):-** ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਪ੍ਰਧਾਨ ਸ. ਸਿਮਰਨਜੀਤ ਸਿੰਘ ਮਾਨ ਨੇ ਅਮਰੀਕਾ ਦੇ ਰਾਸ਼ਟਰਪਤੀ ਡੋਨਾਲਡ ਟਰੰਪ ਵੱਲੋਂ ਸਿੱਖ ਡਰਾਈਵਰਾਂ ਸਬੰਧੀ ਪ੍ਰਗਟਾਏ ਗਏ ਨਕਾਰਾਤਮਕ ਵਿਚਾਰਾਂ ਦੀ ਸਖ਼ਤ ਨਿਖੇਧੀ ਕਰਦਿਆਂ ਕਿਹਾ ਹੈ ਕਿ ਮਿਹਨਤ, ਇਮਾਨਦਾਰੀ ਅਤੇ ਜੋਖ਼ਮ ਭਰੀਆਂ ਸੇਵਾਵਾਂ ਨਿਭਾਉਣ ਵਾਲੇ ਸਿੱਖ ਡਰਾਈਵਰਾਂ ਨੂੰ ਨੀਵਾਂ ਦਿਖਾਉਣ ਵਾਲੀ ਸੋਚ ਕਿਸੇ ਤਰ੍ਹਾਂ ਵੀ ਜਾਇਜ਼ ਨਹੀਂ। ਉਨ੍ਹਾਂ ਕਿਹਾ ਕਿ ਸਿੱਖ ਜਿੱਥੇ ਵੀ ਵੱਸਦੇ ਹਨ, ਆਪਣੀ ਮਿਹਨਤ ਨਾਲ ਨਾ ਸਿਰਫ਼ ਪਰਿਵਾਰਾਂ ਨੂੰ ਸੰਭਾਲਦੇ ਹਨ, ਸਗੋਂ ਸਥਾਨਕ ਅਰਥਚਾਰੇ, ਕਾਰੋਬਾਰ ਅਤੇ ਜੀਡੀਪੀ ਵਿੱਚ ਵੀ ਆਪਣਾ ਅਹਿਮ ਯੋਗਦਾਨ ਪਾਉਂਦੇ ਹਨ। ਪਹਾੜੀ, ਰੇਤਲੇ, ਜੰਗਲੀ ਅਤੇ ਔਖੇ ਰਸਤਿਆਂ 'ਤੇ ਭਾਰੀ ਵਾਹਨ ਚਲਾਉਣ ਵਾਲੇ ਸਿੱਖ ਡਰਾਈਵਰਾਂ ਦੀ ਮਿਹਨਤ ਅਤੇ ਮੁਹਾਰਤ ਨੂੰ ਅਣਦੇਖਾ ਕਰਨਾ ਉਨ੍ਹਾਂ ਦੀ ਸੰਘਰਸ਼ਮਈ ਜ਼ਿੰਦਗੀ ਨਾਲ ਬੇਇਨਸਾਫ਼ੀ ਹੈ। ਮਾਨ ਨੇ ਕਿਹਾ ਕਿ ਅਮਰੀਕਾ ਅਤੇ ਕੈਨੇਡਾ ਵਰਗੇ ਮੁਲਕਾਂ ਦੀ ਵਸੋਂ ਦਾ ਵੱਡਾ ਹਿੱਸਾ ਵੀ ਦੁਨੀਆ ਦੇ ਵੱਖ-ਵੱਖ ਹਿੱਸਿਆਂ ਤੋਂ ਆ ਕੇ ਵੱਸੇ ਲੋਕਾਂ ਨਾਲ ਬਣਿਆ ਹੈ, ਇਸ ਲਈ ਕਿਸੇ ਵੀ ਪ੍ਰਵਾਸੀ ਭਾਈਚਾਰੇ ਨੂੰ ਆਪਣੇ ਆਪ ਤੋਂ ਨੀਵਾਂ ਸਮਝਣ ਦੀ ਸੋਚ ਹੰਕਾਰ ਅਤੇ ਹਉਮੈ ਨੂੰ ਦਰਸਾਉਂਦੀ ਹੈ। ਉਨ੍ਹਾਂ ਕਿਹਾ ਕਿ ਸਿੱਖ ਕੌਮ 'ਸਰਬੱਤ ਦਾ ਭਲਾ' ਦੇ ਸਿਧਾਂਤ 'ਤੇ ਪਹਿਰਾ ਦਿੰਦਿਆਂ ਜੰਗਾਂ, ਕੁਦਰਤੀ ਆਫ਼ਤਾਂ ਅਤੇ ਹੋਰ ਸੰਕਟਾਂ ਦੌਰਾਨ ਆਪਣੀ ਜਾਨ ਜੋਖ਼ਮ ਵਿੱਚ ਪਾ ਕੇ ਮਨੁੱਖਤਾ ਦੀ ਸੇਵਾ ਕਰਦੀ ਆ ਰਹੀ ਹੈ। ਉਨ੍ਹਾਂ ਅਮਰੀਕੀ ਹੋਮਲੈਂਡ ਸਕਿਊਰਟੀ ਅਤੇ ਸਰਕਾਰ ਨੂੰ ਅਪੀਲ ਕੀਤੀ ਕਿ ਸਿੱਖਾਂ ਪ੍ਰਤੀ ਕਿਸੇ ਵੀ ਕਿਸਮ ਦੀ ਪੱਖਪਾਤੀ ਜਾਂ ਨਫ਼ਰਤ ਭਰੀ ਧਾਰਨਾ ਤੋਂ ਉੱਪਰ ਉੱਠ ਕੇ ਸਿੱਖਾਂ ਦੀ ਮਿਹਨਤ, ਬਹਾਦਰੀ ਅਤੇ ਮਨੁੱਖਤਾ-ਪੱਖੀ ਸੇਵਾਵਾਂ ਨੂੰ ਬਣਦਾ ਸਤਿਕਾਰ ਦਿੱਤਾ ਜਾਵੇ। ਮਾਨ ਨੇ ਉਮੀਦ ਜਤਾਈ ਕਿ ਟਰੰਪ ਸਮੇਤ ਅਮਰੀਕਾ ਦੇ ਨੀਤੀ-ਨਿਰਧਾਰਕ ਸਿੱਖ ਭਾਈਚਾਰੇ ਪ੍ਰਤੀ ਆਪਣੀ ਸੋਚ ਵਿੱਚ ਤਬਦੀਲੀ ਲਿਆਉਣਗੇ।



ਮੁੱਖ ਮੰਤਰੀ ਵੱਲੋਂ ਚਲਾਈ ਗਈ ਤੀਰਥ ਯਾਤਰਾ ਪਿੰਡ ਸੂਰੋ ਪੱਡਾ ਚੇਅਰਮੈਨ ਲਖਵਿੰਦਰ ਸਿੰਘ ਰੰਧਾਵਾ ਜਲਾਲ ਉਸਮਾ ਨੇ

# ਹਰੀ ਝੰਡੀ ਦਿਖਾ ਕੇ ਰਵਾਨਾ ਕੀਤੀ



**ਚੌਕ ਮਹਿਤਾ,12 ਸਤੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਮੁੱਖ ਮੰਤਰੀ ਪੰਜਾਬ ਸਰਦਾਰ ਭਗਵੰਤ ਸਿੰਘ ਮਾਨ ਦੁਆਰਾ ਚਲਾਈ ਗਈ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਤਹਿਤ ਕੈਬਨਟ ਮੰਤਰੀ ਸਰਦਾਰ ਹਰਭਜਨ ਸਿੰਘ ਈਟੀਓ ਜੀ ਦੇ ਦਿਸ਼ਾ ਨਿਰਦੇਸ਼ਾਂ ਹੇਠ ਟਰੇਡ ਕਮਿਸ਼ਨ ਮੈਂਬਰ ਰਾਜਵਿੰਦਰ ਸਿੰਘ ਲਾਡੀ ਦੇ ਉਦਮਾ ਸਦਕਾ ਪਿੰਡ ਸੂਰੋ ਪੱਡਾ ਤੋਂ ਅੱਜ ਸ਼੍ਰੀ ਅਨੰਦਪੁਰ ਸਾਹਿਬ ਦੇ ਦਰਸ਼ਨਾਂ ਲਈ ਇਕ ਬੱਸ ਮਹਿਤਾ ਚੌਂਕ ਮਾਰਕੀਟ ਕਮੇਟੀ ਦੇ ਚੇਅਰਮੈਨ ਸਰਦਾਰ ਲਖਵਿੰਦਰ ਸਿੰਘ ਲੱਖਾ ਨੇ ਹਰੀ ਝੰਡੀ ਦਿਖਾ ਕੇ ਰਵਾਨਾ ਕੀਤੀ। ਇਸ ਸਮੇਂ ਜ਼ਿਲ੍ਹਾ ਪਰਿਸ਼ਦ ਮੈਂਬਰ ਸਰਦਾਰ ਜਰਮਨਜੀਤ ਸਿੰਘ ਉਧੋਨੰਗਲ , ਹਲਕਾ ਜੰਡਿਆਲਾ ਤੋਂ ਐਸ ਸੀ ਵਿੰਗ ਦੇ ਪ੍ਰਧਾਨ ਸਰਪੰਚ ਮਨਜੀਤ ਸਿੰਘ , ਹਲਕਾ ਜੰਡਿਆਲਾ ਤੋਂ ਮੀਡੀਆ ਇੰਚਾਰਜ ਜਸਕਰਨ ਸਿੰਘ, ਬੀ ਸੀ ਵਿੰਗ ਦੇ ਬਲਾਕ ਪ੍ਰਧਾਨ ਗੁਰਦਿਆਲ ਸਿੰਘ, ਐਸ ਸੀ ਵਿੰਗ ਬਲਾਕ ਪ੍ਰਧਾਨ ਸਰਪੰਚ ਬਲਜੀਤ ਸਿੰਘ ਸੈਦੋਕੇ, ਅਤੇ ਹੋਰ ਪਤਵੰਤੇ ਸੱਜਣ ਹਾਜ਼ਰ ਸਨ।

**-ਮਹਿਤਾ ਚੌਂਕ ਤੋਂ ਪੱਤਰਕਾਰ ਰਸ਼ਪਾਲ ਸਿੰਘ ਮਹਿਤਾ ਦੀ ਰਿਪੋਰਟ**

ਪੰਜਾਬ ਯੂਨੀਵਰਸਿਟੀ ਸੈਨੇਟ ਚੋਣ: ਐਡਵੋਕੇਟ ਜੋਧ ਸਿੰਘ ਨੂੰ

# ਸਿੱਖ ਜਥੇਬੰਦੀਆਂ ਦੀ ਹਮਾਇਤ







ਬਠਿੰਡਾ, 12 ਸਤੰਬਰ (ਗੁਰਜੰਟ ਸਿੰਘ ਨਥੇਹਾ)- ਪੰਜਾਬ ਯੂਨੀਵਰਸਿਟੀ ਸੈਨੇਟ ਦੀਆਂ ਚੋਣਾਂ ਵਿੱਚ ਵਿਦਿਆਰਥੀ ਜਥੇਬੰਦੀ 'ਸੱਥ' ਦੇ ਉਮੀਦਵਾਰ ਐਡਵੋਕੇਟ ਜੋਧ ਸਿੰਘ ਨੂੰ ਵੱਖ-ਵੱਖ ਸਿੱਖ ਜਥੇਬੰਦੀਆਂ ਅਤੇ ਆਗੂਆਂ ਵੱਲੋਂ ਪੂਰਨ ਹਮਾਇਤ ਦੇਣ ਦਾ ਐਲਾਨ ਕੀਤਾ ਗਿਆ। ਇਸ ਮੌਕੇ ਆਗੂਆਂ ਨੇ ਕਿਹਾ ਕਿ ਪੰਜਾਬ ਦੀਆਂ ਬਹੁਤੀਆਂ ਯੂਨੀਵਰਸਿਟੀਆਂ ਵਿੱਚ ਆਰਐਸਐਸ ਦਾ ਪ੍ਰਭਾਵ ਵਧ ਰਿਹਾ ਹੈ, ਜਿਸ ਦੇ ਮੱਦੇਨਜ਼ਰ ਪੰਜਾਬ ਯੂਨੀਵਰਸਿਟੀ ਵਿੱਚ ਪੰਜਾਬ, ਪੰਜਾਬੀਅਤ ਅਤੇ ਸਿੱਖ ਕੌਮ ਦੀ ਆਵਾਜ਼ ਨੂੰ ਮਜ਼ਬੂਤੀ ਨਾਲ ਉਠਾਉਣ ਵਾਲੇ ਨੁਮਾਇੰਦੇ ਦੀ ਲੋੜ ਹੈ। ਇਸ ਦੌਰਾਨ ਸਿੱਖ ਜਥੇਬੰਦੀਆਂ ਦੇ ਆਗੂਆਂ ਨੇ ਪੰਜਾਬ ਯੂਨੀਵਰਸਿਟੀ ਸੈਨੇਟ ਚੋਣ ਵਿੱਚ ਲੜੀ ਨੰਬਰ 21 ਤੋਂ ਚੋਣ ਲੜ ਰਹੇ ਐਡਵੋਕੇਟ ਜੋਧ ਸਿੰਘ ਨੂੰ ਪੂਰਨ ਹਮਾਇਤ ਦੇਣ ਦਾ ਐਲਾਨ ਕੀਤਾ। ਆਗੂਆਂ ਨੇ ਲੋਕਾਂ ਅਤੇ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਵਿਦਿਆਰਥੀ ਜਥੇਬੰਦੀ 'ਸੱਥ' ਦੇ ਉਮੀਦਵਾਰਾਂ ਦਾ ਸਾਥ ਦੇਣ ਅਤੇ ਐਡਵੋਕੇਟ ਜੋਧ ਸਿੰਘ ਨੂੰ ਜਿਤਾ ਕੇ ਪੰਜਾਬ ਯੂਨੀਵਰਸਿਟੀ ਦੀ ਸੈਨੇਟ ਵਿੱਚ ਭੇਜਣ। ਇਸ ਮੌਕੇ ਯੂਨਾਈਟਡ ਅਕਾਲੀ ਦਲ ਦੇ ਪ੍ਰਧਾਨ ਭਾਈ ਗੁਰਦੀਪ ਸਿੰਘ ਬਠਿੰਡਾ ਨੇ ਕਿਹਾ ਕਿ ਪੰਜਾਬ ਦੀਆਂ ਸਿੱਖਿਆ ਸੰਸਥਾਵਾਂ ਵਿੱਚ ਪੰਜਾਬੀ ਭਾਸ਼ਾ, ਪੰਜਾਬੀਅਤ ਅਤੇ ਸਿੱਖ ਵਿਰਾਸਤ ਨਾਲ ਜੁੜੇ ਮੁੱਦਿਆਂ ਨੂੰ ਮਜ਼ਬੂਤੀ ਨਾਲ ਉਠਾਉਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਸੈਨੇਟ ਵਰਗੇ ਮਹੱਤਵਪੂਰਨ ਮੰਚ 'ਤੇ ਪੰਜਾਬ ਦੀ ਆਪਣੀ ਆਵਾਜ਼ ਹੋਣੀ ਚਾਹੀਦੀ ਹੈ। ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪੀਏਸੀ ਮੈਂਬਰ ਪਰਮਿੰਦਰ ਸਿੰਘ ਵਾਲਿਆਂਵਾਲੀ ਅਤੇ ਸ਼੍ਰੋਮਣੀ ਅਕਾਲੀ ਦਲ ਪੁਨਰ ਸੰਗਠਨ ਦੇ ਸੀਨੀਅਰ ਆਗੂ ਭੋਲਾ ਸਿੰਘ ਗਿੱਲ ਪੱਤੀ ਸਮੇਤ ਹੋਰ ਆਗੂਆਂ ਨੇ ਵੀ ਐਡਵੋਕੇਟ ਜੋਧ ਸਿੰਘ ਦੀ ਹਮਾਇਤ ਦਾ ਐਲਾਨ ਕਰਦਿਆਂ ਕਿਹਾ ਕਿ ਸਿੱਖਿਆ ਸੰਸਥਾਵਾਂ ਵਿੱਚ ਵਿਦਿਆਰਥੀਆਂ ਅਤੇ ਪੰਜਾਬ ਨਾਲ ਸਬੰਧਤ ਮਸਲਿਆਂ ਨੂੰ ਤਰਜੀਹ ਮਿਲਣੀ ਚਾਹੀਦੀ ਹੈ। ਇਸ ਮੌਕੇ ਗੁਰਦੁਆਰਾ ਸਿੰਘ ਸਭਾ ਦੇ ਪ੍ਰਧਾਨ ਹਰਦੀਪ ਸਿੰਘ ਖਾਲਸਾ, ਗੁਰਜੀਵਨ ਸਿੰਘ, ਹਰਪਾਲ ਸਿੰਘ, ਪਰਗਟ ਸਿੰਘ ਭੋਡੀਪੁਰਾ, ਉਦੈ ਪ੍ਰਤਾਪ ਸਿੰਘ, ਵਾਰਸ ਪੰਜਾਬ ਤੋਂ ਡਾਕਟਰ ਪਰਗਟ ਸਿੰਘ, ਰਾਜਵਿੰਦਰ ਸਿੰਘ ਅਤੇ ਪ੍ਰਥੀ ਸਿੰਘ ਜਲਾਲ ਨੇ ਵੀ ਸੰਬੋਧਨ ਕੀਤਾ। ਆਗੂਆਂ ਨੇ ਕਿਹਾ ਕਿ ਪੰਜਾਬ ਯੂਨੀਵਰਸਿਟੀ ਦੀ ਸੈਨੇਟ ਵਿੱਚ ਅਜਿਹੇ ਨੁਮਾਇੰਦਿਆਂ ਦੀ ਲੋੜ ਹੈ ਜੋ ਪੰਜਾਬ ਦੇ ਹੱਕਾਂ ਅਤੇ ਵਿਦਿਆਰਥੀਆਂ ਦੇ ਮਸਲਿਆਂ ਨੂੰ ਗੰਭੀਰਤਾ ਨਾਲ ਉਠਾ ਸਕਣ।ਇਸ ਦੌਰਾਨ ਅਕਾਲੀ ਦਲ ਅੰਮ੍ਰਿਤਸਰ ਦੇ ਯੂਥ ਪ੍ਰਧਾਨ ਸਿਮਰਨਜੋਤ ਸਿੰਘ ਖਾਲਸਾ ਨੇ ਸਟੇਜ ਸਕੱਤਰ ਦੀ ਭੂਮਿਕਾ ਨਿਭਾਈ। ਉਨ੍ਹਾਂ ਨੇ ਵਿਦਿਆਰਥੀ ਜਥੇਬੰਦੀ 'ਸੱਥ' ਦੀਆਂ ਗਤੀਵਿਧੀਆਂ ਅਤੇ ਸੈਨੇਟ ਚੋਣ ਲੜ ਰਹੇ ਐਡਵੋਕੇਟ ਜੋਧ ਸਿੰਘ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਚੋਣ ਵਿੱਚ ਵੱਧ ਤੋਂ ਵੱਧ ਹਿੱਸਾ ਲੈਣ। ਅੰਤ ਵਿੱਚ ਸੈਨੇਟ ਚੋਣ ਦੇ ਉਮੀਦਵਾਰ ਐਡਵੋਕੇਟ ਜੋਧ ਸਿੰਘ ਨੇ ਹਮਾਇਤ ਦੇਣ ਵਾਲੀਆਂ ਸਮੁੱਚੀਆਂ ਸਿੱਖ ਜਥੇਬੰਦੀਆਂ ਅਤੇ ਆਗੂਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਜੇਕਰ ਉਹ ਚੋਣ ਜਿੱਤ ਕੇ ਪੰਜਾਬ ਯੂਨੀਵਰਸਿਟੀ ਦੀ ਸੈਨੇਟ ਵਿੱਚ ਪਹੁੰਚਦੇ ਹਨ ਤਾਂ ਉਹ ਪੰਜਾਬ, ਪੰਜਾਬੀਅਤ ਅਤੇ ਸਿੱਖ ਕੌਮ ਦੀ ਆਵਾਜ਼ ਬਣਨ ਦੇ ਨਾਲ-ਨਾਲ ਵਿਦਿਆਰਥੀਆਂ ਨਾਲ ਸਬੰਧਤ ਮੁੱਦਿਆਂ ਨੂੰ ਵੀ ਮਜ਼ਬੂਤੀ ਨਾਲ ਉਠਾਉਣਗੇ। ਇਸ ਮੌਕੇ ਸਿਮਰਜੀਤ ਸਿੰਘ ਨਿਰਮਲ ਸਿੰਘ ਮਾਸਟਰ ਮਾਨ ਸਿੰਘ ਅਮਨਦੀਪ ਸਿੰਘ ਗੁਰਲਾਲ ਸਿੰਘ ਗੁਲਾਬ ਸਿੰਘ ਹਰਜੀਤ ਸਿੰਘ ਭੁਪਿੰਦਰ ਸਿੰਘ ਕਰਮਜੀਤ ਸਿੰਘ ਕੁਲਦੀਪ ਸਿੰਘ ਅਕਲੀਆ ਆਦਿ ਹਾਜ਼ਰ ਸਨ।

**ਸਿੱਖ ਜਥੇਬੰਦੀਆਂ ਦੇ ਆਗੂਆਂ ਨੇ ਕਿਹਾ ਯੂਨੀਵਰਸਿਟੀਆਂ ਵਿੱਚ ਆਰਐਸਐਸ ਦੇ ਵਧਦੇ ਪ੍ਰਭਾਵ ਨੂੰ ਰੋਕਣ ਲਈ ਪੰਜਾਬ, ਪੰਜਾਬੀਅਤ ਤੇ ਸਿੱਖ ਕੌਮ ਦੀ ਆਵਾਜ਼ ਸੈਨੇਟ ਵਿੱਚ ਪਹੁੰਚਾਉਣਾ ਜ਼ਰੂਰੀ**

# ਮਾਨ ਸਰਕਾਰ ਤੋਂ ਹਰੇਕ ਵਰਗ ਖੁਸ਼ , ਇਸ ਲਈ ਦੁਬਾਰਾ ਸਰਕਾਰ ਬਣਨਾ ਤੈਅ- ਕਾਂਝਲਾ





ਧੂਰੀ ( ਰਣਜੀਤ ਸਿੰਘ ਪੇਧਨੀ )-ਆਪ ਆਦਮੀ ਪਾਰਟੀ ਦੀ ਭਗਵੰਤ ਸਿੰਘ ਮਾਨ ਸਰਕਾਰ ਤੇ ਹਰੇਕ ਵਰਗ ਖੁਸ਼ ਹੈ ਕਿਓਕਿ ਸਰਕਾਰ ਵੱਲੋਂ ਵੋਟਾ ਵੇਲੇ ਕੀਤੇ ਸਾਰੇ ਵਾਅਦੇ ਪੂਰੇ ਕਰ ਦਿੱਤੇ ਗਏ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਰਣਜੋਧ ਸਿੰਘ ਕਾਂਝਲਾ ਚੇਅਰਮੈਨ ਬਲਾਕ ਸੰਮਤੀ ਧੂਰੀ ਅਤੇ ਉੱਘੇ ਸਮਾਜ ਸੇਵੀ ਕਰਮਜੀਤ ਸਿੰਘ ਕਾਂਝਲਾ ਨੇ ਕੀਤਾ। ਉਨ੍ਹਾਂ ਕਿਹਾ ਕਿ ਹਮੇਸ਼ਾ ਤੋ ਦੇਖਦੇ ਆਏ ਹਾ ਕੇ ਸੂਬੇ ਅੰਦਰ ਭਾਂਤ ਭਾਤ ਦੀਆ ਬਹੁਤ ਸਰਕਾਰਾ ਬਣੀਆ ਪਰ ਕਿਸੇ ਵੀ ਪਾਰਟੀ ਦੀ ਸਰਕਾਰ ਨੇ ਹੁਣ ਤੱਕ ਆਪਣੇ ਵੱਲੋਂ ਕੀਤੇ ਗਏ ਸਾਰੇ ਵਾਧੇ ਪੂਰੇ ਨਹੀਂ ਕੀਤੇ।ਉਨਾ ਕਿਹਾ ਕਿ ਪੰਜਾਬ ਵਿੱਚ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪਹਿਲੀ ਇਹੋ ਜਿਹੀ ਸਰਕਾਰ ਹੈ ਜਿਹੜੀ ਹੁਣ ਤੱਕ ਆਪਣੇ ਸਾਰੇ ਵਾਧੇ ਪਰੇ ਕਰ ਚੁੱਕੀ ਹੈ। ਉਨਾਂ ਕਿਹਾ ਕਿ ਸੂਬੇ 'ਚ ਜਿਵੇਂ ਬਿਜਲੀ ਫਰੀ, ਮਾਵਾ ਧੀਆ ਸਤਕਾਰ ਯੋਜਨਾ, ਟਾਈਲਾਂ ਤੱਕ ਕਿਸਾਨਾਂ ਨੂੰ ਪਾਣੀ, ਤੀਰਥ ਯਾਤਰਾ ਯੋਜਨਾ ਅਤੇ ਹਰ ਵੀ ਬਹੁਤ ਸਾਰੀਆ ਭਲਾਈ ਸਕੀਮਾਂ ਚਲਾਈਆ ਹੋਈਆ ਹਨ ਜਿਨ੍ਹਾਂ ਦਾ ਲਾਭਹਰ ਵਰਗ ਲੈ ਰਿਹਾ ਹੈ। ਉਨ੍ਹਾਂ ਕਿਹਾ ਕਿ ਵਿਧਾਨ ਸਭਾ ਹਲਕਾ ਧੂਰੀ ਵਿੱਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਉਨ੍ਹਾਂ ਦੇ ਓਐਸਡੀ ਸੁਖਵੀਰ ਸਿੰਘ ਸੁੱਖੀ ਦੀ ਅਗਵਾਈ ਹੇਠ ਇਲਾਕੇ 'ਚ ਵਿਕਾਸ ਕਾਰਜਾ ਦੀ ਹਨੇਰੀ ਚੱਲ ਰਹੀ ਹੋ ਹਰੇਕ ਪਿੰਡ ਵਿੱਚ ਰਹਿੰਦੇ ਵਿਕਾਸ ਕਾਰਜ ਵੀ ਥੋੜੇ ਸਮੇਂ ਵਿੱਚ ਨੇਪਰੇ ਚੜਏ ਜਾਣਗੇ। ਉਨ੍ਹਾਂ ਕਿਹਾ ਕਿ ਇਹ ਇਤਿਹਾਸ ਵਿੱਚ ਪਹਿਲੀ ਵਾਰ ਹੋਵੇਗਾ ਕਿ 'ਆਪ' ਦੇ ਵਲੰਟੀਅਰ ਕੀਤੇ ਗਏ ਵਿਕਾਸ ਦੱਸ ਕੇ ਵੋਟਾ ਮੰਗਣ ਜਾਣਗੇ ਅਤੇ ਪਹਿਲਾ ਤੋਂ ਵੱਧ ਸੀਟਾ ਜਿੱਤ ਕੇ ਸਰਕਾਰ ਬਣਾਉਣਗੇ।

# ਸਰਕਾਰ ਦੇ ਅਣਐਲਾਨੇ ਬਿਜਲੀ ਕੱਟਾਂ ਕਾਰਨ ਲੋਕਾਂ ਵਿੱਚ ਮੱਚੀ ਹਾਹਾਕਾਰ-ਗੁਰਮੀਤ ਸਿੰਘ ਬਰੜਵਾਲ



**ਧੂਰੀ ( ਰਣਜੀਤ ਸਿੰਘ ਪੇਧਨੀ )**- ਪੰਜਾਬ ਵਿੱਚ ਬਿਜਲੀ ਸਪਲਾਈ ਦੇ ਮਾੜੇ ਹਾਲਾਤਾਂ ਨੇ ਸਰਕਾਰ ਦੇ ਬਿਜਲੀ ਪ੍ਰਬੰਧਾਂ ਦੀ ਪੋਲ ਖੋਲ ਦਿੱਤੀ ਹੈ। ਕਈ-ਕਈ ਘੰਟਿਆਂ ਦੇ ਬਿਜਲੀ ਕੱਟਾਂ ਕਾਰਨ ਆਮ ਲੋਕ, ਕਿਸਾਨ ਅਤੇ ਛੋਟੇ ਵਪਾਰੀ ਪ੍ਰੇਸ਼ਾਨ ਹਨ, ਜਦਕਿ ਐਸ ਵਕਤ ਲੋਕਾਂ ਨੂੰ ਨਿਰਵਿਘਨ ਬਿਜਲੀ ਦੀ ਲੋੜ ਹੈ, ਉਸ ਸਮੇਂ ਅਣ ਐਲਾਨੇ ਕੱਟ ਲਗਾਉਣਾ ਸਰਕਾਰ ਦੀ ਗੰਭੀਰ ਨਾਕਾਮੀ ਹੈ। ਇਨ੍ਹਾਂ ਵਿਚਾਰਾਂ ਧੂਰੀ ਇਲਾਕੇ ਦੇ ਉੱਘੇ ਸਮਾਜ ਸੇਵੀ ਗੁਰਮੀਤ ਸਿੰਘ ਬਰੜਵਾਲ ਨੇ ਕੀਤਾ। ਉਨ੍ਹਾਂ ਕਿਹਾ ਕਿ ਇਸ ਸਮੇਂ ਝੋਨੇ ਦੀ ਫਸਲ ਨੂੰ ਪਾਣੀ ਦੀ ਬਹੁਤ ਜਿਆਦਾ ਲੋੜ ਹੈ ਪਰ ਕਈ ਕਈ ਘੰਟਿਆਂ ਦੇ ਬਿਜਲੀ ਦੇ ਕੱਟ ਲੱਗਣ ਕਾਰਨ ਕਿਸਾਨ ਆਪਣੀਆਂ ਫਸਲਾਂ ਨੂੰ ਪਾਣੀ ਲਾਉਣ ਤੋਂ ਅਸਮਰੱਥ ਹਨ । ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਕੇਵਲ ਤਿੰਨ ਚਾਰ ਘੰਟੇ ਹੀ ਬਿਜਲੀ ਦੀ ਸਪਲਾਈ ਮਿਲਦੀ ਹੈ ਉਹ ਵੀ ਟੁੱਟਵੀਂ, ਬਿਜਲੀ ਦੀ ਮਾੜੀ ਸਪਲਾਈ ਕਾਰਨ ਕਿਸਾਨਾਂ ਨੇ ਝੋਨੇ ਦੇ ਝਾੜ ਦੇ ਘਟਣ ਦਾ ਖ਼ਦਸ਼ਾ ਪ੍ਰਗਟ ਕੀਤਾ ਹੈ । ਜਿਸ ਨਾਲ ਕਿਸਾਨਾਂ ਦਾ ਆਰਥਿਕ ਨੁਕਸਾਨ ਹੋਣਾ ਲਗਭਗ ਤੈਅ ਹੈ। ਉਨਾਂ ਕਿਹਾ ਕਿ ਅਣਐਲਾਨੇ ਬਿਜਲੀ ਦੇ ਕੱਟਾਂ ਕਾਰਨ ਕਿਸਾਨ ਹੀ ਨਹੀਂ ਪਿੰਡਾਂ ਸ਼ਹਿਰਾਂ ਵਪਾਰੀਆਂ ਸਾਰਾ ਤਬਕਾ ਹੀ ਮਾੜੀ ਸਪਲਾਈ ਕਾਰਨ ਬੇਹਾਲ ਹੋਇਆ ਪਿਆ ਹੈ। ਉਨਾਂ ਕਿਹਾ ਕਿ ਭਗਵੰਤ ਸਿੰਘ ਮਾਨ ਦੀ ਸਰਕਾਰ ਨਿਤ ਨਵੇਂ ਨਵੇਂ ਦਾਅਵੇ ਕਰਦੀ ਹੈ ਪਰ ਜ਼ਮੀਨੀ ਹਕੀਕਤ ਕੁਝ ਹੋਰ ਹੀ ਬਿਆਨ ਕਰਦੀ ਹੈ। ਪੰਜਾਬ ਸਰਕਾਰ ਤੋਂ ਤੁਰੰਤ ਅਣ ਐਲਾਨੇ ਕੱਟ ਬੰਦ ਕਰਨ, ਪਿੰਡਾਂ ਅਤੇ ਸ਼ਹਿਰਾਂ ਵਿੱਚ ਨਿਰਵਿਘਨ ਸਪਲਾਈ ਯਕੀਨੀ ਬਣਾਉਣ, ਖੇਤੀਬਾੜੀ ਲਈ ਨਿਰਧਾਰਤ ਬਿਜਲੀ ਸਮੇਂ ਸਿਰ ਦੇਣ ਅਤੇ ਬਿਜਲੀ ਪ੍ਰਬੰਧਾਂ ਵਿੱਚ ਲਾਪਰਵਾਹੀ ਨਾ ਕੀਤੀ ਜਾਵੇ।

# ਨੇਕੀ ਦੀ ਮਦਦ ਕਰਨਾ ਨੇਕੀ, ਅਨਿਆਇ ਨਾਲ ਟੱਕਰ ਲੈਣਾ ਵੀ ਨੇਕੀ ਤੇ ਸਾਡਾ ਨਾਅਰਾ ਸੰਘਰਸ਼, ਸੱਚ ਅਤੇ ਸੇਵਾ—ਪੀ.ਸੀ ਕੁਮਾਰ



ਫ਼ਿਰੋਜ਼ਪੁਰ, 12 ਸਤੰਬਰ (ਮਨੋਹਰ ਲਾਲ) :— ਜੋ ਪਹਿਲਾਂ ਹੈ, ਉਹੀ ਆਖਰੀ ਹੈ, ਜੋ ਆਖਰੀ ਹੈ, ਉਹੀ ਪਹਿਲਾ ਹੈ ਅਤੇ ਮਨੁੱਖਤਾ ਦੀ ਸੇਵਾ ਵਿੱਚ ਕੋਈ ਪਹਿਲਾ ਜਾਂ ਆਖਰੀ ਨਹੀਂ, ਸਾਰੇ ਬਰਾਬਰ ਹਨ। ਇਹ ਵਿਚਾਰ ਸਾਂਝੇ ਕਰਦਿਆਂ ਸਮਾਜ ਸੇਵਕ ਸ੍ਰੀ ਪੀ.ਸੀ ਕੁਮਾਰ ਨੇ ਕਿਹਾ ਕਿ ਨੇਕੀ ਦੀ ਮਦਦ ਕਰਨਾ ਨੇਕੀ, ਅਨਿਆਇ ਨਾਲ ਟੱਕਰ ਲੈਣਾ ਵੀ ਨੇਕੀ ਤੇ ਸਾਡਾ ਨਾਅਰਾ ਸੰਘਰਸ਼, ਸੱਚ ਅਤੇ ਸੇਵਾ। ਉਨ੍ਹਾਂ ਕਿਹਾ ਕਿ ਅਸੀਂ ਕਿਸੇ ਵਿਅਕਤੀ ਦੇ ਵਿਰੁੱਧ ਨਹੀਂ, ਅਸੀਂ ਬੁਰਾਈ, ਅਨਿਆਇ, ਨਸ਼ੇ, ਭ੍ਰਿਸ਼ਟਾਚਾਰ, ਅਗਿਆਨਤਾ ਅਤੇ ਮਨੁੱਖਤਾ ਨੂੰ ਤੋੜਨ ਵਾਲੀਆਂ ਤਾਕਤਾਂ ਦੇ ਵਿਰੁੱਧ ਹਾਂ, ਜਿਥੇ ਕਿਸੇ ਲੋੜਵੰਦ ਦੀ ਮਦਦ ਦੀ ਲੋੜ ਹੈ, ਉਥੇ ਹੱਥ ਵਧਾਉਣਾ ਸਾਡਾ ਫਰਜ਼ ਹੈ, ਜਿਥੇ ਕਿਸੇ ਨਾਲ ਬੇਇਨਸਾਫ਼ੀ ਹੋਵੇ, ਉਥੇ ਚੁੱਪ ਰਹਿਣ ਦੀ ਬਜਾਏ ਸੱਚ ਅਤੇ ਕਾਨੂੰਨ ਦੇ ਰਾਹੀਂ ਆਵਾਜ਼ ਉਠਾਉਣਾ ਵੀ ਸੇਵਾ ਹੈ। ਉਨ੍ਹਾਂ ਕਿਹਾ ਕਿ ਸਾਡਾ ਸੰਘਰਸ਼ ਕਿਸੇ ਨੂੰ ਹਰਾਉਣ ਲਈ ਨਹੀਂ, ਸੱਚ ਨੂੰ ਜਿਤਾਉਣ ਲਈ ਹੈ ਅਤੇ ਸਾਡਾ ਉਦੇਸ਼ ਕਿਸੇ ਨੂੰ ਤੋੜਨਾ ਨਹੀਂ, ਲੋਕਾਂ ਨੂੰ ਜੋੜਨਾ ਹੈ, ਸਾਡੀ ਸੋਚ ਸਿਰਫ਼ ਆਪਣੇ ਲਈ ਨਹੀਂ, ਸਰਬੱਤ ਦੇ ਭਲੇ ਲਈ ਹੈ। ਗੱਲਬਾਤ ਕਰਦਿਆਂ ਪੀ.ਸੀ ਕੁਮਾਰ ਨੇ ਕਿਹਾ ਕਿ ਆਓ, ਅਸੀਂ ਆਪਣੇ ਆਪ ਤੋਂ ਸ਼ੁਰੂ ਕਰੀਏ, ਖੁਦ ਸੁਧਰੋ, ਦੂਜਿਆਂ ਦੀ ਮਦਦ ਕਰੋ, ਨਸ਼ਿਆਂ ਤੋਂ ਬਚੋ ਅਤੇ ਬਚਾਓ, ਬੱਚਿਆਂ ਨੂੰ ਚੰਗੇ ਸੰਸਕਾਰ ਦਿਓ, ਬਜ਼ੁਰਗਾਂ ਦਾ ਸਤਿਕਾਰ ਕਰੋ, ਪੌਦਿਆਂ, ਪਸ਼ੂਆਂ ਤੇ ਸਮੁੱਚੀ ਸ੍ਰਿਸ਼ਟੀ ਨਾਲ ਪਿਆਰ ਕਰੋ, ਅਨਿਆਇ ਦੇ ਸਾਹਮਣੇ ਕਾਨੂੰਨੀ ਅਤੇ ਸ਼ਾਂਤਮਈ ਢੰਗ ਨਾਲ ਡਟੋ, ਕਿਉਂਕਿ ਨੇਕੀ ਦੀ ਮਦਦ ਕਰਨਾ ਨੇਕੀ ਹੈ ਅਤੇ ਨੇਕੀ ਲਈ ਸੰਘਰਸ਼ ਕਰਨਾ ਵੀ ਨੇਕੀ ਹੈ। ਇਹੀ ਸਾਡੀ ਕਿਤਾਬ ਦਾ ਮਕਸਦ ਹੈ ਤੇ ਇਹੀ ਆਉਣ ਵਾਲੀ ਪੀੜ੍ਹੀ ਲਈ ਸਾਡੀ ਵਿਰਾਸਤ ਹੋਵੇ। ਉਨ੍ਹਾਂ ਕਿਹਾ ਕਿ ਇਨਸਾਨ ਬਣੋ, ਨੇਕੀ ਕਰੋ, ਸੱਚ ਨਾਲ ਖੜ੍ਹੇ ਰਹੋ, ਜੋੜੋ ਤੋੜੋ ਨਹੀਂ, ਸਰਬੱਤ ਦਾ ਭਲਾ ਕਰਦੇ ਰਹੋ।

### ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ

# ਗੁਰਦੁਆਰਾ ਸਾਰਾਗੜ੍ਹੀ ਸਾਹਿਬ ਵਿਖੇ ਨਤਮਸਤਕ ਹੋ ਕੇ ਸ਼ਹੀਦਾਂ ਨੂੰ ਸ਼ਰਧਾਂਜਲੀ ਕੀਤੀ ਭੇਂਟ



ਆਵਾਜ਼ਿ ਕੌਮ AWAZE QAUM International Newspaper & WEB TV

ਫ਼ਿਰੋਜ਼ਪੁਰ, 12 ਸਤੰਬਰ (ਮਨੋਹਰ ਲਾਲ) :— ਸਾਰਾਗੜ੍ਹੀ ਦੀ ਜੰਗ ਬਲੀਦਾਨ ਦੀ ਅਜਿਹੀ ਲਾਮਿਸਾਲ ਕਹਾਣੀ ਹੈ ਜਿਸ ਦੀ ਮਿਸਾਲ ਪੂਰੀ ਦੁਨੀਆ ਵਿਚ ਨਹੀਂ ਮਿਲਦੀ, 12 ਸਤੰਬਰ 1897 ਨੂੰ ਸਾਰਾਗੜ੍ਹੀ ਕਿਲ੍ਹੇ ਦੀ ਰੱਖਿਆ ਕਰਦਿਆਂ ਸਿੱਖ ਰੈਜੀਮੈਂਟ ਦੇ 21 ਬਹਾਦਰ ਸੂਰਬੀਰ ਸੈਨਿਕਾਂ ਨੇ 10 ਹਜ਼ਾਰ ਅਫ਼ਗਾਨਾਂ ਦਾ ਪੂਰੀ ਸੂਰਬੀਰਤਾ ਨਾਲ ਮੁਕਾਬਲਾ ਕਰਦਿਆਂ ਸ਼ਹੀਦੀ ਜਾਮ ਪੀਤਾ ਅਤੇ ਇਤਿਹਾਸ ਵਿਚ ਸੂਰਬੀਰਤਾ, ਅਣਖ ਅਤੇ ਕੁਰਬਾਨੀ ਦੇ ਨਵੇਂ ਅਧਿਆਏ ਦੀ ਸਿਰਜਣਾ ਕੀਤੀ ਜੋ ਆਉਣ ਵਾਲੀਆਂ ਪੀੜ੍ਹੀਆਂ ਲਈ ਹਮੇਸ਼ਾ ਪ੍ਰੇਰਨਾ ਸਰੋਤ ਰਹੇਗੀ। ਇਹ ਪ੍ਰਗਟਾਵਾ ਖੇਤੀਬਾੜੀ ਤੇ ਕਿਸਾਨ ਭਲਾਈ, ਪਸ਼ੂ ਪਾਲਣ, ਮੱਛੀ ਪਾਲਣ ਅਤੇ ਡੇਅਰੀ ਵਿਕਾਸ ਤੇ ਫੂਡ ਪ੍ਰੋਸੈਸਿੰਗ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਸਾਰਾਗੜ੍ਹੀ ਦਿਵਸ ਮੌਕੇ ਗੁਰਦੁਆਰਾ ਸਾਰਾਗੜ੍ਹੀ ਵਿਖੇ ਸ਼ਹੀਦਾਂ ਦੀ ਯਾਦ ਵਿੱਚ ਪੰਜਾਬ ਸਰਕਾਰ ਵੱਲੋਂ ਕਰਵਾਏ ਗਏ ਰਾਜ ਪੱਧਰੀ ਸਮਾਗਮ ਮੌਕੇ ਸਾਰਾਗੜ੍ਹੀ ਜੰਗ ਦੇ ਮਹਾਨ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਂਟ ਕਰਨ ਉਪਰੰਤ ਕੀਤਾ। ਇਸ ਮੌਕੇ ਵਿਧਾਇਕ ਫ਼ਿਰੋਜ਼ਪੁਰ ਸ਼ਹਿਰੀ ਰਣਬੀਰ ਸਿੰਘ ਭੁੱਲਰ, ਵਿਧਾਇਕ ਫ਼ਿਰੋਜ਼ਪੁਰ ਦਿਹਾਤੀ ਰਜਨੀਸ਼ ਦਹੀਆ, ਵਿਧਾਇਕ ਗੁਰੂਹਰਸਹਾਏ ਫੌਜਾ ਸਿੰਘ ਸਰਾਰੀ, ਵਿਧਾਇਕ ਜ਼ੀਰਾ ਰੇਸ਼ ਕਟਾਰੀਆ ਨੇ ਵੀ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਂਟ ਕੀਤੀ।

**☛ ਬਹਾਦਰੀ, ਸਮਰਪਣ, ਅਨੁਸ਼ਾਸਨ ਅਤੇ ਫਰਜ਼ ਪ੍ਰਤੀ ਵਫ਼ਾਦਾਰੀ ਦੀ ਅਨੋਖੀ ਮਿਸਾਲ ਹੈ ਸਾਰਾਗੜ੍ਹੀ ਦੀ ਜੰਗ—ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ☛ ਕੈਬਨਿਟ ਮੰਤਰੀ ਵਲੋਂ ਸਾਰਾਗੜ੍ਹੀ ਜੰਗ ਦੇ ਸ਼ਹੀਦਾਂ ਦੇ ਪਰਿਵਾਰਾਂ ਦਾ ਕੀਤਾ ਸਨਮਾਨ**

ਅੱਜ ਇੱਥੇ ਗੁਰਦੁਆਰਾ ਸਾਰਾਗੜ੍ਹੀ ਸਾਹਿਬ ਵਿਖੇ ਸ਼ਹੀਦਾਂ ਦੀ ਯਾਦ ਵਿੱਚ ਰੱਖੇ ਗਏ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਂਟ ਕਰਨ ਆਏ ਲੋਕਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਹੇਠ ਰਾਜ ਦੇ ਵਸਨੀਕਾਂ ਖਾਸ ਕਰਕੇ ਨੌਜਵਾਨ ਪੀੜ੍ਹੀ ਨੂੰ ਆਪਣੇ ਮਾਣਮੱਤੇ ਇਤਿਹਾਸਕ ਤੇ ਗੌਰਵਮਈ ਵਿਰਸੇ ਨਾਲ ਜੋੜਨ ਲਈ ਵੱਡੇ ਪੱਧਰ ’ਤੇ ਕਾਰਜ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਪੂਰੀ ਦੁਨੀਆ ਵਿੱਚ ਅਜਿਹੀ ਬਹਾਦਰੀ ਤੇ ਸੂਰਬੀਰਤਾ ਦੀ ਮਿਸਾਲ ਕਿਤੇ ਵੀ ਨਹੀਂ ਮਿਲਦੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਯਤਨਾਂ ਸਦਕਾ ਇਨ੍ਹਾਂ ਸ਼ਹੀਦਾਂ ਨੂੰ ਨਮਨ ਕਰਦੇ ਹੋਏ ਫ਼ਿਰੋਜ਼ਪੁਰ ਵਿਖੇ ਵਿਸ਼ਵ ਦੀ ਪਹਿਲੀ ਜੰਗੀ ਯਾਦਗਾਰ, ਸਾਰਾਗੜ੍ਹੀ ਜੰਗ ਦੀ ਯਾਦ ਵਿੱਚ ਬਣਾਈ ਗਈ ਹੈ ਕਿਉਂਕਿ ਇਸ ਜੰਗ ਵਿਚ ਸ਼ਹੀਦ ਹੋਣ ਵਾਲੇ ਸੈਨਿਕਾਂ ਵਿਚੋਂ ਜ਼ਿਆਦਾਤਰ ਫਿਰੋਜ਼ਪੁਰ ਨਾਲ ਸੰਬੰਧਿਤ ਸਨ। ਇਹ ਸਾਰਾਗੜ੍ਹੀ ਵਾਰ ਮੈਮੋਰੀਅਲ ਉਨ੍ਹਾਂ ਸਿੱਖ ਸੂਰਬੀਰਾਂ ਦੀ ਅਣਖ, ਸਨਮਾਨ ਅਤੇ ਕੁਰਬਾਨੀ ਨੂੰ ਸਮਰਪਿਤ ਹੈ ਜੋ ਅਫ਼ਗਾਨੀਸਤਾਨ ਦੇ ਵਜ਼ੀਰਸਤਾਨ ਵਿਖੇ ਸਾਰਾਗੜ੍ਹੀ ਦੇ ਕਿਲ੍ਹੇ ਦੇ ਬਚਾਅ ਲਈ ਦਸ ਹਜ਼ਾਰ ਅਫਗਾਨੀ ਕਬਾਈਲੀਆਂ ਨਾਲ 36 ਸਿੱਖ ਰੈਜੀਮੈਂਟ ਦੇ 21 ਬਹਾਦਰ ਸਿੱਖ ਫੌਜਾਂ ਦੇ ਹੋਏ ਮੁਕਾਬਲੇ ਵਿਚ ਸ਼ਹੀਦ ਹੋਏ ਸਨ। ਸਿੱਖ ਰੈਜੀਮੈਂਟ ਦੇ ਇਨ੍ਹਾਂ ਬਹਾਦਰ ਯੋਧਿਆਂ ਨੇ ਗੋਲਾ ਬਾਰੂਦ ਮੁੱਕਣ ਦੇ ਬਾਵਜੂਦ ਵੀ ਲੰਮਾ ਸਮਾਂ ਦੁਸ਼ਮਣਾ ਨਾਲ ਲੋਹਾ ਲਿਆ ਅਤੇ ਸ਼ਹੀਦੀ ਜਾਮ ਪੀਤਾ। ਇਨ੍ਹਾਂ ਬਹਾਦਰ ਸਿਪਾਹੀਆਂ ਨੇ ਦਸਮ ਪਾਤਿਸ਼ਾਹ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਮਹਾਨ ਵਾਕ ਸਵਾ ਲਾਖ ਸੇ ਏਕ ਲੜਾਊਂ ਤਬੈ ਗੋਬਿੰਦ ਸਿੰਘ ਨਾਮ ਕਹਾਊਂ ਨੂੰ ਸੱਚ ਕਰ ਕੇ ਵਿਖਾਇਆ। ਉਨ੍ਹਾਂ ਕਿਹਾ ਕਿ ਯੂਨੇਸਕੋ (ਯੂਨਾਇਟਿਡ ਨੇਸ਼ਨਜ਼ ਐਜੂਕੇਸ਼ਨਲ ਸਾਇੰਟਿਫਿਕ ਐਂਡ ਕਲਚਰਲ ਆਰਗੇਨਾਇਜੇਸ਼ਨ) ਦੇ ਅਨੁਸਾਰ ਇਹ ਜੰਗ ਵਿਸ਼ਵ ਦੀਆਂ ਅੱਠ ਮਹੱਤਵਪੂਰਨ ਜੰਗਾਂ ਵਿੱਚੋਂ ਇੱਕ ਹੈ ਜਿਸ ਵਿੱਚ ਸ਼ਹੀਦ ਹੋਏ ਸਿਪਾਹੀਆਂ ਨੂੰ ਇੰਡੀਅਨ ਆਰਡਰ ਆਫ ਮੈਰਿਟ (ਸਰਵਉੱਚ ਤਗਮਾ) ਨਾਲ ਸਨਮਾਨਿਤ ਕੀਤਾ ਗਿਆ ਸੀ। ਨੌਜਵਾਨ ਪੀੜ੍ਹੀ ਨੂੰ ਸਾਰਾਗੜ੍ਹੀ ਦੇ ਸ਼ਹੀਦਾਂ ਤੋਂ ਦੇਸ਼ ਪ੍ਰਤੀ ਸਮਰਪਣ, ਅਨੁਸ਼ਾਸਨ, ਹਿੰਮਤ ਅਤੇ ਆਪਣੇ ਫਰਜ਼ ਪ੍ਰਤੀ ਵਫਾਦਾਰੀ ਦੀ ਪ੍ਰੇਰਣਾ ਲੈਣੀ ਚਾਹੀਦੀ ਹੈ। ਇਸ ਮੌਕੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਵੱਲੋਂ ਜੰਗ ਵਿੱਚ ਸ਼ਹੀਦ ਹੋਏ ਸੈਨਿਕਾਂ ਦੇ ਪਰਿਵਾਰਿਕ ਮੈਂਬਰਾਂ ਨੂੰ ਯਾਦਗਾਰੀ ਚਿੰਨ੍ਹ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ। ਇਸ ਉਪਰੰਤ ਵਿਧਾਇਕ ਫ਼ਿਰੋਜ਼ਪੁਰ ਸ਼ਹਿਰੀ ਰਣਬੀਰ ਸਿੰਘ ਭੁੱਲਰ ਵੱਲੋਂ ਮੁੱਖ ਮਹਿਮਾਨ ਅਤੇ ਸਮਾਗਮ ਵਿੱਚ ਪਹੁੰਚੀ ਸੰਗਤ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਡਿਪਟੀ ਕਮਿਸ਼ਨਰ ਦੀਪਸ਼ਿਖਾ ਸ਼ਰਮਾ, ਐਸ.ਐਸ.ਪੀ. ਭੁਪਿੰਦਰ ਸਿੰਘ ਸਿੱਧੂ, ਵਧੀਕ ਡਿਪਟੀ ਕਮਿਸ਼ਨਰ (ਜ) ਡਾ: ਅਮਨਦੀਪ ਕੌਰ, ਐਸ.ਡੀ.ਐਮ ਫ਼ਿਰੋਜ਼ਪੁਰ ਅਭਿਸ਼ੇਕ ਸ਼ਰਮਾ, ਹਿਮਾਂਸ਼ੂ ਆਈ.ਏ.ਐਸ. (ਯੂ.ਟੀ.), ਜ਼ਿਲ੍ਹਾ ਪ੍ਰਧਾਨ ਆਮ ਆਦਮੀ ਪਾਰਟੀ ਹਰਜਿੰਦਰ ਸਿੰਘ ਘਾਂਗਾ ਚੇਅਰਮੈਨ ਪੰਜਾਬ ਬੀ.ਸੀ. ਕਮਿਸ਼ਨ ਡਾ: ਮਲਕੀਤ ਸਿੰਘ ਥਿੰਦ, ਡਾ: ਅਮਨਦੀਪ ਕੌਰ ਗੋਸਲ ਭੁੱਲਰ ਹਲਕਾ ਕੋਆਰਡੀਨੇਟਰ ਨਸ਼ਾ ਮੁਕਤੀ ਮੋਰਚਾ, ਭੁਪਿੰਦਰ ਕੌਰ ਸੀਨੀਅਰ ਵਾਇਸ ਪ੍ਰਧਾਨ ਮਹਿਲਾ ਵਿੰਗ ਆਮ ਆਦਮੀ ਪਾਰਟੀ ਸਮੇਤ ਭਾਰਤੀ ਸੈਨਾਂ ਦੇ ਅਧਿਕਾਰੀ ਜੀ.ਓ.ਸੀ. ਮੇਜਰ ਜਨਰਲ ਰਣਜੀਤ ਸਿੰਘ ਮਨਰਾਲ, ਡਿਪਟੀ ਜੀ.ਓ.ਸੀ. ਬ੍ਰਿਗੇਡੀਅਰ ਵਾਈ.ਐਸ. ਸਜਵਾਨ ਸਮੇਤ ਹੋਰਨਾਂ ਸ਼ਖਸੀਅਤਾਂ ਸਮੇਤ ਵੱਡੀ ਗਿਣਤੀ ਵਿੱਚ ਸ਼ਾਮਿਲ ਲੋਕਾਂ ਵੱਲੋਂ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਂਟ ਕੀਤੀ ਗਈ।

### ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ

# ਪਹਿਲੇ ਪ੍ਰਕਾਸ਼ ਪੁਰਬ ਮੌਕੇ ਦਿੱਲੀ ਕਮੇਟੀ ਦੇ ਅਹਿਮ ਐਲਾਨ



ਆਵਾਜ਼ਿ ਕੌਮ AWAZE QAUM International Newspaper & WEB TV

**ਨਵੀਂ ਦਿੱਲੀ, 12 ਸਤੰਬਰ (ਮਨਪ੍ਰੀਤ ਸਿੰਘ ਖਾਲਸਾ)**:-ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਹਿਲਾ ਪ੍ਰਕਾਸ਼ ਪੁਰਬ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਮੁੱਖ ਸਮਾਗਮ ਗੁਰਦੁਆਰਾ ਮੋਤੀ ਬਾਗ ਸਾਹਿਬ ਵਿਖੇ ਹੋਇਆ, ਜਿੱਥੇ ਰਾਗੀ ਜਥਿਆਂ ਨੇ ਇਲਾਹੀ ਬਾਣੀ ਦਾ ਕੀਰਤਨ ਕਰਕੇ ਸੰਗਤ ਨੂੰ ਨਿਹਾਲ ਕੀਤਾ। ਇਸ ਮੌਕੇ ਕਮੇਟੀ ਪ੍ਰਧਾਨ ਹਰਮੀਤ ਸਿੰਘ ਕਾਲਕਾ, ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਅਤੇ ਧਰਮ ਪ੍ਰਚਾਰ ਮੁਖੀ ਜਸਪ੍ਰੀਤ ਸਿੰਘ ਕਰਮਸਰ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਦੀ ਇਤਿਹਾਸਕ ਮਹੱਤਤਾ ਬਾਰੇ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਨੇ ਆਦਿ ਗ੍ਰੰਥ ਦਾ ਪਹਿਲਾ ਪ੍ਰਕਾਸ਼ ਕਰਵਾਇਆ ਅਤੇ ਬਾਬਾ ਬੁੱਢਾ ਜੀ ਨੂੰ ਪਹਿਲਾ ਗ੍ਰੰਥੀ ਨਿਯੁਕਤ ਕੀਤਾ, ਜਦਕਿ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਇਸ ਨੂੰ ਸੰਪੂਰਨਤਾ ਬਖ਼ਸ਼ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸਿੱਖ ਪੰਥ ਦਾ ਸਦੀਵੀ ਗੁਰੂ ਸਥਾਪਿਤ ਕੀਤਾ। ਇਸ ਮੌਕੇ ਭਾਈ ਪ੍ਰੇਮ ਸਿੰਘ ਬੰਧੂ ਦੇ ਕੀਰਤਨੀ ਜਥੇ ਨੂੰ ‘ਸਾਲ ਦੇ ਸਰਵੋਤਮ ਕੀਰਤਨੀਏ’ ਦਾ ਐਵਾਰਡ ਦੇ ਕੇ 1.25 ਲੱਖ ਰੁਪਏ ਦਾ ਚੈੱਕ ਭੇਟ ਕੀਤਾ ਗਿਆ। ਪ੍ਰਕਾਸ਼ ਪੁਰਬ ਮੌਕੇ ਦਿੱਲੀ ਕਮੇਟੀ ਵੱਲੋਂ ਸਟਾਫ ਅਤੇ ਸੰਗਤ ਲਈ ਕਈ ਅਹਿਮ ਐਲਾਨ ਵੀ ਕੀਤੇ ਗਏ। ਮੁਲਾਜ਼ਮਾਂ ਦੇ ਡੀ.ਏ. ਵਿੱਚ 15 ਫੀਸਦੀ ਵਾਧਾ ਕਰਨ ਦੇ ਨਾਲ ਮੁਫ਼ਤ ਜੀਵਨ ਬੀਮਾ ਅਤੇ ਮੈਡੀਕਲ ਬੀਮੇ ਦੀ ਸਹੂਲਤ ਦੇਣ ਦਾ ਫੈਸਲਾ ਕੀਤਾ ਗਿਆ। ਬਾਲਾ ਸਾਹਿਬ ਹਸਪਤਾਲ ਵਿੱਚ ਐਮ.ਆਰ.ਆਈ. ਅਤੇ ਸੀ.ਟੀ. ਸਕੈਨ 50 ਰੁਪਏ ਵਿੱਚ, ਡਾਇਲਸਿਸ ਮੁਫ਼ਤ ਅਤੇ ਪੈਟ ਸਕੈਨ ਸਾਢੇ 7 ਹਜ਼ਾਰ ਰੁਪਏ ਵਿੱਚ ਕਰਵਾਉਣ ਦੀ ਸਹੂਲਤ ਦਿੱਤੀ ਜਾ ਰਹੀ ਹੈ। ਹਸਪਤਾਲ ਵਿੱਚ ਜਲਦ ਕੀਮੋਥੈਰੇਪੀ ਦੀ ਸਹੂਲਤ ਵੀ ਸ਼ੁਰੂ ਕੀਤੀ ਜਾਵੇਗੀ, ਜਿਸ ਦੀ ਲਾਗਤ ਬਾਜ਼ਾਰ ਨਾਲੋਂ ਲਗਭਗ ਅੱਧੀ ਹੋਵੇਗੀ। ਇਸ ਤੋਂ ਇਲਾਵਾ ਮਾਤਾ ਸੁੰਦਰੀ ਜੀ ਕੰਪਲੈਕਸ ਵਿੱਚ ਸਟਾਫ ਲਈ ਕਰੀਬ 90 ਕੁਆਰਟਰ ਤਿਆਰ ਕੀਤੇ ਜਾ ਰਹੇ ਹਨ ਅਤੇ ਪੂਰਨ ਗੁਰਸਿੱਖ ਪਰਿਵਾਰਾਂ ਦੇ ਯੋਗ ਬੱਚਿਆਂ ਦੀ ਸਕੂਲ ਫੀਸ ਕਮੇਟੀ ਵੱਲੋਂ ਅਦਾ ਕਰਨ ਦੇ ਫੈਸਲੇ ਨੂੰ ਵੀ ਮਨਜ਼ੂਰੀ ਦਿੱਤੀ ਗਈ ਹੈ।

**ਸਟਾਫ ਦੇ ਡੀ.ਏ. ਵਿੱਚ 15 ਫੀਸਦੀ ਵਾਧਾ, ਮੈਡੀਕਲ ਤੇ ਜੀਵਨ ਬੀਮੇ ਦੀ ਸਹੂਲਤ; ਕੀਮੋਥੈਰੇਪੀ ਅੱਧੀਆਂ ਦਰਾਂ ’ਤੇ ਜਲਦ ਸ਼ੁਰੂ**

# ਮਿੱਟੀ ਦਾ ਪੁੱਤ ਫਿਲਮ ਦੀ ਸ਼ਟਾਰ ਕਾਸਟ ਸਤਲੁਜ ਪ੍ਰੈੱਸ ਕਲੱਬ ਪੁੱਜੀ, ਦੇਵ ਖਰੌੜ ਨੇ ਕਿਹਾ ਇਹ ਉਸਦੀ ਬੇਹਤਰੀਨ ਫਿਲਮ



ਆਵਾਜ਼ਿ ਕੌਮ AWAZE QAUM International Newspaper & WEB TV

ਫ਼ਿਰੋਜ਼ਪੁਰ, 12 ਸਤੰਬਰ (ਮਨੋਹਰ ਲਾਲ) :— ਪੰਜਾਬੀ ਫਿਲਮ ਮਿੱਟੀ ਦੇ ਪੁੱਤ ਦੀ ਸ਼ਟਾਰ ਕਾਸਟ ਤੇ ਫਿਲਮ ਨਾਲ ਜੁੜੀ ਟੀਮ ਸਤਲੁਜ ਪ੍ਰੈੱਸ ਕਲੱਬ ਫਿਰੋਜ਼ਪੁਰ ਵਿਖੇ ਪੁੱਜੀ। ਇਸ ਮੌਕੇ ਫਿਲਮ ਦੇ ਨਿਰਮਾਤਾ ਇਕਬਾਲ ਸਿੰਘ ਚੀਮਾ ਅਤੇ ਅਮਰ ਹੁੰਦਲ ਸਮੇਤ ਫਿਲਮ ਦੇ ਕਲਾਕਾਰਾਂ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਫਿਲਮ ਬਾਰੇ ਜਾਣਕਾਰੀ ਸਾਂਝੀ ਕੀਤੀ। ਅਦਾਕਾਰ ਦੇਵ ਖਰੌੜ ਨੇ ਕਿਹਾ ਕਿ ਉਸ ਦੀ ਇਹ ਬੇਹਤਰੀਨ ਫਿਲਮਾਂ ਚੋ ਇੱਕ ਸਾਬਤ ਹੋਵੇਗੀ। ਫਿਲਮ ਦੀ ਟੀਮ ਵਿਚ ਦੇਵ ਸ਼ਰਨ, ਸ਼ਰਨ ਕੌਰ, ਵਿਕ੍ਰਮਜੀਤ ਵਿਰਕ, ਵਿਕ੍ਰਮਜੀਤ ਖਹਿਰਾ, ਦੀਪਕ ਕੰਬੋਜ, ਅਮਨ ਸੁਤਧਾਰ, ਪ੍ਰਦੀਪ ਚੀਮਾ ਆਦਿ ਹਾਜ਼ਰ ਹੋਏ। ਫਿਲਮ ਦੀ ਕਹਾਣੀ ਅਮਰ ਹੁੰਦਲ ਵੱਲੋਂ ਲਿਖੀ ਗਈ ਹੈ। ਫਿਲਮ ਦੇ ਸੰਵਾਦ ਰਿਆਨ ਖਾਨ ਅਤੇ ਰਾਜ ਸਿੰਘ ਝਿੰਜਰ ਵੱਲੋਂ ਲਿਖੇ ਗਏ ਹਨ। ਟੀਮ ਨੇ ਦੱਸਿਆ ਕਿ ਮਿੱਟੀ ਦੇ ਪੁੱਤ ਪੰਜਾਬੀ ਸਿਨੇਮਾ ਨਾਲ ਜੁੜੀ ਇੱਕ ਅਜਿਹੀ ਪੇਸ਼ਕਸ਼ ਹੈ, ਜਿਸ ਰਾਹੀਂ ਦਰਸ਼ਕਾਂ ਤੱਕ ਪੰਜਾਬੀ ਮਿੱਟੀ, ਲੋਕ ਜੀਵਨ ਅਤੇ ਇਸ ਨਾਲ ਜੁੜੀਆਂ ਭਾਵਨਾਵਾਂ ਨੂੰ ਪਹੁੰਚਾਉਣ ਦਾ ਯਤਨ ਕੀਤਾ ਗਿਆ ਹੈ। ਸਤਲੁਜ ਪ੍ਰੈੱਸ ਕਲੱਬ ਵਿਖੇ ਪੁੱਜੇ ਕਲਾਕਾਰਾਂ ਵਿੱਚ ਦੇਵ ਖਰਾਤ, ਸ਼ਾਹਰੁਖ ਅਤੇ ਸ਼ਰਨ ਕੌਰ ਸਮੇਤ ਫਿਲਮ ਨਾਲ ਜੁੜੇ ਹੋਰ ਕਲਾਕਾਰ ਸ਼ਾਮਲ ਸਨ। ਇਸ ਮੌਕੇ ਫਿਲਮ ਦੇ ਗੀਤਾਂ ਨਾਲ ਜੁੜੀ ਗਾਇਕਾ ਤਨਵੀ ਸ਼ਰਮਾ ਵੀ ਮੌਜੂਦ ਰਹੀ। ਫਿਲਮ ਦੀ ਟੀਮ ਨੇ ਕਿਹਾ ਕਿ ਪੰਜਾਬੀ ਸਿਨੇਮਾ ਨੂੰ ਨਵੀਆਂ ਕਹਾਣੀਆਂ ਅਤੇ ਨਵੇਂ ਕਲਾਕਾਰਾਂ ਨਾਲ ਹੋਰ ਮਜ਼ਬੂਤ ਕਰਨ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਦਰਸ਼ਕਾਂ ਦਾ ਪਿਆਰ ਅਤੇ ਸਹਿਯੋਗ ਹੀ ਫਿਲਮ ਦੀ ਸਫਲਤਾ ਦਾ ਸਭ ਤੋਂ ਵੱਡਾ ਆਧਾਰ ਹੈ। ਇਸ ਮੌਕੇ ਸਤਲੁਜ ਪ੍ਰੈੱਸ ਕਲੱਬ ਦੇ ਅਹੁਦੇਦਾਰਾਂ ਅਤੇ ਪੱਤਰਕਾਰਾਂ ਵੱਲੋਂ ਫਿਲਮ ਦੀ ਟੀਮ ਦਾ ਸਵਾਗਤ ਕੀਤਾ ਗਿਆ। ਕਲੱਬ ਮੈਂਬਰਾਂ ਨੇ ਕਲਾਕਾਰਾਂ ਨਾਲ ਫਿਲਮ ਅਤੇ ਪੰਜਾਬੀ ਸਿਨੇਮਾ ਨਾਲ ਜੁੜੇ ਵੱਖ—ਵੱਖ ਪੱਖਾਂ ਬਾਰੇ ਵਿਚਾਰ—ਵਟਾਂਦਰਾ ਵੀ ਕੀਤਾ।

# ਸਮਾਜ ਸੇਵੀ ਕਾਰਜ ਕਰਨ ਬਦਲੇ ਮੈਡਮ ਮਨੀਸ਼ਾ ਦੇਵਾ ਦਾ ਕੀਤਾ ਸਨਮਾਨ



ਆਵਾਜ਼ਿ ਕੌਮ AWAZE QAUM International Newspaper & WEB TV

ਫ਼ਿਰੋਜ਼ਪੁਰ, 12 ਸਤੰਬਰ (ਮਨੋਹਰ ਲਾਲ) :— ਸੀਪੀ ਮੈਡਮ ਮਨੀਸ਼ਾ ਦੇਵਾ ਜੋ ਕੇ ਸਮਾਜ ਵਿੱਚ ਟੁਟ ਰਹੇ ਰਿਸ਼ਤਿਆਂ ਨੂੰ ਪਰਿਵਾਰਾ ਨੂੰ ਜੋੜ ਰਹੇ ਹਨ ਉਨ੍ਹਾਂ ਦੀ ਸਮਾਜ ਪ੍ਰਤੀ ਚੰਗੀ ਸੋਚ ਦਾ ਸਤਿਕਾਰ ਕਰਦੇ ਹੋਏ ਸ਼ਹੀਦ ਭਾਈ ਮਨੀ ਸਿੰਘ ਬਾਬਾ ਬਚਿੱਤਰ ਸਿੰਘ ਵੈਲਫੇਅਰ ਸੁਸਾਇਟੀ ਦੇ ਆਗੂ ਕੌਮੀ ਪ੍ਰਧਾਨ ਭਾਈ ਲਖਵਿੰਦਰ ਸਿੰਘ ਸਰਪੰਚ ਫੁਲਰਵੰਨੀਆ, ਜ਼ਿਲ੍ਹਾ ਮੀਤ ਪ੍ਰਧਾਨ ਭਾਈ ਸੁਖਵਿੰਦਰ ਸਿੰਘ ਸਫ਼ਰੀ, ਸਰਪੰਚ ਬਲਦੇਵ ਸਿੰਘ ਭੜੋਲੀਭੰਨ ਬਲਵਿੰਦਰ ਸਿੰਘ ਅਤੇ ਸਵਰਨ ਸਿੰਘ ਅਤੇ ਸਮੂਹ ਸੁਸਾਇਟੀ ਦੇ ਆਗੂਆਂ ਵੱਲੋਂ ਮੈਡਮ ਮਨੀਸ਼ਾ ਦੇਵਾ ਨੂੰ ਉਨ੍ਹਾਂ ਦੇ ਦਫ਼ਤਰ ਤਲਵੰਡੀ ਭਾਈ ਵਿਖੇ ਸਿਰੋਪਾਓ ਅਤੇ ਸਿਰੀ ਸਾਬ ਨਾਲ ਸਨਮਾਨਿਤ ਕੀਤਾ ਗਿਆ।

# ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵਲੋਂ ਗੜ੍ਹਸ਼ੰਕਰ ਵਿੱਚ ਵਿਸ਼ਾਲ ਰੋਸ ਮਾਰਚ ਉਪਰੰਤ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਦੇ ਘਰ ਦਾ ਘਿਰਾਓ

**ਹੁਸ਼ਿਆਰਪੁਰ, 12 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੀਆਂ ਮੁਲਾਜ਼ਮ ਤੇ ਪੈਨਸ਼ਨਰ ਜਥੇਬੰਦੀਆਂ ਦੇ ਸੰਘਰਸ਼ ਅਤੇ ਹਾਈ ਕੋਰਟ ਦੇ ਹੁਕਮਾਂ ਦੇ ਬਾਵਜੂਦ ਵੀ ਪੰਜਾਬ ਸਰਕਾਰ ਵਲੋਂ ਹੰਕਾਰੀ ਤੇ ਅੜੀਅਲ ਵਤੀਰਾ ਅਪਣਾਉਂਦੇ ਹੋਏ ਮੁਲਾਜ਼ਮਾਂ / ਪੈਨਸ਼ਨਰਾਂ ਨੂੰ ਡੀ.ਏ. ਦੀਆਂ ਕਿਸ਼ਤਾਂ ਨਾ ਜਾਰੀ ਕਰਨ ਤੇ ਹੋਰ ਅਹਿਮ ਮੰਗਾਂ ਨਾ ਮੰਨਣ ਅਤੇ ਮੁੱਖ ਮੰਤਰੀ ਵਲੋਂ ਦਿੱਤੀ ਮੀਟਿੰਗ ਤੋਂ ਖ਼ੁਦ ਹੀ ਭਗੌੜਾ ਹੋਣ ਉਪਰੰਤ ਮੁਲਾਜ਼ਮਾਂ ਖਿਲਾਫ ਕੂੜ ਪ੍ਰਚਾਰ ਵਿੱਢਣ ਅਤੇ ਬਦਲਾ ਲਊ ਭਾਵਨਾ ਤਹਿਤ ਮੁਲਾਜ਼ਮ ਆਗੂਆਂ ਦੀਆਂ ਬਦਲੀਆਂ ਕਰਨ ਵਿਰੁੱਧ ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਅਤੇ ਸਾਂਝਾ ਮੁਲਾਜ਼ਮ ਮੰਚ ਪੰਜਾਬ ਦੀ ਸਾਂਝੀ ਤਾਲਮੇਲ ਕਮੇਟੀ ਵਲੋਂ ਪੰਜਾਬ ਦੇ ਮੰਤਰੀਆਂ ਦੇ ਦਫਤਰਾਂ/ਘਰਾਂ ਦੇ ਘਿਰਾਓ ਦੇ ਸੱਦੇ ਤਹਿਤ ਜ਼ਿਲ੍ਹਾ ਹੁਸ਼ਿਆਰਪੁਰ ਅਤੇ ਨਵਾਂਸ਼ਹਿਰ ਦੇ ਹਜ਼ਾਰਾਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਪੰਜਾਬ ਦੇ ਕਨਵੀਨਰ ਕਮ ਕੋਆਰਡੀਨੇਟਰ ਸਤੀਸ਼ ਰਾਣਾ, ਸ਼ਿਵ ਕੁਮਾਰ ਤਿਵਾੜੀ, ਮੱਖਣ ਸਿੰਘ ਵਾਹਿਦਪੁਰੀ, ਅਮਰੀਕ ਸਿੰਘ, ਕੁਲਵਰਨ ਸਿੰਘ, ਸੁਰਿੰਦਰ ਕੁਮਾਰ ਪੁਆਰੀ, ਅਨੁਰਿਧ ਮੋਦਗਿਲ, ਜੈਲ ਸਿੰਘ, ਸੰਜੀਵ ਕੁਮਾਰ, ਜਸਵੀਰ ਤਲਵਾੜਾ, ਸੁਖਦੇਵ ਡਾਨਸੀਵਾਲ, ਨਿਰਮਲ ਸਿੰਘ ਹੁਸ਼ਿਆਰਪੁਰ, ਕਮਲਜੀਤ ਕੌਰ, ਸ਼ਕੁੰਤਲਾ ਦੇਵੀ ਦੀ ਅਗਵਾਈ ਵਿੱਚ ਬੱਸ ਸਟੈਂਡ ਗੜ੍ਹਸ਼ੰਕਰ ਵਿਖੇ ਵਿਸ਼ਾਲ ਇੱਕਠ ਉਪਰੰਤ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਦੀ ਰਿਹਾਇਸ਼ ਵੱਲ ਨੂੰ ਜਬਰਦਸਤ ਰੋਸ ਮਾਰਚ ਅਤੇ ਮੁਜ਼ਾਹਰਾ ਕੀਤਾ ਗਿਆ।ਜਿਸ ਵਿੱਚ ਵੱਡੀ ਗਿਣਤੀ ਮਿਡ ਡੇ ਮੀਲ, ਆਂਗਨਵਾੜੀ ਅਤੇ ਆਸ਼ਾ ਵਰਕਰਾਂ ਨੇ ਸ਼ਮੂਲੀਅਤ ਕੀਤੀ। ਰੋਸ ਮਾਰਚ ਅਤੇ ਮੁਜ਼ਾਹਰੇ ਵਿੱਚ ਸ਼ਾਮਿਲ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੇ ਆਪਣੀਆਂ ਜੱਥੇਬੰਦੀਆਂ ਦੇ ਝੰਡਿਆਂ ਦੇ ਨਾਲ਼ ਨਾਲ਼ ਰੋਸ ਦਾ ਪ੍ਰਗਟਾਵਾ ਕਰਨ ਲਈ ਕਾਲੇ ਝੰਡੇ ਵੀ ਚੁੱਕੇ ਹੋਏ ਸਨ ਜੋ ਕਿ ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਸਰਕਾਰ ਪ੍ਰਤੀ ਗਹਿਰੇ ਗੁੱਸੇ ਅਤੇ ਰੋਸ ਦਾ ਪ੍ਰਤੀਕ ਸਨ।

### ਕਿਰਪਾਨ ਦੀ ਮਰਯਾਦਾ ਨਾਲ ਸਮਝੌਤਾ ਨਹੀਂ

# 'ਯਾਰੀਆਂ-2' ਦੇ ਅਦਾਲਤੀ ਫ਼ੈਸਲੇ 'ਤੇ ਸ਼੍ਰੋਮਣੀ ਰਾਗੀ ਸਭਾ ਦਾ ਸਖ਼ਤ ਵਿਰੋਧ



ਨਵੀਂ ਦਿੱਲੀ 12 ਸੰਤਬਰ (ਮਨਪ੍ਰੀਤ ਸਿੰਘ ਖਾਲਸਾ):- 'ਯਾਰੀਆਂ-2' ਫ਼ਿਲਮ ਨਾਲ ਸਬੰਧਤ ਮਾਮਲੇ ਵਿੱਚ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵੱਲੋਂ ਦਿੱਤੇ ਫ਼ੈਸਲੇ ਦੇ ਪੈਰਾ ਨੰਬਰ 14 ਵਿੱਚ ਕਿਰਪਾਨ ਸਬੰਧੀ ਕੀਤੀ ਗਈ ਟਿੱਪਣੀ 'ਤੇ ਸ਼੍ਰੋਮਣੀ ਰਾਗੀ ਸਭਾ ਸ੍ਰੀ ਅੰਮ੍ਰਿਤਸਰ ਨੇ ਸਖ਼ਤ ਇਤਰਾਜ਼ ਅਤੇ ਨਿਖੇਧੀ ਪ੍ਰਗਟ ਕੀਤੀ ਹੈ। ਸਭਾ ਦੇ ਪ੍ਰਧਾਨ ਭਾਈ ਉਂਕਾਰ ਸਿੰਘ ਨੇ ਕਿਹਾ ਕਿ ਸਿੱਖ ਕੌਮ ਲਈ ਕਿਰਪਾਨ ਕੋਈ ਆਮ ਚੀਜ਼, ਫ਼ਿਲਮ ਦੀ ਸਜਾਵਟ ਜਾਂ ਕਲਾਕਾਰ ਦੇ ਪਹਿਰਾਵੇ ਦਾ ਹਿੱਸਾ ਨਹੀਂ, ਬਲਕਿ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਖ਼ਾਲਸਾ ਪੰਥ ਨੂੰ ਬਖ਼ਿਸ਼ਆ ਪਵਿੱਤਰ ਕਕਾਰ ਹੈ। ਇਸ ਨੂੰ ਕੇਵਲ ਮਨੋਰੰਜਨ ਜਾਂ ਕਲਾਤਮਕ ਪ੍ਰਗਟਾਵੇ ਦੇ ਪੈਮਾਨੇ ਨਾਲ ਦੇਖਣਾ ਸਿੱਖ ਧਰਮ ਦੀਆਂ ਮੂਲ ਭਾਵਨਾਵਾਂ ਅਤੇ ਇਤਿਹਾਸਕ ਸੱਚਾਈ ਨਾਲ ਇਨਸਾਫ਼ ਨਹੀਂ ਕਰਦਾ। ਕਿਰਪਾਨ ਉਸ ਗੁਰੂ ਦੀ ਨਿਸ਼ਾਨੀ ਹੈ ਜਿਸ ਨੇ ਮਨੁੱਖਤਾ, ਧਰਮ ਅਤੇ ਹੱਕ-ਸੱਚ ਦੀ ਰੱਖਿਆ ਲਈ ਆਪਣਾ ਸਰਬੰਸ ਵਾਰ ਦਿੱਤਾ। ਭਾਈ ਉਂਕਾਰ ਸਿੰਘ ਨੇ ਕਿਹਾ ਕਿ ਸਿੱਖ ਇਤਿਹਾਸ ਕਿਰਪਾਨ ਦੀ ਮਰਯਾਦਾ ਨੂੰ ਸਿਰਫ਼ ਸ਼ਬਦਾਂ ਨਾਲ ਨਹੀਂ, ਬਲਕਿ ਖ਼ੂਨ ਅਤੇ ਸ਼ਹਾਦਤਾਂ ਨਾਲ ਲਿਖਿਆ ਹੋਇਆ ਇਤਿਹਾਸ ਹੈ। ਬਾਬਾ ਦੀਪ ਸਿੰਘ ਜੀ, ਭਾਈ ਮਨੀ ਸਿੰਘ ਜੀ, ਭਾਈ ਤਾਰੂ ਸਿੰਘ ਜੀ, ਸਾਹਿਬਜ਼ਾਦਿਆਂ ਅਤੇ ਅਣਗਿਣਤ ਸਿੰਘਾਂ-ਸਿੰਘਣੀਆਂ ਨੇ ਧਰਮ ਅਤੇ ਮਨੁੱਖਤਾ ਦੀ ਰੱਖਿਆ ਲਈ ਅਕਹਿ ਤਸੀਹੇ ਸਹੇ ਅਤੇ ਸ਼ਹਾਦਤਾਂ ਦਿੱਤੀਆਂ। ਜਿਸ ਕਕਾਰ ਦੀ ਮਰਯਾਦਾ ਨਾਲ ਸਿੱਖ ਦੀ ਆਤਮਿਕ ਅਤੇ ਇਤਿਹਾਸਕ ਪਛਾਣ ਜੁੜੀ ਹੋਈ ਹੈ, ਉਸ ਨੂੰ ਫ਼ਿਲਮੀ ਦ੍ਰਿਸ਼ ਦਾ ਸਾਮਾਨ ਸਮਝਣਾ ਸਿੱਖਾਂ ਦੇ ਹਿਰਦਿਆਂ ਨੂੰ ਠੇਸ ਪਹੁੰਚਾਉਣ ਵਾਲੀ ਗੱਲ ਹੈ। ਸਭਾ ਨੇ ਸਪੱਸ਼ਟ ਕੀਤਾ ਕਿ ਅਦਾਲਤਾਂ ਦਾ ਸਤਿਕਾਰ ਆਪਣੀ ਥਾਂ ਹੈ, ਪਰ ਸਿੱਖ ਕੌਮ ਨੂੰ ਆਪਣੇ ਧਾਰਮਿਕ ਅਸੂਲਾਂ, ਕਕਾਰਾਂ ਅਤੇ ਭਾਵਨਾਵਾਂ ਬਾਰੇ ਆਪਣੀ ਅਸਹਿਮਤੀ ਦਰਜ ਕਰਵਾਉਣ ਦਾ ਪੂਰਾ ਅਧਿਕਾਰ ਹੈ। ਸ਼੍ਰੋਮਣੀ ਰਾਗੀ ਸਭਾ ਨੇ ਕਿਹਾ ਕਿ ਸਿੱਖ ਧਰਮ ਦੇ ਪੰਜ ਕਕਾਰਾਂ ਦੀ ਮਰਯਾਦਾ ਨੂੰ ਕਿਸੇ ਵੀ ਕੀਮਤ 'ਤੇ ਹਲਕਾ ਨਹੀਂ ਲਿਆ ਜਾ ਸਕਦਾ। ਜੇਕਰ ਕੋਈ ਵਿਅਕਤੀ ਧਾਰਮਿਕ ਕਕਾਰ ਦੀ ਵਰਤੋਂ ਉਸ ਦੀ ਮਰਯਾਦਾ ਅਤੇ ਧਾਰਮਿਕ ਸੰਦਰਭ ਤੋਂ ਹਟ ਕੇ ਕਰਦਾ ਹੈ ਤਾਂ ਇਸ ਨਾਲ ਸਿੱਖ ਸੰਗਤ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਣਾ ਸੁਭਾਵਿਕ ਹੈ। ਸ਼੍ਰੋਮਣੀ ਰਾਗੀ ਸਭਾ ਸ੍ਰੀ ਅੰਮ੍ਰਿਤਸਰ ਦੇ ਪ੍ਰਧਾਨ ਭਾਈ ਉਂਕਾਰ ਸਿੰਘ ਦੇ ਨਾਲ ਭਾਈ ਸ਼ੁਭਦੀਪ ਸਿੰਘ, ਭਾਈ ਅਮਨਦੀਪ ਸਿੰਘ, ਭਾਈ ਸਤਨਾਮ ਸਿੰਘ ਕੋਹਾੜਕਾ, ਭਾਈ ਕਾਰਜ ਸਿੰਘ, ਭਾਈ ਲਖਵਿੰਦਰ ਸਿੰਘ, ਭਾਈ ਗੁਰਵਿੰਦਰ ਸਿੰਘ ਅਨੰਦਪੁਰੀ, ਭਾਈ ਪਲਵਿੰਦਰ ਸਿੰਘ, ਭਾਈ ਸਤਿੰਦਰਬੀਰ ਸਿੰਘ, ਭਾਈ ਨਵਨੀਤ ਸਿੰਘ, ਭਾਈ ਕੰਵਲਦੀਪ ਸਿੰਘ, ਭਾਈ ਬਿਕਰਮਜੀਤ ਸਿੰਘ, ਭਾਈ ਕਰਨੈਲ ਸਿੰਘ ਅਤੇ ਭਾਈ ਗੁਰਕੀਰਤ ਸਿੰਘ ਨੇ ਸਾਂਝੇ ਤੌਰ 'ਤੇ ਕਿਹਾ ਕਿ ਕਿਰਪਾਨ ਸਿੱਖ ਦੀ ਸ਼ਾਨ, ਗੁਰੂ ਦੀ ਬਖ਼ਿਸ਼ਸ਼ ਅਤੇ ਸ਼ਹੀਦਾਂ ਦੀ ਅਮਾਨਤ ਹੈ—ਇਸ ਦੀ ਮਰਯਾਦਾ ਨੂੰ ਮਨੋਰੰਜਨ ਦੀ ਵਸਤੂ ਬਣਾਉਣ ਜਾਂ ਇਸ ਦੀ ਧਾਰਮਿਕ ਪਛਾਣ ਨੂੰ ਹਲਕਾ ਕਰਕੇ ਪੇਸ਼ ਕਰਨ ਦੀ ਕਿਸੇ ਵੀ ਕੋਸ਼ਿਸ਼ ਦਾ ਸਿੱਖ ਕੌਮ ਵੱਲੋਂ ਸ਼ਾਂਤਮਈ, ਜਮਹੂਰੀ ਅਤੇ ਕਾਨੂੰਨੀ ਢੰਗ ਨਾਲ ਡਟ ਕੇ ਵਿਰੋਧ ਕੀਤਾ ਜਾਵੇਗਾ। ਸਭਾ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ, ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸਮੂਹ ਸਿੱਖ ਜਥੇਬੰਦੀਆਂ ਨੂੰ ਅਪੀਲ ਕੀਤੀ ਕਿ ਕਿਰਪਾਨ ਦੀ ਮਰਯਾਦਾ ਸਬੰਧੀ ਕੀਤੀ ਗਈ ਇਸ ਟਿੱਪਣੀ ਵਿਰੁੱਧ ਇਕਜੁੱਟ ਹੋ ਕੇ ਸਖ਼ਤ ਤੇ ਸਪੱਸ਼ਟ ਵਿਰੋਧ ਦਰਜ ਕਰਵਾਇਆ ਜਾਵੇ। ਆਗੂਆਂ ਨੇ ਕਿਹਾ ਕਿ ਇਹ ਸਮਾਂ ਆਪਸੀ ਵਖਰੇਵਿਆਂ ਤੋਂ ਉੱਪਰ ਉੱਠ ਕੇ ਗੁਰੂ ਸਾਹਿਬ ਵੱਲੋਂ ਬਖ਼ਸ਼ੇ ਕਕਾਰਾਂ ਦੀ ਮਰਯਾਦਾ ਅਤੇ ਸਿੱਖ ਕੌਮ ਦੀਆਂ ਧਾਰਮਿਕ ਭਾਵਨਾਵਾਂ ਦੀ ਰਾਖੀ ਲਈ ਇੱਕ ਸਾਂਝੀ ਤੇ ਮਜ਼ਬੂਤ ਆਵਾਜ਼ ਬੁਲੰਦ ਕਰਨ ਦਾ ਹੈ। ਸਭਾ ਨੇ ਕਿਹਾ ਕਿ ਇਹ ਕਿਸੇ ਇੱਕ ਫ਼ਿਲਮ ਦਾ ਮਾਮਲਾ ਨਹੀਂ, ਸਗੋਂ ਸਿੱਖ ਧਾਰਮਿਕ ਪਛਾਣ ਅਤੇ ਕਕਾਰਾਂ ਦੀ ਮਰਯਾਦਾ ਨੂੰ ਸਮਝਣ ਦਾ ਸਵਾਲ ਹੈ। ਕਿਰਪਾਨ 'ਤੇ ਟਿੱਪਣੀ ਕਰਨ ਤੋਂ ਪਹਿਲਾਂ ਉਸ ਇਤਿਹਾਸ ਨੂੰ ਪੜ੍ਹਨਾ ਪਵੇਗਾ, ਜਿਸ ਇਤਿਹਾਸ ਵਿੱਚ ਸਿੱਖਾਂ ਨੇ ਆਪਣਾ ਖ਼ੂਨ ਵਹਾ ਕੇ ਇਸ ਮਰਯਾਦਾ ਨੂੰ ਜਿਉਂਦਾ ਰੱਖਿਆ ਹੈ।

**ਕਿਰਪਾਨ ਕੋਈ ਆਮ ਚੀਜ਼, ਫ਼ਿਲਮ ਦੀ ਸਜਾਵਟ ਜਾਂ ਕਲਾਕਾਰ ਦੇ ਪਹਿਰਾਵੇ ਦਾ ਹਿੱਸਾ ਨਹੀਂ, ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਖ਼ਾਲਸਾ ਪੰਥ ਨੂੰ ਬਖ਼ਿਸ਼ਆ ਪਵਿੱਤਰ ਕਕਾਰ ਹੈ**

### ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪ੍ਰਕਾਸ ਪੁਰਬ ਨੂੰ ਸਮਰਪਿਤ ਅਕਾਲੀ ਦਲ ਵਾਰਿਸ ਪੰਜਾਬ ਦੇ ਸੇਵਾਦਾਰ

# ਬਾਬਾ ਬਿਬੇਕ ਸਿੰਘ ਵੱਲੋਂ ਅੱਖਾਂ ਦਾ ਫ੍ਰੀ ਚੈਕਅਪ ਕੈਂਪ ਲਗਾਇਆ ਗਿਆ



**ਹਫਤੇ ਦੇ ਹਰ ਐਤਵਾਰ ਫ੍ਰੀ ਚੈਕਅੱਪ ਕੈਂਪ ਲਗਾਇਆ ਜਾਵੇਗਾ -ਬਾਬਾ ਬਿਬੇਕ ਸਿੰਘ**

**ਜੰਡਿਆਲਾ ਗੁਰੂ, 12 ਸਤੰਬਰ (ਕੁਲਵੰਤ ਸਿੰਘ ਵਿਰਦੀ** )-ਪੂਰੀ ਦੁਨੀਆਂ ਦੇ ਕਾਇਨਾਤ ਸ੍ਰਿਸ਼ਟੀ ਦੇ ਮਾਲਕ, ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ, ਜੰਡਿਆਲਾ ਗੁਰੂ ਵਿਖੇ ਗੁਰਦੁਆਰਾ ਨਾਨਕਸਰ ਠਾਠ, ਨਾਨਕਸਰ ਸਾਹਿਬ ਦੇ ਮੁੱਖ ਸੇਵਾਦਾਰ ਅਤੇ ਜੰਡਿਆਲਾ ਗੁਰੂ ਹਲਕੇ ਤੋਂ ਅਕਾਲੀ ਦਲ ਵਾਰਿਸ ਪੰਜਾਬ ਦੇ ਜਥੇਬੰਦੀ ਦੇ ਮੁੱਖ ਸੇਵਾਦਾਰ ਬਾਬਾ ਬਿਬੇਕ ਸਿੰਘ ਜੀ ਵੱਲੋਂ, ਅੱਖਾਂ ਤਾਂ ਫਰੀ ਮੈਡੀਕਲ ਕੈਂਪ ਲਗਵਾਇਆ ਗਿਆ ਇਸ ਮੌਕੇ, ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਬਾਬਾ ਬਿਬੇਕ ਸਿੰਘ ਨੇ ਦੱਸਿਆ ਕਿ, ਇਸ ਕੈਂਪ ਤੋਂ ਪਹਿਲਾਂ ਵੀ ਲੋਕ ਭਲਾਈ ਦੇ ਅਨੇਕਾਂ ਕੰਮ ਕੀਤੇ ਜਾ ਚੁੱਕੇ ਹਨ ਪਰ ਇਸ ਵਾਰ, ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਮਨ ਵਿੱਚ ਇਹ ਵਿਚਾਰ ਆਇਆ ਕਿ ਅੱਖਾਂ ਦਾ ਵੀ ਪ੍ਰਕਾਸ਼ ਇੱਕ ਪ੍ਰਕਾਸ਼ ਹੁੰਦਾ ਹੈ। ਜਿਵੇਂ ਇੱਕ ਅਖਾਣ ਵੀ ਹੈ ਕਿ ਅੱਖਾਂ ਗਈਆਂ ਜਹਾਨ ਗਿਆ, ਅਤੇ ਨੇਤਰਦਾਨ ਇੱਕ ਮਹਾਂਦਾਨ ਹੈ।,ਇਸ ਲਈ ਇਸ ਵਾਰ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਅੱਖਾਂ ਦਾ ਫਰੀ ਮੈਡੀਕਲ ਕੈਂਪ ਗੁਰਦੁਆਰਾ ਨਾਨਕਸਰ ਠਾਠ ਜੰਡਿਆਲਾ ਗੁਰੂ ਵਿਖੇ ਲਗਾਇਆ, ਗਿਆ।, ਇਸ ਕੈਂਪ ਵਿੱਚ ਲੋਕ ਦੂਰੋ ਦੂਰੋ ਆਪਣੀ ਅੱਖਾ ਦਾ ਚੈਕ ਅਪ ਕਰਾਉਣ ਲਈ ਆਏ ਇਸ ਕੈਂਪ ਵਿੱਚ ਡਾਕਟਰ ਸ਼ੌਕੀਨ ਅੰਮ੍ਰਿਤਸਰ ਸਥਿਤ ਮਸ਼ਹੂਰ ਹਸਪਤਾਲ ਆਈ ਡੈਂਟਲ ਤੋ ਡਾਕਟਰਾ ਦੀ ਸਪੈਸਲ ਟੀਮ ਨੇ ਸਿਰਕਤ ਕੀਤੀ ਇਸ ਮੌਕੇ ਡਾਕਟਰਾਂ ਨੇ ਜਾਣਕਾਰੀ ਦਿੰਦੇ ਦੱਸਿਆ ਕਿ, ਇਸ ਕੈਂਪ ਵਿੱਚ ਮਰੀਜਾ ਨੂੰ ਫਰੀ ਐਨਕਾਂ ਦਾਰੂ ਦਵਾਈਆਂ ਦਿੱਤੀਆਂ ਗਈਆਂ ਹਨ, ਅਤੇ ਜਿੰਨਾ ਮਰੀਜ਼ਾਂ ਦਾ ਅੱਖਾਂ ਦਾ ਅਪਰੇਸ਼ਨ ਹੋਣਾ ਹੈ ਉਹਨਾਂ ਨੂੰ ਅਗਲੇ ਕੁਝ ਦਿਨਾਂ ਵਾਸਤੇ ਤਰੀਕ ਦੇ ਦਿੱਤੀ ਗਈ ਹੈ। ਅਤੇ ਉਹ ਦਿੱਤੀ ਹੋਈ ਤਰੀਕ ਨੂੰ ਆਪਣਾ ਫਰੀ ਅਪਰੇਸ਼ਨ ਵੀ ਅੰਮ੍ਰਿਤਸਰ ਸਥਿਤ ਹਸਪਤਾਲ ਤੋਂ ਕਰਾ ਸਕਦੇ ਹਨ।, ਬਾਬਾ ਬਿਬੇਕ ਸਿੰਘ ਜੀ ਨੇ ਗੱਲਬਾਤ ਦੌਰਾਨ ਦੱਸਿਆ ਕਿ ਆਉਣ ਵਾਲੇ ਕੁਝ ਦਿਨਾਂ ਤੱਕ ਸੰਗਤਾਂ ਦੇ ਸਹਿਯੋਗ ਨਾਲ ਗੁਰਦੁਆਰਾ ਨਾਨਕਸਰ ਸਾਹਿਬ ਵਿਖੇ ਨਿਵੇਕਲਾ ਉਪਰਾਲਾ ਕੀਤਾ ਜਾ ਰਿਹਾ ਹੈ ਇਸ ਉਪਰਾਲੇ ਵਿੱਚ ਹਰ ਐਤਵਾਰ ਨੂੰ ਗੁਰਦੁਆਰਾ ਸਾਹਿਬ ਵਿਖੇ ਇੱਕ ਫਰੀ ਮੈਡੀਕਲ ਕੈਂਪ ਲਗਾਇਆ ਜਾਵੇਗਾ ਜਿਸ ਵਿੱਚ ਹਰ ਤਰ੍ਹਾਂ ਦੇ ਮਰੀਜ਼ਾਂ ਨੂੰ ਫਰੀ ਦਵਾਈਆਂ ਦਿੱਤੀਆਂ ਜਾਣਗੀਆਂ, ਅਤੇ ਫਰੀ ਚੈੱਕਅਪ ਕੀਤਾ ਜਾਵੇਗਾ ਇਸ ਮੌਕੇ ਤੇ ਡਾਕਟਰ,ਠਾਕੁਰ ਸਦਾਮਾ ਜੀ, ਡਾਕਟਰ ਰਣਜੀਤ ਸਿੰਘ,ਤੋ ਇਲਾਵਾ ਬਾਂਬਾ ਬਿਬੇਕ ਸਿੰਘ, ਮੁੱਖ ਸੇਵਾਦਾਰ ਅਕਾਲੀ ਦਲ ਵਾਰਿਸ ਪੰਜਾਬ ਦੇ ਮੁੱਖ ਸੇਵਾਦਾਰ ਹਲਕਾ ਜੰਡਿਆਲਾ ਗੁਰੂ, ,ਭਾਈ ਅਮਰੀਕ ਸਿੰਘ ਬਿੱਟਾ, ਅਕਾਲੀ ਦਲ ਵਾਰਿਸ ਪੰਜਾਬ ਦੇ ਜੰਡਿਆਲਾ ਗੁਰੂ, ਦਲੀਪ ਸਿੰਘ ਏਕਲਗੱਡਾ,ਹਰਕੀਰਤ ਸਿੰਘ, ਅੰਮ੍ਰਿਤਪਾਲ ਸਿੰਘ,ਗੁਰਨਾਮ ਸਿੰਘ, ਡਾਕਟਰ ਗਗਨਦੀਪ ਸਿੰਘ ਮੈਡੀਕਲ ਸਟੋਰ ਵਾਲੇ,ਡਾ ਮੁਨਿੰਦਰ ਸਿੰਘ ਹਨੀ,ਰਣਜੋਧ ਸਿੰਘ, ਸਰਬਜੀਤ ਸਿੰਘ,ਦਿਲਸੇਰ ਸਿੰਘ,ਬਾਬੂ ਸਿੰਘ, ਮਨਪ੍ਰੀਤ ਸਿੰਘ ਮਨੀ, ਸੇਵਾਦਾਰ ਹਰਪ੍ਰੀਤ ਸਿੰਘ, ਪ੍ਰਤਾਪ ਸਿੰਘ, ਅਤੇ ਜੈਰਾਮ ਸਿੰਘ ਤੋ ਇਲਾਵਾ ਹੋਰ ਵੀ ਸੇਵਾਦਾਰ ਹਾਜਿਰ ਸਨ ਇਸ ਮੌਕੇ ਆਏ ਹੋਏ ਮਰੀਜ਼ਾਂ ਵਾਸਤੇ ਲੰਗਰ ਦਾ ਵੀ ਪ੍ਰਬੰਧ ਕੀਤਾ ਗਿਆ

# ਜ਼ਿਲ੍ਹਾ ਪੱਧਰੀ ਉੱਡਣ ਦਸਤੇ ਵੱਲੋਂ ਖਾਦ, ਬੀਜ ਅਤੇ ਦਵਾਈਆਂ ਦੇ ਵਿਕਰੇਤਾਵਾਂ ਦੀ ਅਚਨਚੇਤ ਚੈਕਿੰਗ



**ਜੰਡਿਆਲਾ ਗੁਰੂ 12 ਸਤੰਬਰ:( ਕੁਲਵੰਤ ਸਿੰਘ ਵਿਰਦੀ** )-ਮਾਣਯੋਗ ਖੇਤੀਬਾੜੀ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਅਤੇ ਡਾਇਰੈਕਟਰ ਖੇਤੀਬਾੜੀ, ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪੰਜਾਬ ਸ੍ਰੀ ਗੁਰਜੀਤ ਸਿੰਘ ਬਰਾੜ ਦੇ ਦਿਸ਼ਾ-ਨਿਰਦੇਸ਼ਾਂ ਅਤੇ ਮੁੱਖ ਖੇਤੀਬਾੜੀ ਅਫ਼ਸਰ, ਅੰਮ੍ਰਿਤਸਰ ਸ੍ਰੀ ਅਮਰਜੀਤ ਸਿੰਘ ਦੋਸਾਂਝ ਦੀ ਅਗਵਾਈ ਹੇਠ ਅੱਜ ਮਿਤੀ 12.09.2026 ਨੂੰ ਜ਼ਿਲ੍ਹਾ ਪੱਧਰ 'ਤੇ ਗਠਿਤ ਉੱਡਣ ਦਸਤੇ ਵੱਲੋਂ ਕਿਸਾਨਾਂ ਨੂੰ ਮਿਆਰੀ ਖੇਤੀਬਾੜੀ ਇਨਪੁੱਟਸ ਮੁਹੱਈਆ ਕਰਵਾਉਣ ਦੇ ਮੰਤਵ ਨਾਲ ਜ਼ਿਲ੍ਹੇ ਅੰਦਰ ਵੱਖ-ਵੱਖ ਵਿਕਰੇਤਾਵਾਂ ਦੀ ਅਚਨਚੇਤ ਚੈਕਿੰਗ ਕੀਤੀ ਗਈ ।ਚੈਕਿੰਗ ਦੌਰਾਨ ਅਧਿਕਾਰੀਆਂ ਵੱਲੋਂ ਡੀਲਰਾਂ ਦੇ ਲਾਇਸੈਂਸ, ਸਟਾਕ ਰਜਿਸਟਰ, ਵਿਕਰੀ ਰਿਕਾਰਡ ਅਤੇ ਹੋਰ ਜ਼ਰੂਰੀ ਦਸਤਾਵੇਜ਼ਾਂ ਦੀ ਜਾਂਚ ਕੀਤੀ ਗਈ। ਇਸ ਤੋਂ ਇਲਾਵਾ ਦੁਕਾਨਾਂ ਵਿੱਚ ਉਪਲਬਧ ਬੀਜ, ਖਾਦ ਅਤੇ ਕੀਟਨਾਸ਼ਕਾਂ ਦੇ ਸਟਾਕ ਅਤੇ ਉਨ੍ਹਾਂ ਦੀ ਵਿਕਰੀ ਸਬੰਧੀ ਰਿਕਾਰਡ ਦੀ ਵੀ ਪੜਤਾਲ ਕੀਤੀ ਗਈ ।ਅਧਿਕਾਰੀਆਂ ਵੱਲੋਂ ਸਮੂਹ ਡੀਲਰਾਂ ਨੂੰ ਸਖ਼ਤ ਹਦਾਇਤ ਕੀਤੀ ਗਈ ਕਿ ਉਹ ਕਿਸਾਨਾਂ ਨੂੰ ਸਿਰਫ਼ ਅਧਿਕਾਰਤ, ਮਿਆਰੀ ਅਤੇ ਮਨਜ਼ੂਰਸ਼ੁਦਾ ਖੇਤੀਬਾੜੀ ਸਮੱਗਰੀ ਹੀ ਮੁਹੱਈਆ ਕਰਵਾਉਣ। ਹਰ ਵਿਕਰੀ ਦਾ ਪੱਕਾ ਬਿੱਲ ਜਾਰੀ ਕਰਨ ਅਤੇ ਕਿਸਾਨਾਂ ਨੂੰ ਖਰੀਦੀ ਗਈ ਸਮੱਗਰੀ ਸਬੰਧੀ ਲੋੜੀਂਦੀ ਜਾਣਕਾਰੀ ਦੇਣ ਲਈ ਵੀ ਕਿਹਾ ਗਿਆ ।ਅਧਿਕਾਰੀਆਂ ਨੇ ਦੱਸਿਆ ਕਿ ਪੰਜਾਬ ਸਰਕਾਰ ਕਿਸਾਨਾਂ ਦੇ ਹਿੱਤਾਂ ਦੀ ਰਾਖੀ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਇਸੇ ਤਹਿਤ ਖੇਤੀਬਾੜੀ ਵਿਭਾਗ ਵੱਲੋਂ ਭਵਿੱਖ ਵਿੱਚ ਵੀ ਅਜਿਹੀਆਂ ਅਚਨਚੇਤ ਚੈਕਿੰਗਾਂ ਲਗਾਤਾਰ ਜਾਰੀ ਰੱਖੀਆਂ ਜਾਣਗੀਆਂ, ਤਾਂ ਜੋ ਕਿਸਾਨਾਂ ਨੂੰ ਮਿਆਰੀ ਖਾਦ, ਬੀਜ ਅਤੇ ਖੇਤੀਬਾੜੀ ਦਵਾਈਆਂ ਦੀ ਉਪਲਬਧਤਾ ਯਕੀਨੀ ਬਣਾਈ ਜਾ ਸਕੇ ।ਉਨ੍ਹਾਂ ਸਮੂਹ ਵਿਕਰੇਤਾਵਾਂ ਨੂੰ ਹਦਾਇਤ ਕੀਤੀ ਕਿ ਖਾਦ, ਬੀਜ ਅਤੇ ਦਵਾਈਆਂ ਦੇ ਸਟਾਕ ਰਜਿਸਟਰ, ਬਿੱਲ ਬੁੱਕ ਅਤੇ ਸਬੰਧਤ ਐਕਟਾਂ ਅਧੀਨ ਲੋੜੀਂਦਾ ਸਾਰਾ ਰਿਕਾਰਡ ਠੀਕ ਢੰਗ ਨਾਲ ਰੱਖਿਆ ਜਾਵੇ। ਖਾਦ ਦੇ ਨਾਲ ਕਿਸੇ ਹੋਰ ਕਿਸਮ ਦੀ ਵਸਤੂ ਦੀ ਟੈਗਿੰਗ ਨਾ ਕਰਨ ਅਤੇ ਖਾਦਾਂ ਦੀ ਵਿਕਰੀ ਸਰਕਾਰ ਵੱਲੋਂ ਨਿਰਧਾਰਤ ਕੰਟਰੋਲ ਰੇਟਾਂ ਅਨੁਸਾਰ ਕਰਨ ਦੀ ਵੀ ਸਖ਼ਤ ਹਦਾਇਤ ਕੀਤੀ ਗਈ ।ਅਧਿਕਾਰੀਆਂ ਨੇ ਕਿਹਾ ਕਿ ਜੇਕਰ ਕਿਸੇ ਵੀ ਵਿਕਰੇਤਾ ਵੱਲੋਂ ਗੈਰ-ਮਿਆਰੀ ਸਮੱਗਰੀ ਵੇਚਣ, ਬਿਨਾਂ ਬਿੱਲ ਸਮੱਗਰੀ ਦੇਣ ਜਾਂ ਨਿਰਧਾਰਤ ਨਿਯਮਾਂ ਦੀ ਉਲੰਘਣਾ ਕਰਨ ਸਬੰਧੀ ਕੋਈ ਮਾਮਲਾ ਸਾਹਮਣੇ ਆਉਂਦਾ ਹੈ ਤਾਂ ਸਬੰਧਤ ਨਿਯਮਾਂ ਅਤੇ ਐਕਟਾਂ ਅਨੁਸਾਰ ਬਣਦੀ ਕਾਰਵਾਈ ਕੀਤੀ ਜਾਵੇਗੀ ।ਇਸ ਮੌਕੇ ਸ੍ਰੀ ਬਲਵਿੰਦਰ ਸਿੰਘ ਛੀਨਾ, ਖੇਤੀਬਾੜੀ ਅਫ਼ਸਰ, ਚੋਗਾਵਾਂ; ਸ੍ਰੀ ਹਰਭਿੰਦਰ ਸਿੰਘ, ਬਲਾਕ ਖੇਤੀਬਾੜੀ ਅਫ਼ਸਰ, ਮਜੀਠਾ; ਸ੍ਰੀ ਗੁਰਬਾਜ ਸਿੰਘ, ਖੇਤੀਬਾੜੀ ਵਿਕਾਸ ਅਫ਼ਸਰ, ਵੇਰਕਾ (ਪੀ.ਪੀ.); ਸ੍ਰੀ ਗੁਰਜੀਤ ਸਿੰਘ, ਖੇਤੀਬਾੜੀ ਵਿਕਾਸ ਅਫ਼ਸਰ, ਵੇਰਕਾ ਅਤੇ ਸ੍ਰੀ ਮਨਜੀਤ ਸਿੰਘ, ਖੇਤੀਬਾੜੀ ਉਪ ਨਿਰੀਖਕ (ਪੀ.ਪੀ.) ਵੀ ਹਾਜ਼ਰ ਸਨ।

## ਖਾਲਸਾ ਅਕੈਡਮੀ ਵਿਖੇ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪ੍ਰਕਾਸ਼ ਦਿਹਾੜਾ ਮਨਾਇਆ ਗਿਆ



**ਜੰਡਿਆਲਾ ਗੁਰੂ, 12 ਸਤੰਬਰ (ਕੁਲਵੰਤ ਸਿੰਘ ਵਿਰਦੀ)**-ਖਾਲਸਾ ਅਕੈਡਮੀ ਦੇ ਮੁਖੀ ਭਾਈ ਮਲਕੀਤ ਸਿੰਘ ਜੀ ਦੀ ਸਰਪ੍ਰਸਤੀ ਹੇਠ ਸੇਵਾ ਸੰਸਥਾ ਯੂ.ਕੇ. ਵੱਲੋਂ ਚਲਾਏ ਜਾ ਰਹੇ ਵਿਦਿਅਕ ਅਦਾਰੇ ਸੰਤ ਬਾਬਾ ਗੁਰਬਖਸ਼ ਸਿੰਘ ਜੀ ਖਾਲਸਾ ਅਕੈਡਮੀ ਦੇ ਵਿਦਿਆਰਥੀਆਂ, ਅਧਿਆਪਕ ਸਾਹਿਬਾਨ ਅਤੇ ਮੈਨੇਜਮੈਂਟ ਕਮੇਟੀ ਵੱਲੋਂ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਦਿਹਾੜਾ ਮਨਾਇਆ ਗਿਆ । ਜਿਸ ਵਿੱਚ ਉਸਤਾਦ ਭਾਈ ਬੁੱਧਾ ਸਿੰਘ, ਉਹਨਾਂ ਦੇ ਸਾਥੀ ਨਿਰਮਲ ਸਿੰਘ ਅਤੇ ਵਿਦਿਆਰਥੀ ਸਾਥੀਆਂ ਨੇ ਕੀਰਤਨ ਕਰਕੇ ਸਰਬੱਤ ਸੰਗਤਾਂ ਨੂੰ ਨਿਹਾਲ ਕੀਤਾ। ਭਾਈ ਤੇਜਬੀਰ ਸਿੰਘ ਜੀ ਨੇ ਸੰਗਤਾਂ ਨੂੰ ਗੁਰੂ ਸਾਹਿਬ ਜੀ ਦੀ ਸੰਭਾਲ ਤੋਂ ਪ੍ਰਕਾਸ਼ ਤੱਕ ਦੇ ਇਤਿਹਾਸ ਬਾਰੇ ਚਾਨਣਾ ਪਾਇਆ। ਇਸ ਮੌਕੇ ਅਕੈਡਮੀ ਦੇ ਮੁੱਖ ਸੰਚਾਲਕ ਭਾਈ ਮਲਕੀਤ ਸਿੰਘ ਜੀ ਨੇ ਸਰਬੱਤ ਸੰਗਤਾਂ ਨੂੰ ਗੁਰਬਾਣੀ ਨਾਲ ਪਿਆਰ ਤੇ ਸਤਿਕਾਰ ਬਾਰੇ ਦੱਸਿਆ। ਪ੍ਰਿੰਸੀਪਲ ਸੁਖਦੀਪਜੀਤ ਸਿੰਘ ਅਤੇ ਸੁਪਰਡੈਂਟ ਗੁਰਬਿੰਦਰ ਸਿੰਘ ਨੇ ਅਕੈਡਮੀ ਦੇ ਸਾਰੇ ਪਰਿਵਾਰ ਨੂੰ ਵਧਾਈਆਂ ਦਿੱਤੀਆਂ ਅਤੇ ਸਾਰੇ ਸਟਾਫ ਨੂੰ ਗੁਰਬਾਣੀ ਪਲੇਕਾਰਡ ਭੇਟ ਕੀਤੇ ।ਇਨ੍ਹਾਂ ਪ੍ਰਕਾਸ਼ ਦਿਹਾੜੇ ਦੇ ਸਮਾਗਮਾਂ ਸਮੇਂ ਭਾਈ ਸਤਵੰਤ ਸਿੰਘ, ਡਾਕਟਰ ਭਾਈ ਹਰਜੀਤ ਸਿੰਘ, ਭਾਈ ਸੁਖਚੈਨ ਸਿੰਘ, ਭਾਈ ਸੁਖਦੇਵ ਸਿੰਘ, ਭਾਈ ਅਮਰੀਕ ਸਿੰਘ, ਭਾਈ ਹਰਮਨਪ੍ਰੀਤ ਸਿੰਘ, ਭਾਈ ਅਰਜਨ ਸਿੰਘ ਅਤੇ ਭਾਈ ਅਮਨਦੀਪ ਸਿੰਘ ਵੀ ਹਾਜ਼ਰ ਸਨ।

## "ਯੂਥ ਵਲੰਟੀਅਰ ਐਵਾਰਡਜ਼-2026"ਸਮਾਗਮ 19 ਸਤੰਬਰ ਨੂੰ ਹੁਸ਼ਿਆਰਪੁਰ 'ਚ ਹੋਵੇਗਾ

**ਹੁਸ਼ਿਆਰਪੁਰ,12 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਕੇਅਰਨੈੱਸ ਐਂਡ ਅਵੇਰਨੈੱਸ ਵੈਲਫੇਅਰ ਸੁਸਾਇਟੀ (ਰਜਿ.) ਅਤੇ ਰਿਸ਼ੀ ਫਾਊਂਡੇਸ਼ਨ (ਰਜਿ.) ਦੋ ਸੰਸਥਾਵਾਂ ਆਪਸੀ ਤਾਲਮੇਲ ਰਾਹੀਂ ਸਾਂਝੇ ਤੌਰ 'ਤੇ 'ਯੂਥ ਵਲੰਟੀਅਰ ਅਵਾਰਡਸ 2026' ਦਾ ਆਯੋਜਨ ਕਰਨ ਜਾ ਰਹੇ ਹਨ। ਇਨ੍ਹਾਂ ਅਵਾਰਡਾਂ ਦਾ ਉਦੇਸ਼ ਵੱਖ-ਵੱਖ ਖੇਤਰਾਂ ਵਿੱਚ ਕੀਮਤੀ ਯੋਗਦਾਨ ਪਾਉਣ ਅਤੇ ਪ੍ਰਾਪਤੀਆਂ ਹਾਸਲ ਕਰਨ ਵਾਲੇ ਨੌਜਵਾਨਾਂ ਦੀ ਪਛਾਣ ਕਰਨਾ ਅਤੇ ਉਨ੍ਹਾਂ ਨੂੰ ਸਨਮਾਨਿਤ ਕਰਨਾ ਹੈ। ਇਸ ਪਹਿਲਕਦਮੀ ਦਾ ਮਨੋਰਥ ਨੌਜਵਾਨਾਂ ਨੂੰ ਸਮਾਜ ਅਤੇ ਭਾਈਚਾਰੇ ਦੇ ਵਿਕਾਸ ਵਿੱਚ ਸਰਗਰਮ ਯੋਗਦਾਨ ਪਾਉਣ ਲਈ ਉਤਸ਼ਾਹਿਤ, ਪ੍ਰੇਰਿਤ ਕਰਨਾ ਅਤੇ ਉਨ੍ਹਾਂ ਦਾ ਹੌਸਲਾ ਵਧਾਉਣਾ ਹੈ ।"ਯੂਥ ਵਲੰਟੀਅਰ ਐਵਾਰਡਜ਼-2026", ਇਸ ਰਾਜ ਪੱਧਰੀ ਪੁਰਸਕਾਰ ਸਮਾਗਮ ਦਾ ਆਯੋਜਨ 19 ਸਤੰਬਰ 2026, ਦਿਨ ਸ਼ਨੀਵਾਰ ਨੂੰ ਹੁਸ਼ਿਆਰਪੁਰ ਵਿਖੇ ਹੋਵੇਗਾ ਜਿਸ ਵਿੱਚ ਪ੍ਰੋ: ਜਗਮੋਹਣ ਸਿੰਘ (ਭਾਣਜਾ ਸ਼ਹੀਦ ਭਗਤ ਸਿੰਘ) ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਣਗੇ। ਇਹ ਪੁਰਸਕਾਰ ਚਾਰ ਸ਼੍ਰੇਣੀਆਂ- ਸਮਾਜ ਸੇਵਾ, ਸਿੱਖਿਆ, ਖੇਡਾਂ, ਕਲਾ ਅਤੇ ਸੱਭਿਆਚਾਰ ਆਦਿ ਲਈ ਦਿੱਤੇ ਜਾਣਗੇ। ਪੁਰਸਕਾਰ ਜੇਤੂਆਂ ਨੂੰ 5100/- ਰੁਪਏ ਨਕਦ ਰਾਸ਼ੀ ਅਤੇ ਸਨਮਾਨ-ਪੱਤਰ ਦੇ ਕੇ ਸਨਮਾਨਿਤਾ ਕੀਤਾ ਜਾਵੇਗਾ। ਇੱਥੇ ਜ਼ਿਕਰਯੋਗ ਹੈ ਕਿ ਪੂਰੇ ਪੰਜਾਬ ਵਿੱਚੋਂ ਇਨ੍ਹਾਂ ਪੁਰਸਕਾਰਾਂ ਲਈ ਨਾਮਜ਼ਦਗੀਆਂ ਦੀ ਮੰਗ ਕੀਤੀ ਗਈ ਸੀ, ਜਿਸਨੂੰ ਭਰਵਾਂ ਹੁੰਗਾਰਾ ਮਿਲਿਆ।

## 13 ਸਤੰਬਰ 1944 ਵਾਲੇ ਦਿਨ ਸਿੱਖਾਂ ਦੇ ਹਰਿਆਵਲ ਦਸਤੇ

# ਆਲ ਇੰਡੀਆ ਸਿੱਖ ਸਟੂਡੈਂਟ ਫੈਡਰੇਸ਼ਨ ਦੀ ਲਾਹੌਰ ਵਿੱਚ ਸਥਾਪਨਾ ਕੀਤੀ ਗਈ

ਗੁਰਦੀਪ ਸਿੰਘ ਜਗਬੀਰ (ਡਾ.)

ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ, ਸਕੂਲੀ ਅਤੇ ਕਾਲਜੀ ਵਿਦਿਆਰਥੀਆਂ ਵਲੋਂ ਬਣਾਈ ਗਈ ਇਕ ਸਿੱਖ ਵਿਦਿਆਰਥੀ ਜਥੇਬੰਦੀ ਹੈ। ਇਹ ਜਥੇਬੰਦੀ ਸਿੱਖੀ ਦੀਆਂ ਬਹੁਮੁੱਲੀ ਕਦਰਾਂ-ਕੀਮਤਾਂ ਅਤੇ ਵਡਮੁੱਲੇ ਸਿਧਾਂਤਾ ਨੂੰ ਪ੍ਰਫੁੱਲਤ ਕਰਨ ਦੇ ਲਈ ਅਤੇ ਸਿੱਖਾਂ ਨੂੰ ਧਾਰਮਿਕ ਅਤੇ ਰਾਜਨੀਤਕ ਪੱਖੋਂ ਇਨਸਾਫ ਮਿਲ ਸਕੇ, ਇਸ ਸੋਚ ਦੇ ਨਾਲ ਬਣਾਈ ਗਈ ਸੀ।

ਆਲ ਇੰਡੀਆ ਸਿਖ ਸਟੂਡੈਂਟਸ ਫੈਡਰੇਸ਼ਨ ਦਾ ਮੈਂਬਰ ਬਣਨ ਦੇ ਲਈ ਉਹੀ ਵਿਦਿਆਰਥੀ ਯੋਗ ਹੋ ਸਕਦਾ ਹੈ ਜਿਹੜਾ ਦਸ ਗੁਰੂ ਸਾਹਿਬਾਨਾਂ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੀਆਂ ਸਿੱਖਿਆਵਾਂ ਦੀ ਪਾਲਣਾ ਕਰਦਾ ਹੈ ਸੋ ਲਾਜ਼ਮੀਂ ਤੌਰ ਤੇ ਕੋਈ ਵੀ ਵਿਦਿਆਰਥੀ ਜੋ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਸਿੱਖਿਆਵਾਂ ਦਾ ਪਾਲਣ ਕਰਦਾ ਹੈ ਅਤੇ ਸਿੱਖੀ ਦੇ ਸਿਧਾਂਤਾਂ ' ਤੇ ਪਹਿਰਾ ਦਿੰਦਾ ਹੈ, ਉਹ ਭਾਵੇਂ ਕਿਸੇ ਵੀ ਵਿਦਿਅਕ ਅਦਾਰੇ ਦਾ ਵਿਦਿਆਰਥੀ ਹੋਵੇ, ਉਹ ਆਲ ਇੰਡੀਆ ਸਿਖ ਸਟੂਡੈਂਟਸ ਫੈਡਰੇਸ਼ਨ ਦਾ ਮੈਂਬਰ ਬਣ ਸਕਦਾ ਹੈ।

ਆਲ ਇੰਡੀਆ ਸਿਖ ਸਟੂਡੈਂਟਸ ਫੈਡਰੇਸ਼ਨ ਨੂੰ ਸਿੱਖ ਪੰਥ ਦਾ ਹਰਿਆਵਲ ਦਸਤਾ ਆਖਿਆ ਜਾਂਦਾ ਹੈ।ਜਿਸ ਦੀ ਸਥਾਪਨਾ ਭਾਈ ਸਾਹਿਬ ਸਰਦਾਰ ਅਮਰ ਸਿੰਘ ਜੀ ਅੰਬਾਲਵੀ ਦੀ ਪਹਿਲ ਕਦਮੀਆਂ ਸਦਕਾ 13 ਸਤੰਬਰ 1944 ਨੂੰ ਹੋਈ ਸੀ ਅਤੇ ਸਰਦਾਰ ਸਰੂਪ ਸਿੰਘ ਜੀ ਇਸ ਦੇ ਪਹਿਲੇ ਪ੍ਰਧਾਨ ਥਾਪੇ ਗਏ ਸਨ। ਫੈਡਰੇਸ਼ਨ ਦੀ ਪਹਿਲੀ ਮੀਟਿੰਗ ਲਹੌਰ ਵਿੱਖੇ ਹੋਈ ਜਿਸ ਦੌਰਾਨ ਇਸ ਜਥੇਬੰਦੀ ਵਲੋਂ ਪੰਜ ਮੁੱਖ ਨਿਸ਼ਾਨੇ ਮਿਥਦਿਆਂ ਹੋਇਆਂ ਕੁੱਝ ਅਹਿਮ ਫ਼ੈਸਲੇ ਵੀ ਲਏ ਗਏ ।

ਸਿੱਖ ਸਟੂਡੈਂਟਸ ਫੈਡਰੇਸ਼ਨ ਦਾ ਅਸਲ ਮੁੱਢ 1888 ਵਿਚ ਬਣਾਏ ਅਤੇ ਚਲਾਏ ਜਾਂਦੇ "ਖ਼ਾਲਸਾ ਕਲੱਬਾਂ" ਤੋਂ ਬੱਝਦਾ ਹੈ।ਸਿੱਖਾਂ ਦੀਆਂ ਧਾਰਮਿਕ, ਰਾਜਨੀਤਕ, ਵਿਦਿਅਕ, ਸਮਾਜਿਕ, ਭਾਈਚਾਰਕ ਅਤੇ ਆਰਥਿਕ ਲੋੜਾਂ ਵਿੱਚ ਵਿਕਾਸ ਦੇ ਲਈ ਸਿੱਖਾਂ ਨੂੰ ਜਾਗਰੂਕ ਕਰਨਾ ਅਤੇ ਆਪਣੀ ਮਾਂ ਬੋਲੀ ਪੰਜਾਬੀ ਨੂੰ ਬੋਲਣ, ਪੜਨ ਅਤੇ ਲਿਖਣ ਦੀ ਰੁਚੀ ਪੈਦਾ ਕਰਨੀ ਅਤੇ ਸਿੱਖ ਯੂਨੀਵਰਸਿਟੀਆਂ ਦੀ ਸਥਾਪਨਾ ਰਾਹੀਂ ਧਰਮ, ਸਭਿਆਚਾਰ ਅਤੇ ਪੰਜਾਬੀ ਭਾਸ਼ਾ ਦੇ ਵਿਕਾਸ ਪਖੋਂ ਪ੍ਰਚਾਰ ਅਤੇ ਪ੍ਰਸਾਰ ਦੇ ਲਈ ਯਤਨਸ਼ੀਲ ਰਹਿਣਾ ਹੀ, ਇਨ੍ਹਾਂ ਮੁੱਢਲੇ ਅਸੂਲਾਂ ਵਿੱਚ ਸ਼ੁਮਾਰ ਹੈ।

ਆਲ ਇੰਡੀਆ ਸਿਖ ਸਟੂਡੈਂਟਸ ਫੈਡਰੇਸ਼ਨ ਨੂੰ ਸਿੱਖ ਵਿਦਿਆਰਥੀਆਂ ਦੀ ਸਿੱਖ ਧਰਮ ਪ੍ਰਤੀ ਸਮਰਪਤ ਇੱਕ ਆਜ਼ਾਦ ਅਤੇ ਸਿੱਖਾਂ ਦੀ ਧਾਰਮਿਕ ਅਤੇ ਰਾਜਨੀਤਿਕ ਨੁਮਾਇੰਦਗੀ ਦੇ ਲਈ ਇੱਕ ਵਚਨਬੱਧ ਸੰਸਥਾ ਹੋਣ ਦਾ ਮਾਣ ਹਾਸਿਲ ਸੀ।

ਇਹ ਸਮਾਂ ਉਹ ਸਮਾਂ ਸੀ ਜਦੋਂ ਹਿੰਦੁਸਤਾਨ ਅੰਗਰੇਜਾਂ ਦਾ ਗੁ.ਲਾਮ ਸੀ ਅਤੇ ਹਿੰਦੂ ਅਤੇ ਮੁਸਲਿਮ ਭਾਈਚਾਰੇ ਦੇ ਲੋਕਾਂ ਦੇ ਵਿਚਕਾਰ ਧਰਮ ਦੀ ਬਿਨ੍ਹਾ'ਤੇ ਫਿਰਕੂ ਅਤੇ ਦੇਸ਼ ਆਜ਼ਾਦੀ ਦੀ ਬਿਨ੍ਹਾ ਤੇ ਰਾਜਨੀਤਿਕ ਤਣਾਅ ਚਲ ਰਿਹਾ ਸੀ।ਸਾਲ 1937 ਵਿਚ ਮੁਸਲਿਮ ਵਿਦਿਆਰਥੀਆਂ ਦੇ ਇਕ ਵੱਡੇ ਸਮੂਹ ਨੇ ਆਲ ਇੰਡੀਆ ਮੁਸਲਿਮ ਸਟੂਡੈਂਟਸ ਫੈਡਰੇਸ਼ਨ ਨਾਮ ਦੀ ਜਥੇਬੰਦੀ ਬਣਾਈ ਅਤੇ ਇਸ ਵਿੱਚ ਉਸ ਵਕਤ ਭਾਵੇਂ ਮਾਰਕਸਵਾਦੀ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਤੋਂ ਉਨ੍ਹਾਂ ਨੇ ਪ੍ਰੇਰਨਾ ਲਈ ਅਤੇ ਬਾਅਦ ਦੇ ਵਿੱਚ ਮੁਸਲਿਮ ਲੀਗ ਦੀ ਇਹੋ ਯੂਥ ਬ੍ਰਾਂਚ ਪਾਕਿਸਤਾਨ ਬਣਾਏ ਜਾਣ ਦੇ ਫੈਸਲੇ ਦੇ ਨਾਲ ਇੱਕ ਵੱਡੇ ਅੰਦੋਲਦਨ ਦੇ ਰੂਪ ਵਿੱਚ ਸਾਹਮਣੇ ਆਈ।

ਜਦੋਂ ਮੁਸਲਮਾਨ ਇਕ ਜੁੱਟ ਹੋ ਕੇ ਆਪਣਾ ਪਾਕਿਸਤਾਨ ਮੰਗ ਰਹੇ ਸਨ ਤਾਂ ਉਸ ਵਕਤ ਸਿੱਖਾਂ ਦੀ ਆਜ਼ਾਦੀ ਦੀ ਗਲ ਚਲੀ ਤਾਂ ਜਰੂਰ, ਪਰ ਸਿੱਖ ਕੌਮ ਆਪਣੀ ਆਜ਼ਾਦੀ ਦੇ ਲਈ ਕਦੇ ਵੀ ਇੱਕ ਜੁੱਟ ਜਾਂ ਇਕ ਮੁੱਠ ਨਹੀਂ ਹੋਈ।ਜਦੋਂ ਹਿੰਦੁਸਤਾਨ ਦੀ ਵੰਡ ਹੋਣੀ ਨਿਸ਼ਿਚਤ ਹੋ ਚੁੱਕੀ ਸੀ ਭਾਵ ਜਦੋਂ ਭਾਰਤ ਦੀ ਅਜਾਦੀ ਦੀ ਗੱਲ ਚਲੀ ਤਾਂ ਸਾਲ 1946 ਦੇ ਦੌਰਾਨ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਨੇ ਵੀ ਮਤਾ ਪਾਸ ਕੀਤਾ ਸੀ ਕਿ ਸਿਖਾਂ ਨੂੰ ਵੱਖਰਾ ਸਿੱਖ ਰਾਜ ਦਿੱਤਾ ਜਾਵੇ। ਇੰਜ ਸਿੱਖ ਸਟੂਡੈਂਟਸ ਫੈਡਰੇਸ਼ਨ ਵੱਲੋਂ ਵੱਖਰੀ ਸਿੱਖ ਸਟੇਟ ਦੀ ਗੱਲ ਤਾਂ ਸ਼ੁਰੂ ਕੀਤੀ ਗਈ ਪਰ ਕਿਸੇ ਨੇਪਰੇ ਨਾ ਚੜ ਸਕੀ।


ਆਖਰ ਘੁੰਮਾਂ ਫਿਰਾ ਕੇ ਗਲ ਸਿੱਖਾਂ ਦੇ ਰਾਜਨੀਤਿਕ ਅਧਿਕਾਰਾਂ ਤਕ ਹੀ ਸੀਮਤ ਕਰ ਦਿੱਤੀ ਜਾਂਦੀ ਰਹੀ। ਇੰਜ ਆਪਣੇ ਅਧਿਕਾਰਾਂ ਦੀ ਰੱਖਿਆ ਕਰਨ ਦੀ ਮੰਗ ਨੂੰ ਲੈਕੇ , ਸ਼੍ਰੋਮਣੀ ਅਕਾਲੀ ਦਲ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਰਗੀਆਂ ਸਿੱਖ ਸੰਸਥਾਵਾਂ ਦੇ ਸਹਿਯੋਗ ਦੇ ਨਾਲ 1944 ਵਿਚ ਆਲ ਇੰਡੀਆ ਸਿਖ ਸਟੂਡੈਂਟਸ ਫੈਡਰੇਸ਼ਨ ਦੀ ਸਥਾਪਨਾ ਕੀਤੀ ਗਈ।

1947 ਵਿਚ ਭਾਰਤ ਅਜ਼ਾਦ ਹੋ ਕੇ ਦੋ ਹਿਸਿਆਂ ਵਿੱਚ ਵੰਡਿਆ ਗਿਆ ਅਤੇ ਇਸ ਦੀ ਵੰਡ ਮਗਰੋਂ, ਇਸਦੇ ਹੈਡਕੁਆਰਟਰ ਨੂੰ ਫ਼ੈਸਲਾਬਾਦ ਤੋਂ ਭਾਰਤ ਵਾਲੇ ਪੰਜਾਬ ਵਿਚ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਲਿਆਂਦਾ ਗਿਆ।

ਭਾਰਤ ਦੀ ਵੰਡ ਵੇਲੇ ਹੋਏ ਸਮੂਹਿਕ ਦੰਗੇ ਫ਼ਸਾਦਾਂ ਦੇ ਦੌਰਾਨ, ਆਲ ਇੰਡੀਆ ਸਿਖ ਸਟੂਡੈਂਟਸ ਫੈਡਰੇਸ਼ ਨੇ ਪਾਕਿਸਤਾਨ ਤੋਂ ਆਉਣ ਵਾਲੇ ਹਿੰਦੂ ਅਤੇ ਸਿੱਖ ਸ਼ਰਨਾਰਥੀਆਂ ਦੀ ਰਾਹਤ ਸੇਵਾ ਅਤੇ ਉਨ੍ਹਾਂ ਦੇ ਮੁੜ ਵਸੇਬੇ ਦੇ ਲਈ ਨਾ ਸਿਰਫ ਕੈਂਪ ਹੀ ਲਗਾਏ ਸਗੋ ਜਗ੍ਹਾ ਜਗ੍ਹਾ ਲੰਗਰ ਵੀ ਚਲਾਏ। ਆਜ਼ਾਦ ਭਾਰਤ ਵਿਚ, ਆਲ ਇੰਡੀਆ ਸਿਖ ਸਟੂਡੈਂਟਸ ਫੈਡਰੇਸ਼ ਨੇ ਸ਼੍ਰੋਮਣੀ ਅਕਾਲੀ ਦਲ ਦੇ ਨਾਲ ਮਿਲ ਕੇ ਪੂਰੇ ਭਾਰਤ ਵਿਚ ਫੈਡਰੇਸ਼ਨ ਦਾ ਵਿਸਥਾਰ ਕੀਤਾ ਜਿਸ ਕਾਰਨ ਫੈਡਰੇਸ਼ਨ ਦੇਸ਼ ਦੀਆਂ ਪ੍ਰਮੁੱਖ ਵਿਦਿਆਰਥੀ ਰਾਜਨੀਤਕ ਜਥੇਬੰਦੀਆਂ ਵਿੱਚੋਂ ਇੱਕ ਸਿਰਮੌਰ ਜਥੇਬੰਦੀ ਬਣ ਗਈ।

ਫੈਡਰੇਸ਼ਨ ਦੀਆਂ ਗਤੀਵਿਦੀਆਂ ਦਾ ਮੁੱਖ ਕੇਂਦਰ ਸ੍ਰੀ ਅੰਮ੍ਰਿਤਸਰ ਸਾਹਿਬ ਦਾ ਖਾਲਸਾ ਕਾਲਜ ਰਿਹਾ। ਸਿੱਖ ਸਟੂਡੈਂਟ ਫੈਡਰੇਸ਼ਨ ਦੇ ਸਮੇਂ ਸਮੇਂ ਸਿਰਫ ਪ੍ਰਧਾਨ ਬਦਲਦੇ ਰਹੇ ਪਰ ਨਿਸ਼ਾਨਾ ਕਦੇ ਨਹੀਂ ਬਦਲਿਆ। ਇਹ ਸਿੱਖ ਸਟੂਡੈਂਟਸ ਫੈਡਰੇਸ਼ਨ ਉਹੀ ਹੈ ਜਿਥੇ ਫੈਡਰੇਸ਼ਨ ਦੇ ਕੈਂਪਾਂ ਦੇ ਵਿੱਚੋਂ ਤਿਆਰ ਗੁਰਸਿੱਖਾਂ ਨੇ ਅੱਗੇ ਜਾ ਕੇ ਬਹੁਤ ਵੱਡੇ ਵੱਡੇ ਅਹੁਦੇ ਵੀ ਸੰਭਾਲੇ।

ਸਮੇਂ ਸਮੇਂ ਸਿਰ ਆਲ ਇੰਡੀਆ ਸਿਖ ਸਟੂਡੈਂਟ ਫੈਡਰੇਸ਼ਨ ਦੇ ਪ੍ਰਧਾਨਾਂ ਦਾ ਬਦਲਣਾ ਅਤੇ ਨਵੇਂ ਪ੍ਰਧਾਨ ਆਉਣੇ ਸੁਭਾਵਿਕ ਸਨ।




ਸਰਦਾਰ ਅਮਰ ਸਿੰਘ ਅੰਬਾਲਵੀ, ਸਰਦਾਰ ਜਸਵੰਤ ਸਿੰਘ ਮਾਨ, ਸਰਦਾਰ ਜਸਵੰਤ ਸਿੰਘ ਨੇਕੀ, ਸਰਦਾਰ ਸੁਰਜੀਤ ਸਿੰਘ ਮਿਨਹਾਸ, ਪ੍ਰੋਫੈਸਰ ਜਗੀਰ ਸਿੰਘ ਬਰਨਾਲਾ, ਸਰਦਾਰ ਗੁਰਮੀਤ ਸਿੰਘ ਮੁਕਤਸਰ, ਸਰਦਾਰ ਬੀਰ ਦਵਿੰਦਰ ਸਿੰਘ, ਸਰਦਾਰ ਜਗਜੀਤ ਸਿੰਘ ਬਰਾੜ, ਸਰਦਾਰ ਕਰਨੈਲ ਸਿੰਘ ਪੀਰਮੁਹੰਮਦ ਆਦਿ ਇਸ ਜਥੇਬੰਦੀ ਦੇ ਪ੍ਰਧਾਨ ਵਜੋਂ ਸਫਲ ਸੇਵਾਵਾਂ ਨਿਭਾਉਂਦੇ ਰਹੇ। ਪੰਜਾਬੀ ਸੂਬੇ ਦੇ ਮੋਰਚੇ ਵਿੱਚ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਨੇ ਸ਼੍ਰੋਮਣੀ ਅਕਾਲੀ ਦਲ ਦੇ ਮੋਢੇ ਨਾਲ ਮੋਢਾ ਢਾਅ ਕੇ ਸੰਘਰਸ਼ ਲੜਿਆ।

ਫੈਡਰੇਸ਼ਨ ਦਾ ਏਜੰਡਾ ਕਦੇ ਵੀ ਨਹੀਂ ਬਦਲਿਆ ਜਿਸ ਦੇ ਵਿੱਚ, ਸਿੱਖਾਂ ਨੂੰ ਵੱਖਰੀ ਪਛਾਣ ਦੇ ਅਹਿਸਾਸ ਦੇ ਨਾਲ ਆਪਣੀ ਵਖਰੀ ਅਤੇ ਅੱਡਰੀ ਹੋਂਦ ਹਸਤੀ ਦੀ ਸ਼ਨਾਖਤ ਕਰਵਾਉਣੀ ਅਤੇ ਸਿੱਖ ਨੌਜਵਾਨਾਂ ਵਿਚ ਧਰਮ ਦੀ ਬਿਨ੍ਹਾਂ ਤੇ ਪਤਿਤਪੁਣਾ, ਨਸ਼ਾਖੋਰੀ ਅਤੇ ਰਾਜਨੀਤਕ ਗ਼ਫ਼ਲਤ ਵਿਰੁੱਧ ਸਿੱਖੀ ਸੋਚ ਦੇ ਨਾਲ ਨਵੀਂ ਚੇਤਨਾ ਪੈਦਾ ਕਰਨਾ ਸੀ।ਨੌਜਵਾਨ ਵਰਗ ਵਿਚ ਸਿੱਖੀ ਚੇਤਨਾ ਅਤੇ ਸਿਧਾਂਤਕ ਦ੍ਰਿੜਤਾ ਦੇ ਨਾਲੋ-ਨਾਲ ਆਲ ਇੰਡੀਆ ਸਿੱਖ ਸਟੂਡੈਂਟਸ ਫ਼ੈਡਰੇਸ਼ਨ ਨੇ ਧਰਮ ਨਿਰਪੱਖਤਾ ਦੀ ਵੀ ਵੱਖਰੀ ਮਿਸਾਲ ਪੈਦਾ ਕਰਦਿਆਂ ਗੈਰ-ਸਿੱਖਾਂ ਨੂੰ ਵੀ ਗਲਵਕੜੀ ਵਿੱਚ ਲਿਆ, ਜਿਸ ਦੀ ਉਦਾਹਰਣ ਇਸ ਗਲ ਤੋਂ ਲਈ ਜਾ ਸਕਦੀ ਹੈ ਕੇ 1954 ਵਿਚ ਇਕ ਗੈਰ ਸਿੱਖ ਭਾਈ ਹਰਬੰਸ ਲਾਲ ਜੀ ਨੂੰ ਫ਼ੈਡਰੇਸ਼ਨ ਦਾ ਪ੍ਰਧਾਨ ਥਾਪਿਆ ਗਿਆ। ਸੰਨ 1959 ਵਿਚ ਜਦੋ ਫੈਡਰੇਸ਼ਨ ਦਾ ਦਸਵਾਂ ਇਜਲਾਸ ਹੋ ਰਿਹਾ ਸੀ ਉਸ ਦੌਰਾਨ ਪਹਿਲੀ ਵਾਰੀ ਇਸ ਜੱਥੇਬੰਦੀ ਵਿਚ ਫ਼ਾੜ ਪਿਆ ਬਾਕੀ ਦੀਆਂ ਹੋਰ ਜਥੇਬੰਦੀਆਂ ਵਾਂਗੂ ਸਿੱਖ ਸਟੂਡੈਂਟ ਫੈਡਰੇਸ਼ਨ ਵੀ ਦੋ ਫਾੜ ਹੋ ਗਈ।



13 ਅਪ੍ਰੈਲ 1978 ਦੀ ਵਿਸਾਖੀ ਮੌਕੇ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਵਾਪਰੇ ਨਕਲ਼ੀ ਨਿਰੰਕਾਰੀ ਕਾਂਡ ਮੌਕੇ ਜਦੋਂ ਚਿੱਟੇ ਦਿਨ ਸਰੇ ਆਮ ਨਕਲੀ ਨਿਰੰਕਾਰੀ ਗੁਰਬਚਨ ਦੇ ਗੁੰਡਿਆਂ ਨੇ ਗੁਰੂ ਕੇ ਸਿੱਖਾਂ ਉਪਰ ਗੋਲੀਆਂ ਚਲਾਈਆਂ ਸਨ ਤਾਂ ਫ਼ੈਡਰੇਸ਼ਨ ਨੂੰ ਇੱਕ ਵਾਰੀ ਫੇਰ ਆਪਣੇ ਪੁਰਾਣੇ ਸਿੰਧਾਂਤਾ ਮੁਤਾਬਿਕ ਕੰਮ ਕਰਨ ਦਾ ਮੋਕਾ ਮਿਲਿਆ।

2 ਜੁਲਾਈ 1978 ਨੂੰ ਚੰਡੀਗੜ ਦੇ ਟੈਗੋਰ ਥੀਏਟਰ ਵਿਖੇ ਫ਼ੈਡਰੇਸ਼ਨ ਦੇ ਭਰਵੇਂ ਸਾਲਾਨਾ ਇਜਲਾਸ ਵਿਚ ਸ਼ਹੀਦ ਭਾਈ ਅਮਰੀਕ ਸਿੰਘ ਜੀ ਨੂੰ ਬਿਨਾਂ ਮੁਕ.ਾਬਲਾ ਫੈਡਰੇਸ਼ਨ ਦਾ ਪ੍ਰਧਾਨ ਚੁਣ ਲਿਆ ਗਿਆ। ਸ਼ਹੀਦ ਭਾਈ ਹਰਮਿੰਦਰ ਸਿੰਘ ਸੰਧੂ ਨੂੰ ਜਨਰਲ ਸਕੱਤਰ ਬਣਾਇਆ ਗਿਆ।ਭਾਈ ਅਮਰੀਕ ਸਿੰਘ ਹੁਣਾ ਨੇ ਸਕੂਲਾਂ, ਕਾਲਜਾਂ ਯੂਨੀਵਰਸਿਟੀਆਂ ਵਿੱਚ ਜਾ ਕੇ ਆਪਣੀਆਂ ਜੁਸੀਲੀਆ ਤੇ ਪ੍ਰਭਾਵਸ਼ਾਲੀ ਤਕਰੀਰਾਂ ਨਾਲ ਸਿੱਖ ਪੀੜ੍ਹੀ ਨੂੰ ਆਪਣੇ ਵਿਰਸੇ ਨਾਲ ਬਾਖ਼ੂਬੀ ਜੋੜਿਆ। ਇਸ ਵਕਤ ਪੰਜਾਬ ਦੇ ਵਿੱਚ ਇੱਕ ਕਿਸਮ ਦੀ ਕਾਮਰੇਡੀ ਲਹਿਰ ਜੋਬਨ ਉੱਪਰ ਸੀ ਜਦੋਂ ਭਾਈ ਅਮਰੀਕ ਸਿੰਘ ਜੀ ਦੇ ਜਿਤਨਾ ਦੇ ਨਾਲ ਹਜ਼ਾਰਾਂ ਹੀ, ਸਿੱਖਾਂ ਦੇ ਭਟਕੇ ਹੋਏ ਬੱਚੇ ਗੁਰਸਿੱਖੀ ਵੱਲ ਆ ਗਏ। ਕਾਮਰੇਡ ਯੂਨੀਅਨ ਛੱਡ ਕੇ ਵਿਦਿਆਰਥੀ, ਆਲ ਇੰਡੀਆ ਸਿਖ ਸਟੂਡੈਂਟ ਫੈਡਰੇਸ਼ਨ ਦੇ ਵਿੱਚ ਸ਼ਾਮਿਲ ਹੋਣ ਦੇ ਵਿੱਚ ਹੁਣ ਆਪਣੀ ਸ਼ਾਨ ਸਮਝਣ ਲੱਗ ਪਏ।

ਆਵਾਜ਼ਿ ਕੌਮ AWAZE QAUM International Newspaper & WEB TV

ਅਸਲ ਦੇ ਵਿੱਚ ਭਾਈ ਅਮਰੀਕ ਸਿੰਘ ਹੁਣਾਂ ਦੇ ਪਿੱਛੇ ਇਕ ਬਹੁਤ ਵੱਡੀ ਧਰਮ ਦੀ ਸ਼ਕਤੀ ਕੰਮ ਕਰ ਰਹੀ ਸੀ, ਮਹਾਂਪੁਰਖ ਸੰਤ ਬਾਬਾ ਜਰਨੈਲ ਸਿੰਘ ਖਾਲਸਾ ਭਿੰਡਰਾਂ ਵਾਲਿਆਂ ਦੇ ਰੂਪ ਦੇ ਵਿੱਚ। ਮਹਾਂਪੁਰਖ ਚਾਹੁੰਦੇ ਸਨ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਵਿੱਚ ਸੱਚੇ ਸੁੱਚੇ ਸਿੱਖ ਹੀ ਮੈਂਬਰ ਬਣ ਕੇ ਜਾਣ। ਇਸ ਧਾਰਨਾ ਦੇ ਨਾਲ ਭਾਈ ਅਮਰੀਕ ਸਿੰਘ ਜੀ ਨੂੰ ਇੱਕ ਵਾਰੀ ਚੋਣ ਤੇ ਮੈਦਾਨ ਦੇ ਵਿੱਚ ਉਤਾਰਿਆ ਵੀ ਗਿਆ। ਪਰ ਸਰਕਾਰੀ ਮਸ਼ੀਨਰੀ ਕਾਮਯਾਬ ਹੋ ਗਈ ਅਤੇ ਜਥੇਦਾਰ ਜੀਵਨ ਸਿੰਘ ਉਮਰਾਨੰਗਲ, ਭਾਈ ਸਾਹਿਬ ਦੇ ਮੁਕਾਬਲੇ ਤੇ ਚੋਣ ਜਿੱਤ ਗਏ। 1979 ਦੀਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਆਗੂ ਜੀਵਨ ਸਿੰਘ ਉਮਰਾਨੰਗਲ ਨੇ ਬਿਆਸ ਹਲਕੇ ਤੋਂ ਭਾਈ ਅਮਰੀਕ ਸਿੰਘ ਨੂੰ ਚੋਣ ਵਿੱਚ ਹਰਾ ਦਿੱਤਾ। ਮਹਾਂਪੁਰਖਾਂ ਦੀ ਏਹ ਬਹੁਤ ਵੱਡੀ ਸੋਚ ਸੀ ਪਰ ਇਸ ਹਲਕੇ ਦੇ ਵਿੱਚ ਡੇਰਾਵਾਦੀਆਂ ਦਾ ਵੀ ਕਾਫੀ ਜੋਰ ਸੀ।

ਆਲ ਇੰਡੀਆ ਸਿੱਖ ਸਟੂਡੈਂਟ ਫੈਡਰੇਸ਼ਨ ਨੇ ਜਿੱਥੇ ਪੰਥ ਨੂੰ ਉੱਚ ਪੈਮਾਨੇ ਦੇ ਸਿੱਖ ਲੀਡਰ ਦਿੱਤੇ ਉਥੇ ਬਹੁਤ ਪਰਵਨਿਤ ਵਿਦਵਾਨ ਵੀ ਇਸ ਫੈਡਰੇਸ਼ਨ ਦੇ ਵਿੱਚੋਂ ਹੀ ਨਿਕਲੇ। ਜਿਹਨਾਂ ਵਿੱਚ ਭਾਰਤ ਦੇ ਪ੍ਰਧਾਨ ਮੰਤਰੀ ਡਾਕਟਰ ਮਨਮੋਹਨ ਸਿੰਘ, ਗ੍ਰਿਹ ਮੰਤਰੀ ਸਰਦਾਰ ਬੂਟਾ ਸਿੰਘ, ਸਰਦਾਰ ਗੁਰਮੀਤ ਸਿੰਘ ਬਰਾੜ (ਪੰਜਾਬ ਦੇ ਖੁਰਾਕ ਅਤੇ ਸਪਲਾਈ ਮੰਤਰੀ ਰਹੇ) ਸਰਦਾਰ ਸੁਰਜੀਤ ਸਿੰਘ ਮਿਨਹਾਸ ਪੰਜਾਬ ਅਸੈਂਬਲੀ ਦੇ ਸਪੀਕਰ ਰਹੇ, ਸਰਦਾਰ ਸੁਰਜੀਤ ਸਿੰਘ ਬਰਨਾਲਾ ਪੰਜਾਬ ਦੇ ਮੁੱਖ ਮੰਤਰੀ ਤੋਂ ਇਲਾਵਾ, ਤਾਮਿਲਨਾਡੂ ਉੱਤਰਾਖੰਡ, ਆਂਧਰਾ ਪ੍ਰਦੇਸ਼, ਓਡੀਸ਼ਾ (ਉੜੀਸਾ) ਦੇ ਗਵਰਨਰ ਰਹੇ ਅਤੇ ਅੰਡੇਮਾਨ ਅਤੇ ਨਿਕੋਬਾਰ ਟਾਪੂ ਅਤੇ ਪੁਡੂਚੇਰੀ ਦੇ ਲੈਫਟੀਨੈਂਟ ਗਵਰਨਰ ਰਹੇ। ਸਰਦਾਰ ਬੀਰਦਵਿੰਦਰ ਸਿੰਘ ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਰਹੇ। ਸਰਦਾਰ ਜਗਮੀਤ ਸਿੰਘ ਬਰਾੜ ਐਮ.ਪੀ. ਅਤੇ ਡਾਕਟਰ ਜਸਵੰਤ ਸਿੰਘ ਨੇਕੀ, ਪਿੰ: ਸਤਿਬੀਰ ਸਿੰਘ, ਸਰਦਾਰ ਭਾਨ ਸਿੰਘ ਸਕੱਤਰ ,ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਬਹੁਤ ਸਾਰੇ ਹੋਰ ਵੀ ਵਿਦਵਾਨ ਹਨ ਜਿਹੜੇ ਸਿੱਖ ਸਟੂਡੈਂਟ ਫੈਡਰੇਸ਼ਨ ਦੇ ਕੈਂਪਾਂ ਦੇ ਵਿੱਚੋਂ ਹੀ ਵਿਦਿਆ ਲੈ ਕੇ ਵਿਦਵਤਾ ਦੇ ਜਗਤ ਦੇ ਵਿੱਚ ਲੋਹਾ ਮਨਵਾਉਣ ਦੇ ਕਾਬਲ ਹੋਏ।

ਸਿੱਖਾਂ ਦੀਆਂ ਕੁਝ ਸਿਆਸੀ ਪਾਰਟੀਆਂ ਇਹਨਾਂ ਵਿਦਿਆਰਥੀਆਂ ਦੇ ਜੋਰ ਅਤੇ ਜੋਸ਼ ਨੂੰ ਪੂਰੀ ਤਰ੍ਹਾਂ ਦੇ ਨਾਲ ਸਮਝ ਚੁੱਕਿਆ ਸਨ।

ਇੰਜ ਇਨ੍ਹਾਂ ਪਾਰਟੀਆਂ ਨੇ ਆਪਣੀ ਲੋੜ ਮੁਤਾਬਿਕ ਨੌਜਵਾਨਾਂ ਦੀਆਂ ਜਥੇਬੰਦੀਆਂ ਨੂੰ ਆਪਣੀ ਪਾਰਟੀ ਦੇ ਯੂਥ ਵਿੰਗ ਵਜੋਂ ਹੋਂਦ ਵਿੱਚ ਲਿਆਂਦਾ। ਸ਼ਰੋਮਣੀ ਅਕਾਲੀ ਦਲ ਨੇ 1980ਵਿਆਂ ਦੇ ਦੌਰਾਨ, ਯੂਥ ਵਿੰਗ ਸ਼ਰੋਮਣੀ ਅਕਾਲੀ ਦਲ ਨੂੰ ਹੋਂਦ ਵਿੱਚ ਲਿਆਂਦਾ ਅਤੇ ਇਸ ਤੇ ਪਹਿਲੇ ਪ੍ਰਧਾਨ ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ ਨੂੰ ਬਣਾਇਆ ਗਿਆ। ਉਸ ਵਕਤ ਆਮ ਸਿਖਾਂ ਦੇ ਵਿੱਚ ਇਹ ਪ੍ਰਭਾਵ ਗਿਆ ਕਿ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੀ ਹਰਿਆਵਲ ਸਾਖ ਨੂੰ ਖ਼ਤਮ ਕਰਨ ਵਾਸਤੇ ਹੀ ਯੂਥ ਵਿੰਗ ਦਾ ਗਠਨ ਕੀਤਾ ਗਿਆ ਹੈ।

1984 ਤੇ ਜੂਨ ਮਹੀਨੇ ਦੇ ਵਿੱਚ ਇੰਦਰਾ ਗਾਂਧੀ ਦੇ ਹੁਕਮਾਂ ਦੇ ਨਾਲ ਸ੍ਰੀ ਦਰਬਾਰ ਸਾਹਿਬ ਅਤੇ ਸ੍ਰੀ ਅਕਾਲ ਤਖਤ ਸਾਹਿਬ ਉਪਰ ਹੋਏ ਹਮਲੇ ਦੇ ਵਿੱਚ ਸਿੱਖ ਸਟੂਡੈਂਟ ਫੈਡਰੇਸ਼ਨ ਦੇ ਤਤਕਾਲੀ ਪ੍ਰਧਾਨ ਭਾਈ ਅਮਰੀਕ ਸਿੰਘ ਸ਼ਹੀਦ ਹੋ ਗਏ।ਉਸ ਵਕਤ ਲਗਭਗ ਫੈਡਰੇਸ਼ਨ ਦੀ ਸਾਰੀ ਲੀਡਰਸ਼ਿਪ ਜੋਧਪੁਰ ਜੇਲ ਦੇ ਵਿੱਚ ਨਜ਼ਰਬੰਦ ਕਰ ਦਿੱਤੀ ਗਈ।

ਜਿਨ੍ਹਾਂ ਵਿੱਚ ਭਾਈ ਮਨਜੀਤ ਸਿੰਘ, ਸਰਦਾਰ ਹਰਮਿੰਦਰ ਸਿੰਘ ਗਿੱਲ, ਸਰਦਾਰ ਵਿਰਸਾ ਸਿੰਘ ਵਲਟੋਹਾ, ਸਰਦਾਰ ਗੁਰਚਰਨ ਸਿੰਘ ਗਰੇਵਾਲ, ਭਾਈ ਅਮਰਜੀਤ ਸਿੰਘ ਚਾਵਲਾ, ਭਾਈ ਰਜਿਦਰ ਸਿੰਘ ਮਹਿਤਾ, ਭਾਈ ਕੁਲਬੀਰ ਸਿੰਘ ਗੰਡੀਵਿੰਡ ਆਦਿ ਜੇਲ੍ਹਾਂ ਦੇ ਵਿੱਚ ਨਜ਼ਰਬੰਦ ਕਰ ਦਿੱਤਾ ਗਿਆ।

ਭਾਈ ਅਮਰੀਕ ਸਿੰਘ ਹੁਣਾਂ ਦੇ ਸ਼ਹੀਦ ਹੋ ਜਾਣ ਤੋਂ ਬਾਅਦ ਭਾਈ ਮਨਜੀਤ ਸਿੰਘ ਹੁਣਾਂ ਨੂੰ ਆਲ ਇੰਡੀਆ ਸਿੱਖ ਸਟੂਡੈਂਟ ਫੈਡਰੇਸ਼ਨ ਦਾ ਪ੍ਰਧਾਨ ਥਾਪਿਆ ਗਿਆ।

ਭਾਈ ਮਨਜੀਤ ਸਿੰਘ ਤੋਂ ਬਾਅਦ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਪ੍ਰਧਾਨ ਭਾਈ ਜਸਬੀਰ ਸਿੰਘ ਘੁੰਮਣ ਨੂੰ ਬਣਾਇਆ ਗਿਆ। ਸਰਦਾਰ ਘੁੰਮਣ, ਸਾਬਕਾ ਵਿਧਾਇਕ ਸਰਦਾਰ ਹਰਬੰਸ ਸਿੰਘ ਘੁੰਮਣ ਦੇ ਬੇਟੇ ਹਨ। ਉਹਨਾਂ ਤੋਂ ਬਾਅਦ ਭਾਈ ਹਰਮਿੰਦਰ ਸਿੰਘ ਗਿੱਲ ਨੂੰ ਫੈਡਰੇਸ਼ਨ ਤੇ ਪ੍ਰਧਾਨ ਵਜੋਂ ਸੇਵਾ ਨਿਭਾਉਣ ਦਾ ਮੌਕਾ ਮਿਲਿਆ।

ਸਾਲ 1989 ਦੇ ਦੌਰਾਨ ਫੈਡਰੇਸ਼ਨ ਦੇ ਲਗਭਗ ਸਾਰੀ ਹੀ ਵੱਡੇ ਲੀਡਰ ਜੇਲ੍ਹਾਂ ਦੇ ਵਿੱਚੋਂ ਰਿਹਾਅ ਕਰ ਦਿੱਤੇ ਗਏ। ਪਰ ਹੁਣ ਫੈਡਰੇਸ਼ਨ ਕਈ ਧੜਿਆਂ ਦੇ ਵਿੱਚ ਵੰਡੀ ਜਾ ਚੁੱਕੀ ਸੀ। ਭਾਈ ਅਮਰਜੀਤ ਸਿੰਘ ਚਾਵਲਾ ਅਤੇ ਭਾਈ ਰਜਿੰਦਰ ਸਿੰਘ ਮਹਿਤਾ ਨੇ ਆਪਣੀ ਵੱਖਰੀ ਫੈਡਰੇਸ਼ਨ ਬਣਾ ਲਈ।ਖਾੜਕੂ ਧਿਰਾਂ ਵੱਲੋਂ ਭਾਈ ਦਲਜੀਤ ਸਿੰਘ ਬਿੱਟੂ, ਭਾਈ ਗੁਰਜੀਤ ਸਿੰਘ, ਭਾਈ ਗੁਰਨਾਮ ਸਿੰਘ ਬੁੱਟਰ, ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਪ੍ਰਮੁੱਖ ਚੇਹਰੇ ਸਨ ਭਾਈ ਮਨਜੀਤ ਸਿੰਘ ਤੋਂ ਬਾਅਦ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਸਰਦਾਰ ਹਰਮਿੰਦਰ ਸਿੰਘ ਗਿੱਲ ਪ੍ਰਧਾਨ ਬਣੇ ਅਤੇ ਸਕੱਤਰ ਜਨਰਲ ਵਜੋਂ ਸਰਦਾਰ ਕਰਨੈਲ ਸਿੰਘ ਪੀਰਮੁਹੰਮਦ ਨੂੰ ਸੇਵਾ ਸੌਂਪੀ ਗਈ।

ਜਿਸ ਵੇਲੇ ਫੈਡਰੇਸ਼ਨ ਨੂੰ ਧੜੇਬੰਦੀ ਨੇ ਆਣ ਘੇਰਿਆ ਤਾਂ ਨੌਜਵਾਨਾਂ ਦੀ ਏਕਤਾ ਬਹੁਤ ਜਰੂਰੀ ਸੀ, ਇਸੇ ਕਰਕੇ ਉਸ ਵਕਤ ਪੰਜ ਸਿੰਘ ਸਾਹਿਬ ਨੇ ਪੰਜ ਧੜਿਆਂ ਚ ਵੰਡੀ ਇਸ ਫੈਡਰੇਸ਼ਨ ਨੂੰ ਇਕੱਠਿਆ ਕੀਤਾ ਅਤੇ 19 ਜਨਵਰੀ 1995 ਵਾਲੇ ਦਿਨ, ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਪ੍ਰਧਾਨ ਵਜੋਂ ਸਰਦਾਰ ਕਰਨੈਲ ਸਿੰਘ ਪੀਰ ਮੁਹੰਮਦ ਨੂੰ ਸੇਵਾ ਸੌਂਪੀ ਗਈ। ਪ੍ਰਧਾਨਗੀ ਦੀ ਸੇਵਾ ਸੰਭਾਲਦਿਆਂ ਹੀ

ਭਾਈ ਸਾਹਿਬ ਨੇ ਜਿੱਥੇ ਬਾਕੀ ਦੀਆਂ ਉਹਨਾਂ ਸਾਰੀਆਂ ਪੁਰਾਤਨ ਰਿਵਾਇਤਾਂ ਅਤੇ ਪਰੰਪਰਾਵਾਂ ਨੂੰ ਕਾਇਮ ਰੱਖਣ ਦੇ ਲਈ ਅਣਥਕ ਜਤਨ ਆਰੰਭੇ ਉਥੇ ਨਾਲੋ ਹੀ ਨਾਲ ਇਸ ਗੱਲ ਦਾ ਖਾਸ ਖਿਆਲ ਰੱਖਿਆ ਕਿ ਫੈਡਰੇਸ਼ਨ ਦੇ ਵਿੱਚ ਹਰ ਪੱਖੋਂ ਏਕਤਾ ਦਾ ਬਣਿਆ ਰਹਿਣਾ ਬਹੁਤ ਜਰੂਰੀ ਹੈ।

ਭਾਈ ਕਰਨੈਲ ਸਿੰਘ ਪੀਰ ਮੁਹੰਮਦ ਹੁਣਾਂ ਨੇ ਭਾਈ ਹਰਿਮੰਦਰ ਸਿੰਘ ਗਿੱਲ ਹੁਣਾਂ ਦੇ ਨਾਲ ਮਿਲ ਕੇ ਫੈਡਰੇਸ਼ਨ ਨੂੰ ਪੂਰੀ ਮਜਬੂਤੀ ਦਿੱਤੀ ਅਤੇ ਬੁਲੰਦੀਆਂ ਤੱਕ ਲਿਜਾਣ ਦੇ ਲਈ ਅਣਥਕ ਸੇਵਾ ਨਿਭਾਈ।

ਸਾਲ 1999 ਦੇ ਦੌਰਾਨ ਜਦੋਂ ਖਾਲਸਾ ਪੰਥ, ਖਾਲਸਾ ਸਾਜਣਾ ਦਿਹਾੜੇ ਦੀ 300 ਵੀ ਸ਼ਤਾਬਦੀ ਮਨਾ ਰਿਹਾ ਸੀ, ਉਸ ਵਕਤ, ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਨੇ ਗੁਰੂ ਗ੍ਰੰਥ ਸਾਹਿਬ ਮਹਾਰਾਜ ਦੀ ਅਗਵਾਹੀ ਹੇਠ, ਸਰਦਾਰ ਹਰਮਿੰਦਰ ਸਿੰਘ ਗਿੱਲ ਅਤੇ ਸਰਦਾਰ ਕਰਨੈਲ ਸਿੰਘ ਪੀਰਮੁਹੰਮਦ ਦੀ ਰਹਿਨੁਮਾਈ ਅਤੇ ਮਹੰਤ ਮਨਜੀਤ ਸਿੰਘ ਦੇ ਯੋਗ ਪ੍ਰਬੰਧਾਂ ਅਧੀਨ, ਜੰਮੂ ਤੋਂ ਸ੍ਰੀ ਅਨੰਦਪੁਰ ਸਾਹਿਬ ਤੱਕ ਖਾਲਸਾ ਮਾਰਚ ਕੱਢਿਆ। ਜੰਮੂ ਕਸ਼ਮੀਰ ਦੇ ਉਸ ਵਕਤ ਦੇ ਮੁੱਖ ਮੰਤਰੀ ਫ਼ਾਰੂਕ. ਅਬਦੁਲਾ, ਖਾਲਸਾ ਮਾਰਚ ਨਾਲ ਮਾਧੋਪੁਰ ਤਕ ਆਏ।

ਇਸ ਦੇ ਵਿੱਚ ਲੱਖਾਂ ਦੀ ਗਿਣਤੀ ਦੇ ਵਿੱਚ ਸੰਗਤਾਂ ਨੇ ਸ਼ਾਮਿਲ ਹੋ ਕੇ ਇਸ ਨਗਰ ਕੀਰਤਨ ਦਾ ਆਨੰਦ ਮਾਣਿਆ।

ਸਾਲ 1999 ਦੇ ਦੌਰਾਨ ਸਰਦਾਰ ਕਰਨੈਲ ਸਿੰਘ ਪੀਰ ਮੁਹੰਮਦ ਹੁਣਾਂ ਨੂੰ ਜਦੋਂ ਆਲ ਇੰਡੀਆ ਸਿੱਖ ਸਟੂਡੈਂਟ ਫੈਡਰੇਸ਼ਨ ਦੇ ਪ੍ਰਧਾਨ ਹੋਣ ਦਾ ਮੁਬਾਰਕ ਮੌਕਾ ਮਿਲਿਆ ਤਾਂ ਆਪ ਜੀ ਦੀ ਯੋਗ ਅਗਵਾਈ ਹੇਠ ਇਕ ਪਾਸੇ ਜਿੱਥੇ ਫੈਡਰੇਸ਼ਨ ਨੂੰ ਇੱਕ ਵਾਰੀ ਫੇਰ ਉਹੀ ਪੁਰਾਤਨ ਸਮੇਂ ਵਾਲੀ ਮਜਬੂਤੀ ਮਿਲੀ ਉਥੇ ਇਕ ਵਾਰੀ ਫੇਰ ਉਸੇ ਹੀ ਫੈਡਰੇਸ਼ਨ ਦੇ ਅਸਲ ਮਕਸਦ ਦੇ ਨਾਲ ਸਿੱਖ ਵਿਦਿਆਰਥੀਆਂ ਨੇ ਮਾਂ ਬੋਲੀ ਪੰਜਾਬੀ ਦੀ ਸੇਵਾ ਪੱਖੋਂ ਅਤੇ ਧਰਮ ਦੀ ਪ੍ਰਫੁੱਲਤਾ ਪੱਖੋਂ ਬੜੀ ਤੇਜ਼ੀ ਦੇ ਨਾਲ ਕਦਮ ਅਗਾਂ ਵਧਾਏ। ਪੀਰਮੁਹੰਮਦ ਹੁਣਾਂ ਦੀ ਪ੍ਰਧਾਨਗੀ ਦੇ ਸਮੇਂ ਦੇ ਦੌਰਾਨ ਅਨੇਕਾਂ ਹੀ ਫੈਡਰੇਸ਼ਨ ਦੇ ਕੈਂਪ ਲਗਾਏ ਗਏ ਅਤੇ ਪੰਥਕ ਕਾਰਜਾਂ ਦੇ ਵਿੱਚ ਫ਼ੈਡਰੇਸ਼ਨ ਨੇ ਵੱਧ ਚੜ ਕੇ ਹਿੱਸਾ ਪਾਇਆ।

ਸਾਲ 2007 ਦੇ ਦੌਰਾਨ ਸਰਦਾਰ ਕਰਨੈਲ ਸਿੰਘ ਪੀਰ ਮੁਹੰਮਦ ਹੁਣਾਂ ਨੇ 1984 ਦੇ ਸਿੱਖਾਂ ਦੀ ਨਸਲ ਕੁਸ਼ੀ ਦੇ ਪੀੜਤਾਂ ਦੇ ਲਈ ਇਨਸਾਫ ਲੈਣ ਦੇ ਲਈ ਇੱਕ ਦਸਤਖਤ ਮੁਹਮ ਚਲਾਈ ਜੋ ਕਿ ਸ੍ਰੀ ਅਕਾਲ ਤਖਤ ਸਾਹਿਬ ਤੋਂ ਅਰਦਾਸ ਕਰਕੇ ਸ਼ੁਰੂ ਕੀਤੀ ਗਈ। ਇਹ ਮੁਹਿੰਮ ਆਪਣੇ ਆਪ ਦੇ ਵਿੱਚ ਇਕ ਅਜਿਹੀ ਮੁਹਿੰਮ ਸੀ ਜਿਸਦਾ ਸਿਰਫ ਪੰਜਾਬ ਜਾਂ ਭਾਰਤ ਵਿੱਚ ਹੀ ਨਹੀਂ ਸਗੋਂ ਵਿਦੇਸ਼ਾਂ ਦੇ ਵਿੱਚ ਵੀ ਸਿੱਖਾਂ ਵੱਲੋਂ ਭਰਵਾਂ ਹੁੰਗਾਰਾ ਮਿਲਿਆ।

29 ਅਪ੍ਰੈਲ 2013 ਵਾਲੇ ਦਿਨ ਜਦੋਂ ਦਿੱਲੀ ਦੀ ਕੜਕੜਡੂਮਾ ਅਦਾਲਤ ਦੇ ਜ਼ਿਲ੍ਹਾ ਜੱਜ ਜੇ. ਆਰ. ਆਰੀਅਨ ਨੇ ਸਿੱਖਾਂ ਦੇ ਕਥਿਤ ਕਾਤਲ ਸੱਜਣ ਕੁਮਾਰ ਦੇ ਨਾਲ ਨਿਰਮਾਈ ਦਿਖਾਂਦੇ ਹੋਇਆਂ ਉਸ ਨੂੰ ਬਰੀ ਕਰਨ ਦੇ ਹੁਕਮ ਦਿੱਤੇ ਤਾਂ ਸਰਦਾਰ ਕਰਨੈਲ ਸਿੰਘ ਪੀਰ ਮੁਹੰਮਦ ਨੇ ਰੋਸ ਵਜੋਂ, ਜੁੱਤੀ ਲਾਹ ਕੇ ਜੱਜ ਵੱਲ ਵਗਾਹ ਮਾਰੀ। ਦਿੱਲੀ ਪੁਲਿਸ ਵੱਲੋਂ ਉਹਨਾਂ ਨੂੰ ਉਸੇ ਵਕਤ ਗ੍ਰਿਫਤਾਰ ਕਰ ਲਿਆ ਗਿਆ ਅਤੇ ਦਿੱਲੀ ਦੀ ਤਿਹਾੜ ਜੇਲ ਦੇ ਵਿੱਚ ਭੇਜ ਦਿੱਤਾ ਗਿਆ।।

ਮੌਜੂਦਾ ਵਕਤ ਦੇ ਵਿੱਚ ਭਾਈ ਕਵਰਚੜਤ ਸਿੰਘ, ਪ੍ਰਧਾਨ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ, ਜਥੇਬੰਦੀ ਦੀ ਅਗਵਾਹੀ ਕਰਦਿਆਂ ਹੋਇਆਂ ਆਪਣੀ ਤਨਦੇਹੀ ਦੇ ਨਾਲ ਸੇਵਾਵਾਂ ਨਿਭਾ ਰਹੇ ਹਨ।

ਅੱਜ ਦੇ ਦਿਨ ਭਾਵ 13 ਸਤੰਬਰ 2026 ਵਾਲੀ ਸਵੇਰ, 10 ਵਜੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਸਾਬਕਾ ਪ੍ਰਧਾਨ ਸਰਦਾਰ ਕਰਨੈਲ ਸਿੰਘ ਪੀਰਮੁਹਮਦ ਅਤੇ ਫੈਡਰੇਸ਼ਨ ਦੇ ਪ੍ਰਧਾਨ ਕਵਰਚੜਤ ਸਿੰਘ ਇਕੱਠੇ ਹੋ ਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਨਮੁਖ, ਬੰਦੀ ਸਿੰਘਾਂ ਦੀ ਰਿਹਾਈ , ਪੰਥਕ ਏਕਤਾ, ਪੰਥ ਦੀ ਚੜ੍ਹਦੀ ਕਲਾ ਵਾਸਤੇ ਅਰਦਾਸ ਬੇਨਤੀ ਕਰਨ ਜਾ ਰਹੇ ਹਨ। ਇਸ ਦੇ ਨਾਲ ਹੀ ਪੀਰ ਮੁਹੰਮਦ ਹੁਣਾਂ ਨੇ ਦੱਸਿਆ ਹੈ ਕਿ ਫੈਡਰੇਸ਼ਨ ਵੱਲੋਂ ਪੰਥਕ ਸ਼ਖਸ਼ੀਅਤਾਂ ਦਾ ਵਿਸ਼ੇਸ਼ ਸਨਮਾਨ ਕੀਤਾ ਜਾਵੇਗਾ। ਅੰਤ ਵਿੱਚ, ਜੂਨ 1984 ਵਿਚ ਜਦੋਂ ਅਪਰੇਸ਼ਨ ਬਲਿਊ ਸਟਾਰ ਦੇ ਨਾਂ ਹੇਠ ਇੰਦਰਾ ਗਾਂਧੀ ਨੇ ਹਿੰਦੂਸਤਾਨ ਦੀਆਂ ਫੌਜਾਂ ਰਾਹੀਂ ਸ੍ਰੀ ਦਰਬਾਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਪੰਜਾਬ ਦੇ ਹੋਰ ਅਨੇਕਾਂ ਗੁਰਦੁਆਰਾ ਅਸਥਾਨਾਂ ਤੇ ਟੈਂਕ ਚਾੜ ਕੇ ਸਿੱਖਾਂ ਦੇ ਹਿਰਦੇ ਵਲੂੰਧਰ ਕੇ ਰੱਖ ਦਿੱਤੇ ਤਾਂ ਫੈਡਰੇਸ਼ਨ ਨੇ ਆਪਣੇ ਨਾਂ ਨਾਲੋ "ਆਲ ਇੰਡੀਆ" ਸ਼ਬਦ ਨੂੰ ਹਟਾ ਦਿੱਤਾ ਸੀ।

(ਆਲ ਇੰਡੀਆ ਸਿਖ ਸਟੂਡੈਂਟ ਫੈਡਰੇਸ਼ਨ ਦੇ ਸਾਬਕਾ ਪ੍ਰਧਾਨ ਸਰਦਾਰ ਕਰਨੈਲ ਸਿੰਘ ਪੀਰ ਮੁਹੰਮਦ ਅਤੇ ਸਾਬਕਾ ਸੀਨੀਅਰ ਮੀਤ ਪ੍ਰਧਾਨ ਸਰਦਾਰ ਕਮਲਜੀਤ ਸਿੰਘ ਬਿੱਟਾ ਹੁਣਾਂ ਦੇ ਧੰਨਵਾਦ ਸਹਿਤ ਮਿਲੀ ਜਾਣਕਾਰੀ ਉੱਪਰ ਆਧਾਰਿਤ)

**ਭੁੱਲਾਂ ਦੀ ਖਿਮਾ:**

**ਗੁਰਦੀਪ ਸਿੰਘ ਜਗਬੀਰ (ਡਾ.)**

### 9/11 ਦੀ 25ਵੀਂ ਬਰਸੀ ਮੌਕੇ

# ਵਰਲਡ ਸਿੱਖ ਪਾਰਲੀਮੈਂਟ ਵੱਲੋਂ ਵਿਛੜੀਆਂ ਰੂਹਾਂ ਨੂੰ ਸ਼ਰਧਾਂਜਲੀ





**ਨਿਊਯਾਰਕ, 12 ਸਤੰਬਰ (ਸਰਬਜੀਤ ਸਿੰਘ ਬਨੂੜ)**-ਅਮਰੀਕਾ ਵਿੱਚ 11 ਸਤੰਬਰ 2001 ਨੂੰ ਹੋਏ ਭਿਆਨਕ ਅੱਤਵਾਦੀ ਹਮਲਿਆਂ ਦੀ 25ਵੀਂ ਬਰਸੀ ਮੌਕੇ ਵਰਲਡ ਸਿੱਖ ਪਾਰਲੀਮੈਂਟ ਵੱਲੋਂ ਹਮਲਿਆਂ ਵਿੱਚ ਮਾਰੇ ਗਏ 2,977 ਨਿਰਦੋਸ਼ ਲੋਕਾਂ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਉਨ੍ਹਾਂ ਦੀ ਯਾਦ ਵਿੱਚ ਅਰਦਾਸ ਕੀਤੀ ਗਈ। ਇਸ ਮੌਕੇ 9/11 ਤੋਂ ਬਾਅਦ ਪੈਦਾ ਹੋਈ ਨਸਲੀ ਨਫ਼ਰਤ ਅਤੇ ਹਿੰਸਾ ਦਾ ਸ਼ਿਕਾਰ ਹੋਏ ਸਿੱਖ-ਅਮਰੀਕੀ ਬਲਬੀਰ ਸਿੰਘ ਸੋਢੀ ਸਮੇਤ ਹੋਰ ਪੀੜਤਾਂ ਨੂੰ ਵੀ ਯਾਦ ਕੀਤਾ ਗਿਆ। ਵਰਲਡ ਸਿੱਖ ਪਾਰਲੀਮੈਂਟ ਨੇ ਕਿਹਾ ਕਿ ਨਿਊਯਾਰਕ ਦੇ ਵਰਲਡ ਟਰੇਡ ਸੈਂਟਰ, ਪੈਂਟਾਗਨ ਅਤੇ ਪੈਨਸਿਲਵੇਨੀਆ ਵਿੱਚ ਹੋਏ ਹਮਲਿਆਂ ਦਾ ਦਰਦ 25 ਸਾਲ ਬਾਅਦ ਵੀ ਪੀੜਤ ਪਰਿਵਾਰਾਂ ਅਤੇ ਅਮਰੀਕੀ ਸਮਾਜ ਦੀਆਂ ਯਾਦਾਂ ਵਿੱਚ ਤਾਜ਼ਾ ਹੈ। ਜਥੇਬੰਦੀ ਨੇ ਕਿਹਾ ਕਿ 9/11 ਤੋਂ ਬਾਅਦ ਅਮਰੀਕਾ ਵਿੱਚ ਸਿੱਖਾਂ, ਮੁਸਲਮਾਨਾਂ ਅਤੇ ਹੋਰ ਦੱਖਣੀ ਏਸ਼ੀਆਈ ਭਾਈਚਾਰਿਆਂ ਨੂੰ ਪਛਾਣ ਦੇ ਭੁਲੇਖੇ ਅਤੇ ਨਸਲੀ ਨਫ਼ਰਤ ਕਾਰਨ ਹਿੰਸਕ ਹਮਲਿਆਂ ਦਾ ਸਾਹਮਣਾ ਕਰਨਾ ਪਿਆ। ਇਸ ਦੀ ਸਭ ਤੋਂ ਦਰਦਨਾਕ ਮਿਸਾਲ ਬਲਬੀਰ ਸਿੰਘ ਸੋਢੀ ਸਨ, ਜਿਨ੍ਹਾਂ ਨੂੰ 15 ਸਤੰਬਰ 2001 ਨੂੰ ਮੇਸਾ, ਐਰੀਜ਼ੋਨਾ ਵਿਖੇ ਉਨ੍ਹਾਂ ਦੇ ਗੈਸ ਸਟੇਸ਼ਨ ਦੇ ਬਾਹਰ ਗੋਲੀਆਂ ਮਾਰ ਕੇ ਕਤਲ ਕਰ ਦਿੱਤਾ ਗਿਆ ਸੀ। ਵਰਲਡ ਸਿੱਖ ਪਾਰਲੀਮੈਂਟ ਨੇ ਕਿਹਾ ਕਿ ਕਿਸੇ ਵਿਅਕਤੀ ਦੇ ਕੰਮਾਂ ਲਈ ਉਸ ਦੇ ਧਰਮ, ਦਸਤਾਰ, ਨਸਲ, ਰੰਗ, ਨਾਮ ਜਾਂ ਸਮੁੱਚੇ ਭਾਈਚਾਰੇ ਨੂੰ ਨਿਸ਼ਾਨਾ ਬਣਾਉਣਾ ਬਰਾਬਰੀ, ਧਾਰਮਿਕ ਆਜ਼ਾਦੀ ਅਤੇ ਮਨੁੱਖੀ ਮਰਿਆਦਾ ਦੇ ਸਿਧਾਂਤਾਂ ਦੇ ਵਿਰੁੱਧ ਹੈ। ਜਥੇਬੰਦੀ ਨੇ ਇਸੇ ਪ੍ਰਸੰਗ ਵਿੱਚ ਹਾਲ ਹੀ ਵਿੱਚ ਅਮਰੀਕੀ Department of Homeland Security ਦੇ ਅਧਿਕਾਰਤ ਸੋਸ਼ਲ ਮੀਡੀਆ ਖਾਤੇ 'ਤੇ ਪਾਈ ਗਈ ਇੱਕ 19-ਤਿਆਰ ਤਸਵੀਰ ਅਤੇ ਉਸ ਵਿੱਚ 'Mr. Singh" ਨੂੰ ਨਿਸ਼ਾਨਾ ਬਣਾਉਂਦੀ ਭਾਸ਼ਾ ਦਾ ਵੀ ਜ਼ਿਕਰ ਕੀਤਾ। ਬਿਆਨ ਮੁਤਾਬਕ ਇਸ ਪੋਸਟ ਨੂੰ ਲੈ ਕੇ ਸਿੱਖ ਅਤੇ ਹੋਰ ਭਾਈਚਾਰਿਆਂ ਵੱਲੋਂ ਚਿੰਤਾ ਤੇ ਆਲੋਚਨਾ ਪ੍ਰਗਟ ਕੀਤੀ ਗਈ ਅਤੇ ਬਾਅਦ ਵਿੱਚ ਪੋਸਟ ਹਟਾ ਦਿੱਤੀ ਗਈ। ਜਥੇਬੰਦੀ ਨੇ ਕਿਹਾ ਕਿ ਅਜਿਹੀਆਂ ਘਟਨਾਵਾਂ ਸਿੱਖ ਪਛਾਣ ਬਾਰੇ ਜਾਗਰੂਕਤਾ ਵਧਾਉਣ ਦੀ ਲੋੜ ਨੂੰ ਮੁੜ ਉਜਾਗਰ ਕਰਦੀਆਂ ਹਨ। ਵਰਲਡ ਸਿੱਖ ਪਾਰਲੀਮੈਂਟ ਨੇ ਕਿਹਾ ਕਿ ਸਿੱਖ-ਅਮਰੀਕੀ ਡਾਕਟਰਾਂ, ਇੰਜੀਨੀਅਰਾਂ, ਫੌਜੀ ਸੇਵਾਵਾਂ, ਪੁਲਸ ਅਤੇ ਕਾਨੂੰਨ-ਵਿਵਸਥਾ, ਟਰਾਂਸਪੋਰਟੇਸ਼ਨ, ਖੇਤੀਬਾੜੀ, ਕਾਰੋਬਾਰ ਅਤੇ ਹੋਰ ਅਨੇਕਾਂ ਖੇਤਰਾਂ ਵਿੱਚ ਆਪਣੀਆਂ ਸੇਵਾਵਾਂ ਰਾਹੀਂ ਅਮਰੀਕੀ ਸਮਾਜ ਦੀ ਤਰੱਕੀ ਵਿੱਚ ਯੋਗਦਾਨ ਪਾ ਰਹੇ ਹਨ। ਇਸ ਤੋਂ ਇਲਾਵਾ ਹੜ੍ਹਾਂ, ਤੂਫ਼ਾਨਾਂ, ਹਰੀਕੇਨਾਂ ਅਤੇ ਹੋਰ ਕੁਦਰਤੀ ਆਫ਼ਤਾਂ ਦੌਰਾਨ ਸਿੱਖ ਸੰਸਥਾਵਾਂ ਅਤੇ ਗੁਰਦੁਆਰਾ ਸਾਹਿਬਾਨ ਵੱਲੋਂ ਧਰਮ, ਨਸਲ ਜਾਂ ਰੰਗ ਦੇ ਭੇਦਭਾਵ ਤੋਂ ਬਿਨਾਂ ਲੰਗਰ ਅਤੇ ਮਨੁੱਖੀ ਸਹਾਇਤਾ ਮੁਹੱਈਆ ਕਰਵਾਉਣ ਦਾ ਵੀ ਜ਼ਿਕਰ ਕੀਤਾ ਗਿਆ। ਜਥੇਬੰਦੀ ਨੇ ਕਿਹਾ ਕਿ ਸੇਵਾ, ਬਰਾਬਰੀ ਅਤੇ ਸਰਬੱਤ ਦਾ ਭਲਾ ਸਿੱਖੀ ਦੇ ਬੁਨਿਆਦੀ ਸਿਧਾਂਤ ਹਨ। ਵਰਲਡ ਸਿੱਖ ਪਾਰਲੀਮੈਂਟ ਨੇ ਕਿਹਾ ਕਿ ਦਸਤਾਰ ਸਿੱਖਾਂ ਦੀ ਧਾਰਮਿਕ ਪਛਾਣ, ਸਨਮਾਨ ਅਤੇ ਜ਼ਿੰਮੇਵਾਰੀ ਦਾ ਪ੍ਰਤੀਕ ਹੈ ਅਤੇ ਸਿੱਖ ਭਾਈਚਾਰਾ ਆਪਣੀ ਪਛਾਣ ਬਾਰੇ ਜਾਗਰੂਕਤਾ ਵਧਾਉਣ ਦੇ ਯਤਨ ਜਾਰੀ ਰੱਖੇਗਾ, ਤਾਂ ਜੋ ਕਿਸੇ ਨੂੰ ਉਸ ਦੀ ਦਸਤਾਰ, ਦਾੜ੍ਹੀ, ਨਾਮ ਜਾਂ ਧਾਰਮਿਕ ਪਛਾਣ ਕਾਰਨ ਨਫ਼ਰਤ ਜਾਂ ਵਿਤਕਰੇ ਦਾ ਸਾਹਮਣਾ ਨਾ ਕਰਨਾ ਪਵੇ।

**ਬਲਬੀਰ ਸਿੰਘ ਸੋਢੀ ਸਮੇਤ ਨਸਲੀ ਨਫ਼ਰਤ ਦੇ ਸ਼ਿਕਾਰ ਲੋਕਾਂ ਨੂੰ ਕੀਤਾ ਯਾਦ, ਅੱਤਵਾਦ ਤੇ ਨਸਲਵਾਦ ਵਿਰੁੱਧ ਇਕਜੁੱਟ ਹੋਣ ਦਾ ਸੱਦਾ**

ਆਵਾਜ਼ਿ ਕੌਮ AWAZE QAUM International Newspaper & WEB TV

# ਬੱਚਿਆਂ ਨੂੰ ਜਿਨਸੀ ਅਪਰਾਧਾਂ ਅਤੇ ਸੁਰੱਖਿਆ ਐਕਟ, 2012 ਵਿਸ਼ੇਸ਼ ਜਾਣਕਾਰੀ ਦਿੱਤੀ ਗਈ

**ਬਰਨਾਲਾ, 12 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਬੱਚਿਆਂ ਨੂੰ ਜਿਨਸੀ ਅਪਰਾਧਾਂ ਤੋਂ ਸੁਰੱਖਿਆ ਐਕਟ, 2012 (POCSO) ਸਬੰਧੀ ਜਾਗਰੂਕਤਾ ਪੈਦਾ ਕਰਨ ਅਤੇ ਅਧਿਆਪਕਾਂ ਨੂੰ ਬੱਚਿਆਂ ਦੀ ਸੁਰੱਖਿਆ ਨਾਲ ਜੁੜੇ ਕਾਨੂੰਨੀ ਅਤੇ ਸਮਾਜਿਕ ਪੱਖਾਂ ਬਾਰੇ ਜਾਣਕਾਰੀ ਦੇਣ ਦੇ ਉਦੇਸ਼ ਨਾਲ ਟੰਡਨ ਇੰਟਰਨੈਸ਼ਨਲ ਸਕੂਲ ਵਿਖੇ ਅਧਿਆਪਕਾਂ ਲਈ ਇੱਕ ਵਿਸ਼ੇਸ਼ ਟ੍ਰੇਨਿੰਗ ਸੈਸ਼ਨ ਦਾ ਆਯੋਜਨ ਕੀਤਾ ਗਿਆ। ਇਸ ਵਿਸ਼ੇਸ਼ ਟ੍ਰੇਨਿੰਗ ਸੈਸ਼ਨ ਵਿੱਚ ਮਿਸ ਉਰਵਸ਼ੀ ਭਾਟੀਆ ਵਿਸ਼ੇਸ਼ ਤੌਰ 'ਤੇ ਪਹੁੰਚੇ ਅਤੇ ਉਨ੍ਹਾਂ ਵੱਲੋਂ ਸਕੂਲ ਦੇ ਸਮੂਹ ਅਧਿਆਪਕਾਂ ਨੂੰ ਬਾਰੇ ਵਿਸਥਾਰਪੂਰਵਕ ਜਾਣਕਾਰੀ ਪ੍ਰਦਾਨ ਕੀਤੀ ਗਈ ।ਸੈਸ਼ਨ ਦੌਰਾਨ ਬੱਚਿਆਂ ਦੀ ਸੁਰੱਖਿਆ, ਉਨ੍ਹਾਂ ਦੇ ਅਧਿਕਾਰਾਂ, ਸੁਰੱਖਿਅਤ ਅਤੇ ਅਸੁਰੱਖਿਅਤ ਵਿਹਾਰ ਦੀ ਪਛਾਣ, ਬੱਚਿਆਂ ਨਾਲ ਸੰਵੇਦਨਸ਼ੀਲ ਢੰਗ ਨਾਲ ਗੱਲਬਾਤ ਕਰਨ ਅਤੇ ਕਿਸੇ ਵੀ ਚਿੰਤਾਜਨਕ ਸਥਿਤੀ ਨੂੰ ਸਮਝਦਾਰੀ ਨਾਲ ਸੰਭਾਲਣ ਸਬੰਧੀ ਮਹੱਤਵਪੂਰਨ ਜਾਣਕਾਰੀ ਸਾਂਝੀ ਕੀਤੀ ਗਈ ।ਮੈਡਮ ਉਰਵਸ਼ੀ ਭਾਟੀਆ ਨੇ ਅਧਿਆਪਕਾਂ ਨੂੰ ਸਮਝਾਇਆ ਕਿ ਸਕੂਲ ਵਿੱਚ ਬੱਚਿਆਂ ਲਈ ਇੱਕ ਸੁਰੱਖਿਅਤ, ਸਨਮਾਨਪੂਰਵਕ ਅਤੇ ਭਰੋਸੇਮੰਦ ਵਾਤਾਵਰਣ ਬਣਾਉਣਾ ਸਿਰਫ਼ ਸਕੂਲ ਪ੍ਰਬੰਧਨ ਦੀ ਹੀ ਨਹੀਂ, ਸਗੋਂ ਹਰ ਅਧਿਆਪਕ ਦੀ ਵੀ ਮਹੱਤਵਪੂਰਨ ਜ਼ਿੰਮੇਵਾਰੀ ਹੈ ।ਉਨ੍ਹਾਂ ਨੇ ਅਧਿਆਪਕਾਂ ਨੂੰ ਬੱਚਿਆਂ ਦੀਆਂ ਗੱਲਾਂ ਨੂੰ ਧਿਆਨ ਨਾਲ ਸੁਣਨ, ਉਨ੍ਹਾਂ ਦੀਆਂ ਭਾਵਨਾਵਾਂ ਨੂੰ ਸਮਝਣ ਅਤੇ ਕਿਸੇ ਵੀ ਚਿੰਤਾਜਨਕ ਸੰਕੇਤ ਨੂੰ ਗੰਭੀਰਤਾ ਨਾਲ ਲੈਣ ਦੀ ਮਹੱਤਤਾ ਬਾਰੇ ਜਾਣੂ ਕਰਵਾਇਆ। ਇਸ ਮੌਕੇ ਸਕੂਲ ਦੇ ਸਮੂਹ ਅਧਿਆਪਕਾਂ ਨੇ ਬੜੇ ਉਤਸ਼ਾਹ ਅਤੇ ਗੰਭੀਰਤਾ ਨਾਲ ਟ੍ਰੇਨਿੰਗ ਸੈਸ਼ਨ ਵਿੱਚ ਭਾਗ ਲਿਆ। ਅਧਿਆਪਕਾਂ ਵੱਲੋਂ ਸੈਸ਼ਨ ਦੌਰਾਨ ਆਪਣੇ ਸਵਾਲ ਵੀ ਸਾਂਝੇ ਕੀਤੇ ਗਏ, ਜਿਨ੍ਹਾਂ ਦੇ ਮਿਸ ਉਰਵਸ਼ੀ ਭਾਟੀਆ ਵੱਲੋਂ ਵਿਸਥਾਰਪੂਰਵਕ ਜਵਾਬ ਦਿੱਤੇ ਗਏ ।ਸਕੂਲ ਦੀ ਪ੍ਰਿੰਸੀਪਲ ਸ਼ਾਲਨੀ ਕੌਸ਼ਲ ਜੀ ਨੇ ਕਿਹਾ ਕਿ ਬੱਚਿਆਂ ਦੀ ਸੁਰੱਖਿਆ ਅਤੇ ਉਨ੍ਹਾਂ ਦੇ ਅਧਿਕਾਰਾਂ ਦੀ ਰੱਖਿਆ ਸਾਡੀ ਸਭ ਤੋਂ ਵੱਡੀ ਜ਼ਿੰਮੇਵਾਰੀ ਹੈ ।ਉਨ੍ਹਾਂ ਕਿਹਾ ਕਿ ਅਧਿਆਪਕ ਬੱਚਿਆਂ ਦੇ ਬਹੁਤ ਨੇੜੇ ਰਹਿੰਦੇ ਹਨ, ਇਸ ਲਈ ਉਨ੍ਹਾਂ ਲਈ ਅਜਿਹੀ ਟ੍ਰੇਨਿੰਗ ਬਹੁਤ ਜ਼ਰੂਰੀ ਹੈ, ਜਿਸ ਨਾਲ ਉਹ ਬੱਚਿਆਂ ਦੀਆਂ ਜ਼ਰੂਰਤਾਂ ਅਤੇ ਸੁਰੱਖਿਆ ਸਬੰਧੀ ਮਾਮਲਿਆਂ ਨੂੰ ਹੋਰ ਬਿਹਤਰ ਢੰਗ ਨਾਲ ਸਮਝ ਸਕਣ। ਸਕੂਲ ਦੇ ਐਮ ਡੀ ਸ਼ਿਵ ਸਿੰਗਲਾ ਜੀ ਨੇ ਕਿਹਾ ਕਿ ਬੱਚੇ ਸਾਡੇ ਦੇਸ਼ ਦਾ ਭਵਿੱਖ ਹਨ ਅਤੇ ਉਨ੍ਹਾਂ ਦੀ ਸੁਰੱਖਿਆ, ਸਨਮਾਨ ਅਤੇ ਅਧਿਕਾਰਾਂ ਦੀ ਰੱਖਿਆ ਕਰਨਾ ਸਾਡੇ ਸਾਰਿਆਂ ਦਾ ਸਾਂਝਾ ਫਰਜ਼ ਹੈ ।ਉਨ੍ਹਾਂ ਕਿਹਾ ਕਿ ਇੱਕ ਆਧੁਨਿਕ ਸਕੂਲ ਸਿਰਫ਼ ਚੰਗੀ ਸਿੱਖਿਆ ਅਤੇ ਆਧੁਨਿਕ ਸਹੂਲਤਾਂ ਤੱਕ ਸੀਮਿਤ ਨਹੀਂ ਹੁੰਦਾ, ਬਲਕਿ ਬੱਚਿਆਂ ਲਈ ਸੁਰੱਖਿਅਤ ਅਤੇ ਮੁੱਲਾਂ ਅਧਾਰਿਤ ਵਾਤਾਵਰਣ ਤਿਆਰ ਕਰਨਾ ਵੀ ਉਸ ਦੀ ਮਹੱਤਵਪੂਰਨ ਜ਼ਿੰਮੇਵਾਰੀ ਹੈ। ਸ਼ਿਵ ਸਿੰਗਲਾ ਜੀ ਨੇ ਕਿਹਾ ਕਿ ਅਧਿਆਪਕਾਂ ਦੀ ਲਗਾਤਾਰ ਟ੍ਰੇਨਿੰਗ ਅਤੇ ਉਨ੍ਹਾਂ ਦੇ ਗਿਆਨ ਵਿੱਚ ਵਾਧਾ ਸਕੂਲ ਦੀ ਸਿੱਖਿਆ ਪ੍ਰਣਾਲੀ ਨੂੰ ਹੋਰ ਮਜ਼ਬੂਤ ਬਣਾਉਂਦਾ ਹੈ ।ਸੈਸ਼ਨ ਦੇ ਅੰਤ ਵਿੱਚ ਸਕੂਲ ਪ੍ਰਬੰਧਨ ਵੱਲੋਂ ਮੈਡਮ ਉਰਵਸ਼ੀ ਭਾਟੀਆ ਜੀ ਦਾ ਵਿਸ਼ੇਸ਼ ਧੰਨਵਾਦ ਕੀਤਾ ਗਿਆ ਅਤੇ ਭਵਿੱਖ ਵਿੱਚ ਵੀ ਅਧਿਆਪਕਾਂ ਅਤੇ ਵਿਦਿਆਰਥੀਆਂ ਦੀ ਜਾਗਰੂਕਤਾ ਅਤੇ ਸੁਰੱਖਿਆ ਲਈ ਅਜਿਹੇ ਜਾਣਕਾਰੀ ਭਰਪੂਰ ਪ੍ਰੋਗਰਾਮ ਕਰਵਾਉਣ ਦਾ ਸੰਕਲਪ ਪ੍ਰਗਟਾਇਆ ਗਿਆ ।ਇਹ ਟ੍ਰੇਨਿੰਗ ਸੈਸ਼ਨ ਸਮੂਹ ਅਧਿਆਪਕਾਂ ਲਈ ਗਿਆਨਵਰਧਕ, ਜਾਗਰੂਕਤਾ ਭਰਪੂਰ ਅਤੇ ਬਹੁਤ ਹੀ ਲਾਭਦਾਇਕ ਰਿਹਾ।

# ਰਾਸ਼ਟਰੀ ਲੋਕ ਅਦਾਲਤ ਅੰਮ੍ਰਿਤਸਰ ਵਿੱਚ 35,031 ਮਾਮਲਿਆਂ ਦਾ ਨਿਪਟਾਰਾ, ਲਗਭਗ 99.80 ਕਰੋੜ ਦੀ ਰਿਕਵਰੀ/ਸਮਝੌਤਾ ਰਕਮ ਨਾਲ ਇਤਿਹਾਸਕ ਸਫਲਤਾ



**ਜੰਡਿਆਲਾ ਗੁਰੂ , 12 ਸਤੰਬਰ ( ਕੁਲਵੰਤ ਸਿੰਘ ਵਿਰਦੀ )**-ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐੱਸ.ਏ.ਐੱਸ. ਨਗਰ ਦੇ ਦਿਸ਼ਾ-ਨਿਰਦੇਸ਼ਾਂ ਅਤੇ ਮਾਰਗਦਰਸ਼ਨ ਹੇਠ ਜ਼ਿਲ੍ਹਾ ਅੰਮ੍ਰਿਤਸਰ ਵਿੱਚ 12 ਸਤੰਬਰ, 2026 ਨੂੰ ਰਾਸ਼ਟਰੀ ਲੋਕ ਅਦਾਲਤ ਦਾ ਸਫਲ ਆਯੋਜਨ ਕੀਤਾ ਗਿਆ। ਇਸ ਲੋਕ ਅਦਾਲਤ ਦਾ ਆਯੋਜਨ ਮਾਣਯੋਗ ਸ੍ਰੀਮਤੀ ਜਤਿੰਦਰ ਕੌਰ, ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਪਰਸਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਅੰਮ੍ਰਿਤਸਰ ਦੀ ਅਗਵਾਈ ਹੇਠ ਕੀਤਾ ਗਿਆ। ਲੋਕ ਅਦਾਲਤ ਦਾ ਮੁੱਖ ਉਦੇਸ਼ ਲੋਕਾਂ ਨੂੰ ਤੇਜ਼, ਸਸਤਾ ਅਤੇ ਆਪਸੀ ਸਹਿਮਤੀ ਨਾਲ ਨਿਆਂ ਪ੍ਰਦਾਨ ਕਰਨਾ ਸੀ ।ਇਸ ਰਾਸ਼ਟਰੀ ਲੋਕ ਅਦਾਲਤ ਵਿੱਚ ਸ਼੍ਰੀ ਪਰਿੰਦਰ ਸਿੰਘ, ਵਧੀਕ ਜ਼ਿਲ੍ਹਾ ਅਤੇ ਸੈਸ਼ਨ ਜੱਜ; ਸ਼੍ਰੀ ਮਹੇਸ਼ ਕੁਮਾਰ ਸ਼ਰਮਾ, ਵਧੀਕ ਜ਼ਿਲ੍ਹਾ ਅਤੇ ਸੈਸ਼ਨ ਜੱਜ; ਸ੍ਰੀਮਤੀ ਅਮਨ ਸ਼ਰਮਾ, ਵਧੀਕ ਪ੍ਰਿੰਸੀਪਲ ਜੱਜ, ਪਰਿਵਾਰ ਅਦਾਲਤ; ਅਤੇ ਸ੍ਰੀਮਤੀ ਰਾਜਵਿੰਦਰ ਕੌਰ, ਵਧੀਕ ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਪ੍ਰੀਜ਼ਾਈਡਿੰਗ ਅਫ਼ਸਰ, ਉਦਯੋਗਿਕ ਟ੍ਰਿਬਿਊਨਲ ਵੱਲੋਂ ਬੈਂਚਾਂ ਦੀ ਪ੍ਰਧਾਨਗੀ ਕੀਤੀ ਗਈ। ਇਸ ਤੋਂ ਇਲਾਵਾ ਜ਼ਿਲ੍ਹਾ ਅਦਾਲਤ ਅੰਮ੍ਰਿਤਸਰ ਵਿਖੇ 22 ਲੋਕ ਅਦਾਲਤ ਬੈਂਚਾਂ, ਬਾਬਾ ਬਕਾਲਾ ਸਾਹਿਬ ਵਿਖੇ 2 ਬੈਂਚਾਂ ਅਤੇ ਅਜਨਾਲਾ ਵਿਖੇ 3 ਬੈਂਚਾਂ ਦਾ ਗਠਨ ਕੀਤਾ ਗਿਆ, ਜਿਸ ਨਾਲ ਜ਼ਿਲ੍ਹੇ ਦੇ ਵੱਧ ਤੋਂ ਵੱਧ ਲੋਕਾਂ ਨੂੰ ਇਸ ਦਾ ਲਾਭ ਮਿਲ ਸਕਿਆ ।ਰਾਸ਼ਟਰੀ ਲੋਕ ਅਦਾਲਤ ਦੀ ਸਫਲਤਾ ਵਿੱਚ ਸ਼੍ਰੀ ਅਮਰਦੀਪ ਸਿੰਘ ਬੈਂਸ, ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਅੰਮ੍ਰਿਤਸਰ ਵੱਲੋਂ ਕੀਤੀ ਗਈ ਸੁਚੱਜੀ ਯੋਜਨਾਬੰਦੀ, ਤਾਲਮੇਲ ਅਤੇ ਨਿਰੰਤਰ ਯਤਨਾਂ ਦੀ ਅਹਿਮ ਭੂਮਿਕਾ ਰਹੀ। ਇਸ ਮੌਕੇ ਸਮੂਹ ਨਿਆਂਇਕ ਅਧਿਕਾਰੀਆਂ, ਵਕੀਲ ਭਾਈਚਾਰੇ, ਬੈਂਕਾਂ, ਬੀਮਾ ਕੰਪਨੀਆਂ, ਵੱਖ-ਵੱਖ ਸਰਕਾਰੀ ਵਿਭਾਗਾਂ, ਅਦਾਲਤੀ ਅਮਲੇ, ਪੈਰਾ ਲੀਗਲ ਵਲੰਟੀਅਰਾਂ ਅਤੇ ਮੁਕੱਦਮੇਬਾਜ਼ਾਂ ਦੇ ਸਹਿਯੋਗ ਸਦਕਾ ਇਹ ਲੋਕ ਅਦਾਲਤ ਬਹੁਤ ਹੀ ਸਫਲ ਰਹੀ ।ਰਾਸ਼ਟਰੀ ਲੋਕ ਅਦਾਲਤ ਦੌਰਾਨ ਕੁੱਲ 38,247 ਕੇਸਾਂ ਨੂੰ ਸੁਣਵਾਈ ਲਈ ਰੱਖਿਆ ਗਿਆ, ਜਿਨ੍ਹਾਂ ਵਿੱਚੋਂ 35,031 ਕੇਸਾਂ ਦਾ ਆਪਸੀ ਸਹਿਮਤੀ ਨਾਲ ਨਿਪਟਾਰਾ ਕੀਤਾ ਗਿਆ। ਇਨ੍ਹਾਂ ਕੇਸਾਂ ਵਿੱਚ ਕੁੱਲ ?99,80,22,793/- (ਨੜਾਨਵੇਂ ਕਰੋੜ ਅੱਸੀ ਲੱਖ ਬਾਈ ਹਜ਼ਾਰ ਸੱਤ ਸੌ ਤਿਰਾਨਵੇਂ ਰੁਪਏ) ਦੀ ਸਮਝੌਤਾ ਰਕਮ/ਰਿਕਵਰੀ ਹੋਈ। ਇਨ੍ਹਾਂ ਵਿੱਚੋਂ 34,816 ਪ੍ਰੀ-ਲਿਟੀਗੇਸ਼ਨ ਮਾਮਲਿਆਂ ਵਿੱਚੋਂ 32,843 ਮਾਮਲਿਆਂ ਦਾ ਨਿਪਟਾਰਾ ਕਰਕੇ ?79,07,95,600/- ਦੀ ਰਕਮ ਦਾ ਸਮਝੌਤਾ ਹੋਇਆ, ਜਦਕਿ 3,431 ਲੰਬਿਤ ਅਦਾਲਤੀ ਕੇਸਾਂ ਵਿੱਚੋਂ 2,188 ਕੇਸਾਂ ਦਾ ਨਿਪਟਾਰਾ ਕਰਕੇ ?20,72,27,193/- ਦੀ ਰਕਮ ਦਾ ਸਮਝੌਤਾ ਹੋਇਆ ।ਰਾਸ਼ਟਰੀ ਲੋਕ ਅਦਾਲਤ ਦੌਰਾਨ ਵੱਖ-ਵੱਖ ਸ਼੍ਰੇਣੀਆਂ ਦੇ ਕੇਸਾਂ ਦਾ ਵੱਡੇ ਪੱਧਰ 'ਤੇ ਨਿਪਟਾਰਾ ਕੀਤਾ ਗਿਆ। ਬੈਂਕ ਰਿਕਵਰੀ ਨਾਲ ਸਬੰਧਤ 9,826 ਕੇਸਾਂ ਦਾ ਨਿਪਟਾਰਾ ਕਰਕੇ ?73,38,63,838/- ਦੀ ਰਿਕਵਰੀ ਕੀਤੀ ਗਈ। ਵਿੱਤੀ ਮਾਮਲਿਆਂ (ਲੋਨ ਰਿਕਵਰੀ ਅਤੇ ਐਨ.ਪੀ.ਏ.) ਦੇ 2,803 ਕੇਸਾਂ ਵਿੱਚ ?11,13,62,780/- ਦੀ ਰਕਮ ਦਾ ਸਮਝੌਤਾ ਹੋਇਆ ।ਪਰਕਰਾਮੀ ਲਿਖਤ ਐਕਟ ਦੀ ਧਾਰਾ 138 ਨਾਲ ਸਬੰਧਤ 363 ਕੇਸਾਂ ਵਿੱਚ ?10,51,85,696/- ਦੀ ਰਿਕਵਰੀ ਹੋਈ। ਇਸੇ ਤਰ੍ਹਾਂ ਮੋਟਰ ਦੁਰਘਟਨਾ ਕਲੇਮਾਂ ਦੇ 10 ਕੇਸਾਂ ਵਿੱਚ ?1,53,20,000/- ਦਾ ਮੁਆਵਜ਼ਾ ਦਿੱਤਾ ਗਿਆ। ਇਸ ਤੋਂ ਇਲਾਵਾ 361 ਦੀਵਾਨੀ ਕੇਸ, 1,972 ਫੌਜਦਾਰੀ ਸਮਝੌਤਾ ਯੋਗ ਕੇਸ, 798 ਟ੍ਰੈਫਿਕ ਚਲਾਨ, 50 ਮਜ਼ਦੂਰੀ ਵਿਵਾਦ, 9 ਖਪਤਕਾਰ ਮਾਮਲੇ ਅਤੇ ਹਜ਼ਾਰਾਂ ਮਾਲ ਵਿਭਾਗ ਨਾਲ ਸਬੰਧਤ ਮਾਮਲਿਆਂ ਦਾ ਵੀ ਨਿਪਟਾਰਾ ਕੀਤਾ ਗਿਆ ।ਇਸ ਰਾਸ਼ਟਰੀ ਲੋਕ ਅਦਾਲਤ ਦੌਰਾਨ ਕਈ ਪ੍ਰੇਰਣਾਦਾਇਕ ਸਫਲਤਾ ਕਹਾਣੀਆਂ ਸਾਹਮਣੇ ਆਈਆਂ। ਸ਼੍ਰੀ ਅਮਨਦੀਪ ਸਿੰਘ ਘੁੰਮਣ, ਜੁਡੀਸ਼ੀਅਲ ਮੈਜਿਸਟਰੇਟ ਪਹਿਲੀ ਸ਼੍ਰੇਣੀ, ਅੰਮ੍ਰਿਤਸਰ ਦੀ ਅਦਾਲਤ ਵਿੱਚ "♦☨✪➡▲✫ × ♥⬅✪➢ 2▲✪⬆ ਬਨਾਮ ♥⬅✡✡⬅ 1☛✤☛▲" ਸਿਰਲੇਖ ਵਾਲਾ ਲਗਭਗ ?60,00,000/- ਦਾ ਲੰਬੇ ਸਮੇਂ ਤੋਂ ਚੱਲ ਰਿਹਾ ਲੋਨ ਵਿਵਾਦ ਆਪਸੀ ਸਹਿਮਤੀ ਨਾਲ ਨਿਪਟਾਇਆ ਗਿਆ। ਅਦਾਲਤ ਵੱਲੋਂ ਕੀਤੇ ਗਏ ਲਗਾਤਾਰ ਸੁਲਾਹ-ਸਫ਼ਾਈ ਦੇ ਯਤਨਾਂ ਅਤੇ ਦੋਵੇਂ ਧਿਰਾਂ ਦੇ ਵਕੀਲਾਂ ਦੇ ਸਹਿਯੋਗ ਨਾਲ ਸ਼ਿਕਾਇਤਕਰਤਾ ਨੇ ਆਪਣੀ ਸ਼ਿਕਾਇਤ ਵਾਪਸ ਲੈ ਲਈ ਅਤੇ ਲੰਬੇ ਸਮੇਂ ਤੋਂ ਚੱਲ ਰਹੇ ਮੁਕੱਦਮੇ ਦਾ ਅੰਤ ਹੋਇਆ ।ਇਸੇ ਤਰ੍ਹਾਂ ਸ਼੍ਰੀ ਕਰਨ ਅਗਰਵਾਲ, ਜੁਡੀਸ਼ੀਅਲ ਮੈਜਿਸਟਰੇਟ ਪਹਿਲੀ ਸ਼੍ਰੇਣੀ, ਅੰਮ੍ਰਿਤਸਰ ਦੀ ਅਦਾਲਤ ਵਿੱਚ ਇੱਕ ਪ੍ਰੀ-ਲਿਟੀਗੇਸ਼ਨ ਮਾਮਲੇ ਵਿੱਚ ਇੱਕ ਕਿਸਾਨ ਨੇ ਪਸ਼ੂ ਪਾਲਣ ਲਈ ?1,60,000/- ਦਾ ਕਿਸਾਨ ਕ੍ਰੈਡਿਟ ਕਾਰਡ (™33) ਲੋਨ ਲਿਆ ਸੀ। ਸਾਲ 2024 ਵਿੱਚ ਪੰਜਾਬ ਵਿੱਚ ਆਏ ਹੜ੍ਹਾਂ ਕਾਰਨ ਉਸਦੇ ਪਸ਼ੂਆਂ ਦੀ ਮੌਤ ਹੋ ਗਈ ਅਤੇ ਉਹ ਆਰਥਿਕ ਤੌਰ 'ਤੇ ਬਹੁਤ ਪ੍ਰਭਾਵਿਤ ਹੋਇਆ। ਲੋਕ ਅਦਾਲਤ ਵਿੱਚ ਹੋਈ ਗੱਲਬਾਤ ਦੌਰਾਨ ਬੈਂਕ ਨੇ ਮਨੁੱਖਤਾ ਦੇ ਆਧਾਰ 'ਤੇ ਕੇਵਲ ?56,000/- ਵਿੱਚ ਪੂਰੇ ਲੋਨ ਦਾ ਸਮਝੌਤਾ ਕਰ ਲਿਆ, ਜਿਸ ਨਾਲ ਕਰਜ਼ਦਾਰ ਨੂੰ ਵੱਡੀ ਰਾਹਤ ਮਿਲੀ ।ਸ੍ਰੀਮਤੀ ਜੈਸਮੀਨ, ਸਿਵਲ ਜੱਜ (ਜੂਨੀਅਰ ਡਿਵੀਜ਼ਨ), ਅੰਮ੍ਰਿਤਸਰ ਦੀ ਅਦਾਲਤ ਵਿੱਚ ਸਾਲ 2018 ਤੋਂ ਲੰਬਿਤ ਦੀਵਾਨੀ ਮੁਕੱਦਮਾ "1✡⬅☨ 4⬅⬇▲↰▲☛⬅ ਬਨਾਮ ♥☨✪⬅⬇ ™✫☨☛▲✪▲ ਅਤੇ ਹੋਰ" ਆਪਸੀ ਸਮਝੌਤੇ ਨਾਲ ਨਿਪਟਾਇਆ ਗਿਆ। ਅੱਠ ਸਾਲ ਤੋਂ ਵੱਧ ਸਮੇਂ ਤੋਂ ਚੱਲ ਰਹੇ ਇਸ ਵਿਵਾਦ ਦਾ ਅੰਤ ਲੋਕ ਅਦਾਲਤ ਰਾਹੀਂ ਹੋਇਆ ।ਇਸੇ ਤਰ੍ਹਾਂ ਸ਼੍ਰੀ ਸਪਰਸ਼ ਪੁਰੀ, ਸਿਵਲ ਜੱਜ (ਜੂਨੀਅਰ ਡਿਵੀਜ਼ਨ)-ਕਮ-ਜੁਡੀਸ਼ੀਅਲ ਮੈਜਿਸਟਰੇਟ ਪਹਿਲੀ ਸ਼੍ਰੇਣੀ, ਅੰਮ੍ਰਿਤਸਰ ਦੀ ਅਦਾਲਤ ਨੇ ?13,15,894/- ਦੀ ਰਕਮ ਵਾਲੇ ਮਾਮਲਿਆਂ ਦਾ ਸਮਝੌਤਾ ਕਰਵਾ ਕੇ ਲੋਕ ਅਦਾਲਤ ਪ੍ਰਣਾਲੀ 'ਤੇ ਲੋਕਾਂ ਦੇ ਵਧਦੇ ਭਰੋਸੇ ਨੂੰ ਹੋਰ ਮਜ਼ਬੂਤ ਕੀਤਾ। ਰਾਸ਼ਟਰੀ ਲੋਕ ਅਦਾਲਤ ਦੀ ਇੱਕ ਬਹੁਤ ਹੀ ਸੰਵੇਦਨਸ਼ੀਲ ਅਤੇ ਮਨੁੱਖੀ ਪੱਖ ਨੂੰ ਦਰਸਾਉਂਦੀ ਸਫਲਤਾ ਮੋਟਰ ਦੁਰਘਟਨਾ ਦਾਅਵਾ ਕੇਸ ($13") ਵਿੱਚ ਸਾਹਮਣੇ ਆਈ, ਜਿਸ ਦੀ ਸੁਣਵਾਈ ਸ੍ਰੀਮਤੀ ਜਤਿੰਦਰ ਕੌਰ, ਜ਼ਿਲ੍ਹਾ ਅਤੇ ਸੈਸ਼ਨ ਜੱਜ, ਅੰਮ੍ਰਿਤਸਰ ਦੀ ਅਗਵਾਈ ਵਾਲੇ ਬੈਂਚ ਵੱਲੋਂ ਕੀਤੀ ਗਈ। ਇਹ ਮਾਮਲਾ ਬਟਾਲਾ ਨਾਲ ਸਬੰਧਤ ਇੱਕ ਸਕੂਲ ਬੱਸ ਦੀ ਦੁਰਘਟਨਾ ਨਾਲ ਜੁੜਿਆ ਹੋਇਆ ਸੀ, ਜਿਸ ਵਿੱਚ ਇੱਕ ਔਰਤ ਦੇ ਪਤੀ ਦੀ ਮੌਤ ਹੋ ਗਈ ਸੀ ਅਤੇ ਦੁਰਘਟਨਾ ਦੌਰਾਨ ਲੱਗੀਆਂ ਸੱਟਾਂ ਕਾਰਨ ਉਸ ਦੇ ਗਰਭ ਵਿੱਚ ਪਲ ਰਹੇ ਅਣਜੰਮੇ ਬੱਚੇ ਦੀ ਵੀ ਮੌਤ ਹੋ ਗਈ। ਲੋਕ ਅਦਾਲਤ ਵਿੱਚ ਆਪਸੀ ਸਹਿਮਤੀ ਨਾਲ ਇਸ ਮਾਮਲੇ ਦਾ ਨਿਪਟਾਰਾ ਕਰਦਿਆਂ ਪੀੜਤ ਵਿਧਵਾ ਨੂੰ ਕੁੱਲ ?10,00,000/- ਦਾ ਮੁਆਵਜ਼ਾ ਦਿੱਤਾ ਗਿਆ, ਜਿਸ ਵਿੱਚੋਂ ?8,00,000/- ਪਤੀ ਦੀ ਮੌਤ ਅਤੇ ?2,00,000/- ਗਰਭ ਵਿੱਚ ਪਲ ਰਹੇ ਅਣਜੰਮੇ ਬੱਚੇ ਦੀ ਮੌਤ ਲਈ ਦਿੱਤੇ ਗਏ। ਸਮਝੌਤੇ ਉਪਰੰਤ ਮੌਕੇ 'ਤੇ ਹੀ ਬੈਂਚ ਵੱਲੋਂ ਮੁਆਵਜ਼ੇ ਦੇ ਚੈੱਕ ਪੀੜਤਾ ਨੂੰ ਸੌਂਪੇ ਗਏ, ਜਿਸ ਨਾਲ ਉਸ ਨੂੰ ਤੁਰੰਤ ਆਰਥਿਕ ਸਹਾਇਤਾ ਪ੍ਰਾਪਤ ਹੋਈ ਅਤੇ ਲੰਬੀ ਅਦਾਲਤੀ ਕਾਰਵਾਈ ਤੋਂ ਰਾਹਤ ਮਿਲੀ ।ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਅੰਮ੍ਰਿਤਸਰ ਨੇ ਇਸ ਰਾਸ਼ਟਰੀ ਲੋਕ ਅਦਾਲਤ ਦੀ ਸਫਲਤਾ ਲਈ ਸਮੂਹ ਨਿਆਂਇਕ ਅਧਿਕਾਰੀਆਂ, ਵਕੀਲ ਭਾਈਚਾਰੇ, ਬੈਂਕਾਂ, ਬੀਮਾ ਕੰਪਨੀਆਂ, ਸਰਕਾਰੀ ਵਿਭਾਗਾਂ, ਅਦਾਲਤੀ ਅਮਲੇ, ਪੈਰਾ ਲੀਗਲ ਵਲੰਟੀਅਰਾਂ ਅਤੇ ਸਮੂਹ ਮੁਕੱਦਮੇਬਾਜ਼ਾਂ ਦਾ ਧੰਨਵਾਦ ਕੀਤਾ। ਅਥਾਰਟੀ ਨੇ ਇਹ ਵੀ ਦੁਹਰਾਇਆ ਕਿ ਲੋਕ ਅਦਾਲਤਾਂ ਲੋਕਾਂ ਨੂੰ ਤੇਜ਼, ਸਸਤਾ ਅਤੇ ਸੁਲਭ ਨਿਆਂ ਪ੍ਰਦਾਨ ਕਰਨ ਦਾ ਸਭ ਤੋਂ ਪ੍ਰਭਾਵਸ਼ਾਲੀ ਸਾਧਨ ਹਨ ਅਤੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਭਵਿੱਖ ਵਿੱਚ ਵੀ ਲੋਕ ਅਦਾਲਤਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243